Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 111 Chief Editor : Chowdhary Prabhjit Singh, Editor : Chhatarpal Singh 98146-32807, Friday 16 October 2026 Price : 2 Rs. Page : 6

# ਪੰਜਾਬ ਬੰਦ ਨੂੰ ਭਰਵਾ ਹੁੰਗਾਰਾ, ਵੱਖ ਵੱਖ ਜਥੇਬੰਦੀਆਂ ਵੱਲੋਂ ਸੜਕਾਂ ਤੇ ਮੁਜ਼ਾਹਰੇ ਅਤੇ ਅਰਥੀ ਫੂਕ ਰੋਸ ਵਿਖਾਵਾ

## 'ਪੰਜਾਬ ਬੰਦ' ਦੌਰਾਨ ਬਾਜ਼ਾਰ ਅਤੇ ਸਕੂਲ ਬੰਦ; ਸੜਕਾਂ ਜਾਮ







**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਬੰਦ ਦੇ ਸੱਦੇ 'ਤੇ ਵੱਖ-ਵੱਖ ਸ਼ਹਿਰਾਂ ਵਿੱਚ ਅਸਰ ਦੇਖਣ ਨੂੰ ਮਿਲਿਆ ਅਤੇ ਮੁੱਖ ਬਾਜ਼ਾਰਾਂ ਵਿੱਚ ਦੁਕਾਨਾਂ ਬੰਦ ਰਹੀਆਂ ਅਤੇ ਨਿੱਜੀ ਸਕੂਲਾਂ ਵਿੱਚ ਛੁੱਟੀ ਰਹੀ। ਸਵੇਰੇ ਸਕੂਲ ਵੈਨਾਂ ਵੀ ਨਹੀਂ ਚੱਲੀਆਂ। ਹਾਲਾਂਕਿ ਸਰਕਾਰੀ ਅਤੇ ਨਿੱਜੀ ਬੱਸਾਂ ਦੀ ਆਵਾਜਾਈ ਜਾਰੀ ਰਹੀ, ਪਰ ਬੰਦ ਦੇ ਸੱਦੇ ਦੇ ਮੱਦੇਨਜ਼ਰ ਲੋਕਾਂ ਨੇ ਘਰਾਂ ਤੋਂ ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ, ਜਿਸ ਕਾਰਨ ਸੜਕਾਂ 'ਤੇ ਆਮ ਦਿਨਾਂ ਦੇ ਮੁਕਾਬਲੇ ਸਵਾਰੀਆਂ ਦੀ ਗਿਣਤੀ ਘੱਟ ਰਹੀ। ਬੰਦ ਦੇ ਬਾਵਜੂਦ ਮਜ਼ਦੂਰ ਵਰਗ ਆਪਣੇ ਰੋਜ਼ਾਨਾ ਦੇ ਕੰਮਾਂ-ਕਾਰਾਂ ਲਈ ਘਰਾਂ ਤੋਂ ਬਾਹਰ ਨਿਕਲਿਆ। ਰੋਜ਼ੀ-ਰੋਟੀ ਲਈ ਕੰਮ 'ਤੇ ਜਾਣ ਵਾਲੇ ਮਜ਼ਦੂਰਾਂ ਦੀ ਆਵਾਜਾਈ ਜਾਰੀ ਰਹੀ, ਜਦਕਿ ਬਾਜ਼ਾਰਾਂ ਵਿੱਚ ਦੁਕਾਨਾਂ ਬੰਦ ਹੋਣ ਕਾਰਨ ਕਾਰੋਬਾਰੀ ਸਰਗਰਮੀਆਂ ਪ੍ਰਭਾਵਿਤ ਹੋਈਆਂ। ਮੈਡੀਕਲ ਦੀਆਂ ਦੁਕਾਨਾ ਖੁੱਲੀਆਂ ਦੇਖੀਆਂ ਗਈਆਂ। ਬਠਿੰਡਾ ਬਸ ਅੱਡੇ ਨੇੜੇ ਤਰਨਾ ਦਲ ਦੇ ਨਹਿਗਾਂ ਵਲੋਂ ਧਰਨਾ ਦੇਣ ਦੀ ਕੋਸ਼ਿਸ਼ ਕੀਤੀ ਪਰ ਪੁਲੀਸ ਨੇ ਉਨ੍ਹਾਂ ਨੂੰ ਰਾਊਂਡ ਅੱਪ ਕਰ ਲਿਆ ਨਿੱਜੀ ਸਕੂਲ ਬੰਦ ਰਹਿਣ ਕਾਰਨ ਵਿਦਿਅਕ ਸਰਗਰਮੀਆਂ ਠੱਪ ਰਹੀਆਂ ਅਤੇ ਸਵੇਰੇ ਸਕੂਲ ਵੈਨਾਂ ਨਾ ਚੱਲਣ ਕਾਰਨ ਵਿਦਿਆਰਥੀਆਂ ਦੀ ਆਵਾਜਾਈ ਵੀ ਪ੍ਰਭਾਵਿਤ ਹੋਈ। ਦੂਜੇ ਪਾਸੇ ਸਰਕਾਰੀ ਅਤੇ ਨਿੱਜੀ ਬੱਸਾਂ ਚੱਲਣ ਦੇ ਬਾਵਜੂਦ ਸਵਾਰੀਆਂ ਦੀ ਗਿਣਤੀ ਘੱਟ ਰਹੀ। ਬੰਦ ਦੇ ਸੱਦੇ ਕਾਰਨ ਲੋਕਾਂ ਨੇ ਗੈਰ-ਜ਼ਰੂਰੀ ਕੰਮਾਂ ਲਈ ਘਰਾਂ ਤੋਂ ਬਾਹਰ ਜਾਣ ਤੋਂ ਕੰਨੀ ਕਤਰਾਈ। ਇਸ ਤਰ੍ਹਾਂ ਬਠਿੰਡਾ ਵਿੱਚ ਬੰਦ ਦਾ ਅਸਰ ਮੁੱਖ ਤੌਰ 'ਤੇ ਬਾਜ਼ਾਰਾਂ, ਵਿਦਿਅਕ ਅਦਾਰਿਆਂ ਅਤੇ ਆਮ ਜਨਜੀਵਨ 'ਤੇ ਦੇਖਣ ਨੂੰ ਮਿਲਿਆ।ਪਰ ਬਾਅਦ ਵਿਚ ਦੁਕਾਨਾ ਖੁੱਲੀਆਂ ਵੀ ਦੇਖੀਆਂ ਗਈਆਂ।

**ਝੋਟੇ ਦੇ ਕਤਲ ਵਿਰੁੱਧ ਪੰਜਾਬ ਬੰਦ ਦੇ ਸੱਦੇ ਨੂੰ ਪੇਂਡੂ ਇਲਾਕਿਆਂ ਵਿੱਚ ਹੁੰਗਾਰਾ**

ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦਾ ਕਤਲ ਕੀਤੇ ਜਾਣ ਦੇ ਵਿਰੁੱਧ ਵੱਖ ਵੱਖ ਜਥੇਬੰਦੀਆਂ ਵੱਲੋਂ ਦਿੱਤੇ ਪੰਜਾਬ ਬੰਦ ਦੇ ਸੱਦੇ ਤਹਿਤ ਜਲੰਧਰ ਜ਼ਿਲ੍ਹੇ ਦੇ ਕਈ ਕਸਬਿਆਂ ਵਿੱਚ ਦੁਕਾਨਦਾਰਾਂ ਤੇ ਹੋਰ ਕਾਰੋਬਾਰ ਬੰਦ ਕੀਤੇ ਜਾ ਰਹੇ ਹਨ। ਜਲੰਧਰ ਸ਼ਹਿਰ ਸਮੇਤ ਨਾਲ ਲੱਗਦੇ ਇਲਾਕਿਆਂ ਵਿੱਚ ਬੰਦ ਦਾ ਅਸਰ ਦੇਖਣ ਨੂੰ ਮਿਲ ਰਿਹਾ ਹੈ। ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਬੰਦ ਦੇ ਸਮਰਥਨ ਵਿੱਚ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ।-ਪਾਲ ਸਿੰਘ ਨੌਲੀ

**ਮਾਨਸਾ ਸ਼ਹਿਰ ਲਗਾਤਾਰ ਤਿੰਨ ਦਿਨਾਂ ਤੋਂ ਬੰਦ**

ਐਂਟੀ ਡਰੱਗ ਟਾਸਕ ਫੋਰਸ ਦੇ ਪ੍ਰਮੁੱਖ ਆਗੂ ਪਰਵਿੰਦਰ ਸਿੰਘ ਝੋਟੇ ਦੇ ਕਤਲ ਤੋਂ ਬਾਅਦ ਲਗਾਤਾਰ ਤੀਸਰੇ ਦਿਨ ਅੱਜ ? ਮਾਨਸਾ ਸ਼ਹਿਰ ਪੂਰੀ ਤਰ੍ਹਾਂ ਬੰਦ ਹੈ। ਇਸ ਦੇ ਨਾਲ ਹੀ ਮਾਨਸਾ ਇਲਾਕੇ ਦੇ ਸਾਰੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਵੀ ਅੱਜ ਬੰਦ ਦੇ ਦਿੱਤੇ ਸੱਦੇ ਤਹਿਤ ਪੂਰਨ ਹੁੰਗਾਰਾ ਮਿਲਿਆ ਹੈ। ਪੂਰੇ ਪੰਜਾਬ ਬੰਦ ਦਾ ਇਹ ਸੱਦਾ ਮਾਨਸਾ ਵਿਖੇ ਬਣੀ ਪਰਵਿੰਦਰ ਸਿੰਘ ਝੋਟਾ ਨਮਿੱਤ ਬਣੀ 31 ?ਮੈਬਰੀਂ ਕਮੇਟੀ ਵਲੋਂ ਦਿੱਤਾ ਗਿਆ ਹੈ, ਜਿਸ ਵਿਚ ਪਰਵਿੰਦਰ ਸਿੰਘ ਝੋਟੇ ਦੇ ਪਿਤਾ ਭੀਮ ਸਿੰਘ ਫੌਜੀ ਵੀ ਸ਼ਾਮਲ ਹਨ। ਵੇਰਵਿਆਂ ਅਨੁਸਾਰ ਮਾਨਸਾ ਨੇੜੇ ਭੀਖੀ, ਬੁਢਲਾਡਾ,ਬਰੇਟਾ,ਬੋਹਾ, ਸਰਦੂਲਗੜ੍ਹ, ਝੁਨੀਰ ਪੂਰੀ ਤਰ੍ਹਾਂ ਬੰਦ ਵਿਖਾਈ ਦਿੱਤੇ ਹਨ। ਇਨ੍ਹਾਂ ਸ਼ਹਿਰਾਂ ਦੇ ਲੋਕਾਂ ਅਤੇ ਦੁਕਾਨਦਾਰਾਂ ਨੇ ਆਪਣੇ ਆਪ ਹੀ ਸਵੇਰੇ ਦੁਕਾਨਾਂ ਨਹੀਂ ਖੋਲੀਆਂ। ਇਨ੍ਹਾਂ ਸ਼ਹਿਰਾਂ ਵਿਚੋਂ ਲੰਘਣ ਵਾਲੀਆਂ ਸਾਰੀਆਂ ਪ੍ਰਾਈਵੇਟ ਅਤੇ ਬਹੁਤੀਆਂ ਸਰਕਾਰੀ ਬੱਸਾਂ ਵੀ ਬੰਦ ਹਨ। ਜ਼ਿਲ੍ਹੇ ਵਿਚਲੇ ਸਾਰੇ ਪ੍ਰਾਈਵੇਟ ਸਕੂਲਾਂ ਸਮੇਤ ਸਰਕਾਰੀ ਸਕੂਲਾਂ ਵਿਚ ਵੀ ਛੁੱਟੀ ਵਰਗੀ ਸਥਿਤੀ ਹੈ। ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਤੋਂ ਬਾਅਦ ਲਗਾਤਾਰ ਤਿੰਨ ਦਿਨਾਂ ਤੋਂ ਚੱਲ ਰਹੇ ਧਰਨੇ ਅੱਜ ਮੀਂਹ ਦੇ ਬਾਵਜੂਦ ਲੋਕਾਂ ਦਾ ਵੱਡੀ ਪੱਧਰ ਇੱਕਠ ਧਰਨੇ ਦੌਰਾਨ ਜੁੜਿਆ ਹੋਇਆ ਹੈ, ਹਾਲਾਂਕਿ ਭਾਰੀ ਮੀਂਹ ਨੇ ਇੱਕ ਵਾਰ ਧਰਨੇ ਵਾਲੀ ਥਾਂ ਨੂੰ ਜਲ ਥਲ ਕਰ ਦਿੱਤਾ ਸੀ। ਬਾਅਦ ਵਿਚ ਪ੍ਰਸ਼ਾਸਨ ਵੱਲੋਂ ਟਿਊਬਵੈਲਾਂ ਰਾਹੀਂ ਪਾਣੀ ਕਢਾਇਆ ਗਿਆ ਹੈ। ਮਾਨਸਾ ਦੇ ਐਸ ਐਸ ਪੀ ਵੈਭਵ ਚੌਧਰੀ ਨੇ ਦੱਸਿਆ ਕਿ ਪੁਲੀਸ ਪ੍ਰਸ਼ਾਸਨ ਨੇ ਅਮਨ ਸ਼ਾਂਤੀ ਲਈ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਹੋਏ ਹਨ। ਵੈਸੇ ਸ਼ਹਿਰ ਵਿਚ ਵੱਡੀ ਗਿਣਤੀ ਵਿਚ ਪੁਲੀਸ ਫੋਰਸ ਤਾਇਨਾਤ ਕੀਤੀ ਗਈ ਹੈ।-ਜੋਗਿੰਦਰ ਸਿੰਘ ਮਾਨ

**ਸਰਹੱਦੀ ਖੇਤਰ ਮੁਕੰਮਲ ਬੰਦ**

ਮਰਹੂਮ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ ਵਿੱਚ ਅੱਜ ਪੰਜਾਬ ਬੰਦ ਦੇ ਦਿੱਤੇ ਗਏ ਸੱਦੇ ਨੂੰ ਸਰਹੱਦੀ ਖੇਤਰ ਵਿੱਚ ਭਰਵਾਂ ਹੁੰਗਾਰਾ ਮਿਲਿਆ। ਇਸ ਦੌਰਾਨ ਭਿੱਖੀਵਿੰਡ, ਅਮਰਕੋਟ, ਵਲਟੋਹਾ ਅਤੇ ਅਲਗੋ ਕੋਠੀ ਸਮੇਤ ਇਲਾਕੇ ਦੇ ਵੱਖ-ਵੱਖ ਕਸਬਿਆਂ ਵਿੱਚ ਦੁਕਾਨਾਂ ਬੰਦ ਕਰਵਾਈਆਂ ਗਈਆਂ। ਸਵੇਰੇ ਕੁਝ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਖੋਲ੍ਹੀਆਂ ਗਈਆਂ ਸਨ, ਪਰ ਕਿਸਾਨ ਜਥੇਬੰਦੀ ਉਗਰਾਹਾਂ, ਅਕਾਲੀ ਦਲ ਵਾਰਿਸ ਪੰਜਾਬ ਅਤੇ ਹੋਰ ਜਥੇਬੰਦੀਆਂ ਦੇ ਕਾਰਕੁਨਾਂ ਨੇ ਬਾਜ਼ਾਰਾਂ ਵਿੱਚ ਪਹੁੰਚ ਕੇ ਦੁਕਾਨਾਂ ਬੰਦ ਕਰਵਾ ਦਿੱਤੀਆਂ। ਇਸ ਤੋਂ ਬਾਅਦ ਸਰਹੱਦੀ ਖੇਤਰ ਦੇ ਬਾਜ਼ਾਰਾਂ ਵਿੱਚ ਕਾਰੋਬਾਰੀ ਸਰਗਰਮੀਆਂ ਠੱਪ ਹੋ ਗਈਆਂ। ਇਸ ਮੌਕੇ ਐਂਟੀ ਡਰੱਗ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸਤਨਾਮ ਸਿੰਘ ਮਨਾਵਾਂ ਅਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੀ ਘਟਨਾ ਬੇਹੱਦ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਲੋਕਾਂ ਵਿੱਚ ਰੋਸ ਪੈਦਾ ਹੁੰਦਾ ਹੈ ਅਤੇ ਸਰਕਾਰ ਨੂੰ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਉਣ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਮੰਗ ਕੀਤੀ ਕਿ ਕਤਲ ਦੀ ਘਟਨਾ ਸਬੰਧੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ। ਬੰਦ ਦੇ ਸੱਦੇ ਕਾਰਨ ਭਿੱਖੀਵਿੰਡ, ਅਮਰਕੋਟ ਅਤੇ ਅਲਗੋ ਕੋਠੀ ਦੇ ਬਾਜ਼ਾਰਾਂ ਵਿੱਚ ਸੁੰਨ ਪਸਰੀ ਰਹੀ। ਜਥੇਬੰਦੀਆਂ ਦੇ ਕਾਰਕੁਨ ਵੱਖ-ਵੱਖ ਥਾਵਾਂ 'ਤੇ ਸਰਗਰਮ ਰਹੇ ਅਤੇ ਦੁਕਾਨਦਾਰਾਂ ਨੂੰ ਬੰਦ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। -ਰਣਬੀਰ ਸਿੰਘ

**ਬਰਨਾਲਾ ਦੇ ਦੁਕਾਨਦਾਰਾਂ ਵੱਲੋਂ ਪੰਜਾਬ ਬੰਦ ਦਾ ਸਮਰਥਨ, ਬਾਜ਼ਾਰ ਮੁਕੰਮਲ ਬੰਦ**

ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਘਟਨਾ ਦੇ ਵਿਰੋਧ ਵਿੱਚ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਬਰਨਾਲਾ ਵਿੱਚ ਭਰਵਾਂ ਸਮਰਥਨ ਮਿਲਿਆ। ਇਸ ਦੌਰਾਨ ਸ਼ਹਿਰ ਦੇ ਸਦਰ ਬਾਜ਼ਾਰ, ਫਰਵਾਹੀ ਬਾਜ਼ਾਰ, ਹੰਡਿਆਇਆ, ਐਸਡੀ ਕਾਲਜ ਇਲਾਕੇ ਅਤੇ ਬੱਸ ਸਟੈਂਡ ਸਮੇਤ ਵੱਖ-ਵੱਖ ਥਾਵਾਂ 'ਤੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਰੋਸ ਪ੍ਰਗਟਾਇਆ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਸ਼ਹਿਰ ਅੰਦਰ ਰੋਸ ਮਾਰਚ ਵੀ ਕੱਢਿਆ ਗਿਆ। ਪ੍ਰਦਰਸ਼ਨਕਾਰੀਆਂ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਵਾਉਣ ਅਤੇ ਇਸ ਵਾਰਦਾਤ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿਵਾਉਣ ਦੀ ਮੰਗ ਕੀਤੀ। ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਸ਼ਾਮਲ ਵਿਅਕਤੀਆਂ ਨੂੰ ਵੀ ਕਾਬੂ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਉਠਾਈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਨਸ਼ਿਆਂ ਦੇ ਕਾਰੋਬਾਰ 'ਤੇ ਨਕੇਲ ਕੱਸਣ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਦਮ ਚੁੱਕਣ ਦੀ ਲੋੜ ਹੈ। ਬਰਨਾਲਾ ਵਿੱਚ ਬੰਦ ਦੇ ਸੱਦੇ ਨੂੰ ਮਿਲੇ ਸਮਰਥਨ ਅਤੇ ਰੋਸ ਮਾਰਚ ਰਾਹੀਂ ਲੋਕਾਂ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਮੰਗ ਉਠਾਈ।

## ਪਾਕਿਸਤਾਨ: ਸਕੂਲ ਦੀ ਡਿੱਗੀ ਛੱਤ, 29 ਦੀ ਮੌਤ

**ਇਸਲਾਮਾਬਾਦ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੱਜ ਪਾਕਿਸਤਾਨ ਦੇ ਪਿਸ਼ਾਵਰ ਵਿਚ ਇਕ ਨਿੱਜੀ ਸਕੂਲ ਦੀ ਛੱਤ ਡਿੱਗਣ ਨਾਲ ਇਕ ਵੱਡਾ ਹਾਦਸਾ ਵਾਪਰਿਆ। ਇਸ ਦੁਖਦਾਈ ਘਟਨਾ ਵਿਚ 28 ਬੱਚਿਆਂ ਅਤੇ ਇਕ ਮਹਿਲਾ ਅਧਿਆਪਕਾ ਦੀ ਮੌਤ ਹੋ ਗਈ, ਜਦੋਂ ਕਿ 40 ਤੋਂ ਵੱਧ ਹੋਰ ਜ਼ਖਮੀ ਹੋ ਗਏ। ਇਹ ਘਟਨਾ ਖੈਬਰ ਪਖਤੂਨਖਵਾ ਸੂਬੇ ਦੀ ਰਾਜਧਾਨੀ ਪਿਸ਼ਾਵਰ ਦੇ ਦੀਰ ਕਲੋਨੀ ਖੇਤਰ ਵਿਚ ਵਾਪਰੀ। ਇਸ ਘਟਨਾ ਨਾਲ ਇਲਾਕੇ ਵਿਚ ਦਹਿਸ਼ਤ ਫੈਲ ਗਈ। ਬਚਾਅ ਟੀਮਾਂ ਮਲਬਾ ਹਟਾਉਣ ਅਤੇ ਮਲਬੇ ਹੇਠਾਂ ਦੱਬੇ ਬੱਚਿਆਂ ਅਤੇ ਸਕੂਲ ਸਟਾਫ਼ ਦੀ ਭਾਲ ਲਈ ਕੰਮ ਕਰ ਰਹੀਆਂ ਸਨ। ਪੁਲਿਸ ਨੇ ਸਕੂਲ ਮਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਹਾਦਸੇ ਵਿਚ ਮਰਨ ਵਾਲੇ 28 ਵਿਦਿਆਰਥੀਆਂ ਵਿਚੋਂ ਛੇ ਕੁੜੀਆਂ ਸ਼ਾਮਿਲ ਸਨ। ਇਕ ਮਹਿਲਾ ਅਧਿਆਪਕਾ ਦੀ ਵੀ ਮੌਤ ਹੋ ਗਈ। ਸਾਰੇ ਬੱਚੇ 13 ਸਾਲ ਜਾਂ ਇਸ ਤੋਂ ਘੱਟ ਉਮਰ ਦੇ ਸਨ। ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ, ਜਿਥੇ ਐਮਰਜੈਂਸੀ ਘੋਸ਼ਿਤ ਕਰ ਦਿੱਤੀ ਗਈ ਹੈ। ਹਸਪਤਾਲ ਪ੍ਰਸ਼ਾਸਨ ਜ਼ਖਮੀਆਂ ਨੂੰ ਜਲਦੀ ਤੋਂ ਜਲਦੀ ਸਭ ਤੋਂ ਵਧੀਆ ਇਲਾਜ ਪ੍ਰਦਾਨ ਕਰਨ ਲਈ ਕੰਮ ਕਰ ਰਿਹਾ ਹੈ। ਹਾਦਸੇ ਵਿਚ ਜ਼ਖਮੀਆਂ ਦੀ ਹਾਲਤ ਨੂੰ ਦੇਖਦੇ ਹੋਏ ਡਾਕਟਰੀ ਸੇਵਾਵਾਂ ਨੂੰ ਅਲਰਟ @ਤੇ ਰੱਖਿਆ ਗਿਆ ਹੈ। ਛੱਤ ਡਿੱਗਣ ਤੋਂ ਬਾਅਦ ਬਚਾਅ ਟੀਮਾਂ ਮੌਕੇ @ਤੇ ਪਹੁੰਚੀਆਂ ਅਤੇ ਮਲਬਾ ਸਾਫ਼ ਕਰਨਾ ਸ਼ੁਰੂ ਕਰ ਦਿੱਤਾ। ਟੀਮਾਂ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੀਆਂ ਹਨ ਕਿ ਕੋਈ ਵੀ ਬੱਚਾ ਜਾਂ ਸਕੂਲ ਸਟਾਫ ਮਲਬੇ ਹੇਠ ਨਾ ਫਸੇ। ਹਾਦਸੇ ਤੋਂ ਬਾਅਦ, ਮਲਬੇ ਹੇਠ ਫਸੇ ਲੋਕਾਂ ਨੂੰ ਜਲਦੀ ਤੋਂ ਜਲਦੀ ਬਚਾਉਣ ਲਈ ਰਾਹਤ ਅਤੇ ਬਚਾਅ ਕਾਰਜ ਤੇਜ਼ ਕਰ ਦਿੱਤੇ ਗਏ ਹਨ।




## ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਦੇ ਤਿੰਨ ਮੈਂਬਰ 10 ਪਿਸਤਲਾਂ ਸਮੇਤ ਕਾਬੂ

**ਮੁਹਾਲੀ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁਹਾਲੀ ਪੁਲਿਸ ਨੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਕੋਲੋਂ 10 ਨਾਜਾਇਜ਼ ਪਿਸਤਲ ਅਤੇ 20 ਜ਼ਿੰਦਾ ਰੌਂਦ ਬਰਾਮਦ ਕੀਤੇ ਹਨ। ਬਰਾਮਦ ਹਥਿਆਰਾਂ ਵਿਚ ਇਕ ਗਲੌਕ 9 ਐੱਮ.ਐੱਮ. ਪਿਸਟਲ, .30 ਬੋਰ ਦੇ ਚਾਰ ਅਤੇ .32 ਬੋਰ ਦੇ ਪੰਜ ਪਿਸਤੌਲ ਸ਼ਾਮਿਲ ਹਨ। ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਖਰੜ ਦੀ ਟੀਮ ਨੇ ਇੰਚਾਰਜ ਇੰਸਪੈਕਟਰ ਪਰਦੀਪ ਸਿੰਘ ਬਾਜਵਾ ਦੀ ਅਗਵਾਈ ਹੇਠ ਇਹ ਕਾਰਵਾਈ ਕੀਤੀ। ਪੁਲਿਸ ਅਨੁਸਾਰ ਮੁਲਜ਼ਮ ਸਸਤੇ ਭਾਅ 'ਤੇ ਮੱਧ ਪ੍ਰਦੇਸ਼ ਦੇ ਇੰਦੌਰ ਅਤੇ ਉੱਤਰ ਪ੍ਰਦੇਸ਼ ਦੇ ਇਲਾਕਿਆਂ ਤੋਂ ਨਾਜਾਇਜ਼ ਹਥਿਆਰ ਲਿਆ ਕੇ ਮੁਹਾਲੀ, ਖਰੜ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਮਹਿੰਗੇ ਭਾਅ 'ਤੇ ਸਪਲਾਈ ਕਰਦੇ ਸਨ। ਪੁਲਿਸ ਨੇ 13 ਅਕਤੂਬਰ ਨੂੰ ਸਚਿਨ ਉਰਫ਼ ਬੱਚੀ (23) ਵਾਸੀ ਹਿਸਾਰ, ਹਰਿਆਣਾ, ਹਾਲ ਵਾਸੀ ਕਾਸਾ ਹੋਮਜ਼, ਸੰਤੇ ਮਾਜਰਾ, ਖਰੜ ਨੂੰ ਗ੍ਰਿਫ਼ਤਾਰ ਕਰ ਕੇ ਉਸ ਕੋਲੋਂ ਦੋ ਪਿਸਤਲ ਅਤੇ ਦੋ ਜ਼ਿੰਦਾ ਰੌਂਦ ਬਰਾਮਦ ਕੀਤੇ ਸਨ।

ਪੁੱਛਗਿੱਛ ਦੌਰਾਨ ਸਾਹਮਣੇ ਆਏ ਉਸ ਦੇ ਸਾਥੀਆਂ ਮਹਿਕਦੀਪ ਸਿੰਘ ਉਰਫ਼ ਮਹਿਕ (21) ਵਾਸੀ ਫਤਿਹਗੜ੍ਹ ਸਾਹਿਬ ਅਤੇ ਹਰਮਨਪ੍ਰੀਤ ਸਿੰਘ ਉਰਫ਼ ਹਨੀ (29) ਵਾਸੀ ਮੋਗਾ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਅਨੁਸਾਰ ਮੁਲਜ਼ਮਾਂ ਵਲੋਂ ਵਰਤੀ ਜਾਂਦੀ ਸਕਾਰਪੀਓ ਗੱਡੀ ਵਿਚੋਂ ਵੀ ਦੋ ਨਾਜਾਇਜ਼ ਪਿਸਤੌਲ ਬਰਾਮਦ ਹੋਏ। ਪੁਲਿਸ ਅਨੁਸਾਰ ਮਹਿਕਦੀਪ ਸਿੰਘ ਫਤਿਹਗੜ੍ਹ ਸਾਹਿਬ ਥਾਣੇ ਵਿਚ ਦਰਜ ਇਰਾਦਾ ਕਤਲ ਦੇ ਇਕ ਮਾਮਲੇ ਵਿਚ ਭਗੌੜਾ ਸੀ। ਸਚਿਨ ਉਰਫ਼ ਬੱਚੀ ਖ਼ਿਲਾਫ਼ ਵੀ ਪਹਿਲਾਂ ਹਥਿਆਰਾਂ ਅਤੇ ਹੋਰ ਅਪਰਾਧਾਂ ਸੰਬੰਧੀ ਮਾਮਲੇ ਦਰਜ ਹਨ। ਪੁਲਿਸ ਨੇ ਦੱਸਿਆ ਕਿ ਸਚਿਨ ਦੇ ਸੰਬੰਧ ਕੀਰਤੀ ਮਾਨ ਨਾਲ ਵੀ ਸਨ, ਜਿਸ ਦਾ ਅਗਸਤ 2026 ਵਿਚ ਹਰਿਆਣਾ ਦੇ ਚਰਖੀ ਦਾਦਰੀ ਦੀ



## ਬਿਨਾਂ ਸੀਐੱਮ ਚਿਹਰੇ ਦੇ ਲੜੇਗੀ ਕਾਂਗਰਸ; ਪੰਜਾਬ ਵਿੱਚ 100 ਫੀਸਦੀ ਸਰਕਾਰ ਬਣਾਵਾਂਗੇ: ਪਾਇਲਟ

**ਨਵੀਂ ਦਿੱਲੀ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਦੀ ਪਾਰਟੀ ਪੰਜਾਬ ਵਿੱਚ 100 ਫੀਸਦੀ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਲੋਕ ਬਦਲਾਅ ਚਾਹੁੰਦੇ ਹਨ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਵਾਲੇ ਕਪਤਾਨ ਪਰਗਟ ਸਿੰਘ ਦੀ ਅਗਵਾਈ ਵਿੱਚ ਕਾਂਗਰਸ ਕੋਲ ਇੱਕ ਮਜ਼ਬੂਤ ਟੀਮ ਹੈ। ਪਿਛਲੇ ਮਹੀਨੇ ਪੰਜਾਬ ਦੇ ਏ ਆਈ ਸੀ ਸੀ ਜਨਰਲ ਸਕੱਤਰ ਇੰਚਾਰਜ ਵਜੋਂ ਅਹੁਦਾ ਸੰਭਾਲਣ ਵਾਲੇ ਪਾਇਲਟ ਨੇ ਸਪਸ਼ਟ ਕੀਤਾ ਕਿ ਸੂਬੇ ਵਿੱਚ ਪਾਰਟੀ ਦਾ ਕੋਈ ਮੁੱਖ ਮੰਤਰੀ ਚਿਹਰਾ ਨਹੀਂ ਹੋਵੇਗਾ ਅਤੇ ਸਾਰੇ ਆਗੂ ਇੱਕ ਟੀਮ ਵਜੋਂ ਇਕੱਠੇ ਮਿਲ ਕੇ ਲੜ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਜਿੱਤਣ ਤੋਂ ਬਾਅਦ ਪਾਰਟੀ ਵਰਕਰਾਂ, ਆਗੂਆਂ ਅਤੇ ਵਿਧਾਇਕਾਂ ਦੀ ਸਲਾਹ ਨਾਲ ਮੁੱਖ ਮੰਤਰੀ ਬਾਰੇ ਅੰਤਿਮ ਫੈਸਲਾ ਲਿਆ ਜਾਵੇਗਾ।



ਪਾਇਲਟ ਨੇ ਕਿਹਾ, ਪੰਜਾਬ ਨੇ ਅਕਾਲੀ ਦਲ-ਭਾਜਪਾ ਅਤੇ 'ਆਪ' ਦੀਆਂ ਸਰਕਾਰਾਂ ਦੇਖੀਆਂ ਹਨ, ਪਰ ਕਾਂਗਰਸ ਨੇ ਹੀ ਅਤਿਵਾਦ ਦਾ ਖ਼ਾਤਮਾ ਕੀਤਾ, ਵਿਕਾਸ ਕਰਵਾਇਆ ਅਤੇ ਨਿਵੇਸ਼ ਲਿਆਂਦਾ। ਉਨ੍ਹਾਂ ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਪਰਗਟ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਾਰੇ ਆਗੂਆਂ ਨੂੰ ਨਾਲ ਜੋੜਿਆ ਹੈ ਅਤੇ ਟੀਮ ਦੇ 11 ਖਿਡਾਰੀ ਬਹੁਤ ਮਜ਼ਬੂਤ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਕੋਲ ਪ੍ਰਤਾਪ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ, ਚਰਨਜੀਤ ਸਿੰਘ ਚੰਨੀ ਅਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਵਰਗੇ ਤਜ਼ਰਬੇਕਾਰ ਅਤੇ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਆਗੂ ਹਨ, ਜਿਸ ਨਾਲ ਉਨ੍ਹਾਂ ਦੀ ਟੀਮ ਕਾਫ਼ੀ ਮਜ਼ਬੂਤ ਹੈ।

ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਸੇਧਦਿਆਂ ਉਨ੍ਹਾਂ ਕਿਹਾ ਕਿ 'ਆਪ' ਸਿਰਫ਼ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਰਭਰ ਹੈ। ਉਨ੍ਹਾਂ ਦਾਅਵਾ ਕੀਤਾ ਕਿ 'ਆਪ' ਤੋਂ ਲੋਕਾਂ ਦਾ ਵਿਸ਼ਵਾਸ ਉੱਠ ਚੁੱਕਾ ਹੈ। ਭਾਜਪਾ ਬਾਰੇ ਗੱਲ ਕਰਦਿਆਂ ਪਾਇਲਟ ਨੇ ਕਿਹਾ ਕਿ ਉਨ੍ਹਾਂ ਕੋਲ ਸਾਧਨ ਬਹੁਤ ਹਨ ਪਰ ਉਹ ਵੱਡੀ ਤਾਕਤ ਨਹੀਂ ਬਣ ਸਕਣਗੇ ਕਿਉਂਕਿ ਉਨ੍ਹਾਂ ਨੇ ਹਮੇਸ਼ਾ ਅਕਾਲੀ ਦਲ ਦਾ ਸਹਾਰਾ ਲਿਆ ਹੈ। ਸ਼੍ਰੋਮਣੀ ਅਕਾਲੀ ਦਲ ਬਾਰੇ ਉਨ੍ਹਾਂ ਕਿਹਾ ਕਿ ਪਾਰਟੀ ਧੜਿਆਂ ਵਿੱਚ ਵੰਡੀ ਜਾ ਚੁੱਕੀ ਹੈ ਅਤੇ ਹੁਣ ਪਹਿਲਾਂ ਵਰਗੀ ਮਜ਼ਬੂਤ ਨਹੀਂ ਰਹੀ।

ਪਾਇਲਟ ਨੇ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੁਕਾਬਲਾ ਕਾਂਗਰਸ ਅਤੇ 'ਆਪ' ਵਿਚਾਲੇ ਹੀ ਹੋਵੇਗਾ ਅਤੇ ਕਾਂਗਰਸ ਇਹ ਚੋਣਾਂ ਜਿੱਤਣ ਲਈ ਪੂਰੀ ਤਰ੍ਹਾਂ ਤਿਆਰ ਹੈ।

## ਪਰਵਿੰਦਰ 'ਤੇ ਗੋਲੀ ਚਲਾਉਣ ਵਾਲੇ ਅਸ਼ਵਨੀ ਦੀ ਪਤਨੀ ਸਮੇਤ ਤਿੰਨ ਨਾਮਜ਼ਦ

**ਮਾਨਸਾ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ 'ਚ ਮਾਨਸਾ ਪੁਲੀਸ ਨੇ ਮੁੱਖ ਮੁਲਜ਼ਮ ਮੈਡੀਕਲ ਦੁਕਾਨਦਾਰ ਅਸ਼ਵਨੀ ਕੁਮਾਰ ਸਮੇਤ ਉਸਦੀ ਪਤਨੀ ਨੀਲਮ ਰਾਣੀ ਨੂੰ ਵੀ ਨਾਮਜ਼ਦ ਕੀਤਾ ਹੈ। ਇਸ ਤੋਂ ਇਲਾਵਾ ਲਾਡੀ ਬਰਨਾਲਾ ਅਤੇ ਵਿਪਨ ਗਰਗ 'ਤੇ ਵੀ ਮਾਮਲਾ ਦਰਜ ਕੀਤਾ ਗਿਆ ਹੈ।

ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਅਸ਼ਵਨੀ ਕੁਮਾਰ ਨੇ ਜਦੋਂ ਦੁਕਾਨ 'ਤੇ ਪਰਵਿੰਦਰ ਸਿੰਘ ਝੋਟਾ ਤੇ ਗੋਲੀ ਚਲਾਈ, ਉਸ ਤੋਂ ਪਹਿਲਾਂ ਉਸ ਨੇ ਮੋਬਾਈਲ ਫੋਨ ਤੇ ਆਪਣੇ ਕਿਸੇ ਪਰਿਵਾਰਕ ਮੈਂਬਰ ਨਾਲ ਗੱਲਬਾਤ ਕੀਤੀ ਤੇ ਨਾਲ ਹੀ ਪਰਵਿੰਦਰ ਝੋਟਾ 'ਤੇ ਗੋਲੀਆਂ ਵਰਾ ਦਿੱਤੀਆਂ। ਬਾਅਦ ਵਿੱਚ ਉਸ ਨੇ ਬਾਜ਼ਾਰ ਵਿਚ ਵੀ ਭੱਜੇ ਜਾਂਦੇ ਪਰਵਿੰਦਰ ਝੋਟਾ ਤੇ ਉਸਦੇ ਸਾਥੀਆਂ ਤੇ ਗੋਲੀਆਂ ਚਲਾਈਆਂ। ਜਾਣਕਾਰੀ ਅਨੁਸਾਰ ਕਈ ਵਿਅਕਤੀਆਂ ਨੇ ਦੁਕਾਨਦਾਰ ਨੂੰ ਉਸ ਦਾ ਨਾਂ ਲੈ ਕੇ ਰੋਕਿਆ ਵੀ, ਪਰ ਉਹ ਨਹੀਂ ਰੁਕਿਆ। ਡੀ ਆਈ ਜੀ ਹਰਜੀਤ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਸੀ ਕਿ ਪੁਲੀਸ ਦੀ ਮੁਢਲੀ ਜਾਂਚ ਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨੇ ਵਾਰਦਾਤ ਸਮੇਂ ਮੋਬਾਈਲ ਫੋਨ ਤੇ ਆਪਣੇ ਪਰਿਵਾਰਿਕ ਮੈਂਬਰ ਨਾਲ ਗੱਲਬਾਤ ਕੀਤੀ ਸੀ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

### ਆਸਾਨ ਫੈਂਸਲੇ ਕਰਜ਼ - ਔਖੇ ਫੈਂਸਲੇ ਵਿਆਜ, ਕਿਰਦਾਰ ਤਰਾਸ਼ੀ ਕਰਦੇ ਜ਼ਿੰਦਗੀ ਦੇ ਅੰਦਾਜ਼

ਜ਼ਿੰਦਗੀ ਵਿੱਚ ਹਰ ਸੌਖਾ ਰਾਹ ਸਹੀ ਮੰਜ਼ਿਲ ਵੱਲ ਨਹੀਂ ਜਾਂਦਾ

ਜ਼ਿੰਦਗੀ ਹਰ ਰੋਜ਼ ਸਾਨੂੰ ਅਜਿਹੇ ਮੋੜ 'ਤੇ ਲਿਆ ਖੜ੍ਹਾ ਕਰਦੀ ਹੈ, ਜਿੱਥੇ ਦੋ ਰਾਹ ਸਾਡੇ ਸਾਹਮਣੇ ਹੁੰਦੇ ਹਨ। ਇੱਕ ਰਾਹ ਸੌਖਾ ਹੁੰਦਾ ਹੈ, ਜਿਸ 'ਤੇ ਤੁਰਨ ਲਈ ਨਾ ਬਹੁਤੀ ਹਿੰਮਤ ਦੀ ਲੋੜ ਪੈਂਦੀ ਹੈ, ਨਾ ਸਬਰ ਦੀ ਅਤੇ ਨਾ ਹੀ ਕਿਸੇ ਤਿਆਗ ਦੀ। ਦੂਜਾ ਰਾਹ ਔਖਾ ਹੁੰਦਾ ਹੈ, ਜਿਸ 'ਤੇ ਤੁਰਨ ਲਈ ਆਪਣੇ ਹਉਮੈ, ਗੁੱਸੇ, ਲਾਲਚ ਅਤੇ ਤੁਰਤ ਮਿਲਣ ਵਾਲੇ ਸੁੱਖਾਂ ਨਾਲ ਲੜਨਾ ਪੈਂਦਾ ਹੈ। ਪਰ ਜ਼ਿੰਦਗੀ ਦੀ ਇੱਕ ਦਿਲਚਸਪ ਦੁੱਖ ਇਹ ਹੈ ਕਿ ਜਿਹੜਾ ਫ਼ੈਸਲਾ ਉਸ ਵੇਲੇ ਸਭ ਤੋਂ ਸੌਖਾ ਜਾਪਦਾ ਹੈ, ਉਹੀ ਭਵਿੱਖ ਦੀ ਸਭ ਤੋਂ ਵੱਡੀ ਮੁਸ਼ਕਲ ਬਣ ਜਾਂਦਾ ਹੈ।

ਇਹ ਗੱਲ ਰੋਜ਼ਾਨਾ ਦੀ ਜ਼ਿੰਦਗੀ ਦੇ ਛੋਟੇ-ਮੋਟੇ ਕੰਮਾਂ ਤੋਂ ਲੈ ਕੇ ਰਿਸ਼ਤਿਆਂ, ਕਾਰੋਬਾਰ ਅਤੇ ਸਮਾਜਿਕ ਜ਼ਿੰਮੇਵਾਰੀਆਂ ਤੱਕ ਹਰ ਥਾਂ ਲਾਗੂ ਹੁੰਦੀ ਹੈ। ਅਸੀਂ ਅਕਸਰ ਤੁਰਤ ਸਹੂਲਤ ਨੂੰ ਸਹੀ ਫ਼ੈਸਲਾ ਸਮਝ ਬੈਠਦੇ ਹਾਂ, ਜਦਕਿ ਅਸੀਂ ਦੋਵਾਂ ਵਿਚਲਾ ਫ਼ਰਕ ਸਮਝਣ ਦੀ ਕੋਸ਼ਿਸ਼ ਹੀ ਨਹੀਂ ਕੀਤੀ।

ਮਿਸਾਲ ਵਜੋਂ, ਕਿਸੇ ਦੋਸਤ ਦੀ ਇੱਕ ਗੱਲ ਬੁਰੀ ਲੱਗ ਗਈ। ਅਸੀਂ ਉਸ ਦੀ ਸਾਲਾਂ ਦੀ ਦੋਸਤੀ, ਸਾਂਝੇ ਤਜਰਬਿਆਂ ਅਤੇ ਕੀਤੇ ਹੋਏ ਅਹਿਸਾਨਾਂ ਨੂੰ ਇੱਕ ਪਾਸੇ ਰੱਖ ਕੇ ਰਿਸ਼ਤਾ ਤੋੜ ਦਿੰਦੇ ਹਾਂ। ਇਹ ਫ਼ੈਸਲਾ ਕਰਨਾ ਬਹੁਤ ਸੌਖਾ ਹੈ, ਪਰ ਗਲਤਫ਼ਹਿਮੀ ਦੂਰ ਕਰਨੀ, ਗੱਲਬਾਤ ਕਰਨੀ, ਆਪਣੀ ਗ਼ਲਤੀ ਮੰਨਣੀ ਅਤੇ ਦੂਜੇ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਕਿਤੇ ਵੱਧ ਔਖੀ ਹੈ। ਇੱਥੇ ਹੀ ਮਨੁੱਖ ਦੇ ਕਿਰਦਾਰ ਦੀ ਪਰਖ ਹੁੰਦੀ ਹੈ। ਰਿਸ਼ਤਾ ਤੋੜਨ ਲਈ ਇੱਕ ਪਲ ਕਾਫ਼ੀ ਹੈ, ਪਰ ਉਸ ਰਿਸ਼ਤੇ ਦੀ ਅਹਿਮੀਅਤ ਸਮਝਣ ਲਈ ਕਈ ਵਾਰ ਪੂਰੀ ਉਮਰ ਲੱਗ ਜਾਂਦੀ ਹੈ।

ਵਿਆਹੁਤਾ ਜੀਵਨ ਵਿੱਚ ਵੀ ਇਹੀ ਸੱਚਾਈ ਸਾਹਮਣੇ ਆਉਂਦੀ ਹੈ। ਤਲਾਕ ਲੈਣਾ ਜਾਂ ਦੇਣਾ ਕਾਨੂੰਨੀ ਕਾਰਵਾਈ ਹੈ, ਪਰ ਉਸ ਫ਼ੈਸਲੇ ਦੇ ਭਾਵਨਾਤਮਕ, ਪਰਿਵਾਰਕ ਅਤੇ ਸਮਾਜਿਕ ਨਤੀਜੇ ਲੰਮੇ ਸਮੇਂ ਤੱਕ ਨਾਲ ਚੱਲਦੇ ਹਨ। ਇਸ ਦਾ ਮਤਲਬ ਇਹ ਨਹੀਂ ਕਿ ਹਰ ਕੀਮਤ 'ਤੇ ਰਿਸ਼ਤਾ ਨਿਭਾਇਆ ਜਾਵੇ, ਜਿੱਥੇ ਮਾਰ-ਕੁੱਟ , ਜ਼ੁਲਮ ਜਾਂ ਲਗਾਤਾਰ ਬੇਇੱਜ਼ਤੀ ਹੋਵੇ, ਉੱਥੋਂ ਨਿਕਲਣਾ ਹੀ ਸਹੀ ਫ਼ੈਸਲਾ ਹੋ ਸਕਦਾ ਹੈ। ਅਸਲ ਗੱਲ ਇਹ ਹੈ ਕਿ ਫ਼ੈਸਲਾ ਗੁੱਸੇ ਦੇ ਇੱਕ ਪਲ ਵਿੱਚ ਨਹੀਂ, ਸਗੋਂ ਸੂਝ-ਬੂਝ, ਹਕੀਕਤ ਅਤੇ ਦੂਰਅੰਦੇਸ਼ੀ ਨਾਲ ਕੀਤਾ ਜਾਵੇ।

ਕਾਰੋਬਾਰ ਵਿੱਚ ਵੀ ਨੁਕਸਾਨ ਵੇਲੇ ਹਾਰ ਮੰਨ ਲੈਣੀ, ਜ਼ਿੰਮੇਵਾਰੀਆਂ ਤੋਂ ਭੱਜਣਾ ਜਾਂ ਆਪਣਾ ਕੰਮਕਾਜ ਵੇਚ ਦੇਣਾ ਕਈ ਵਾਰ ਸਭ ਤੋਂ ਸੌਖਾ ਰਾਹ ਲੱਗਦਾ ਹੈ। ਪਰ ਮੁਸ਼ਕਲਾਂ ਦੀ ਪੜਚੋਲ ਕਰਨਾ, ਆਪਣੀਆਂ ਘਾਟਾਂ ਸੁਧਾਰਨਾ, ਨਵੀਂ ਰਣਨੀਤੀ ਬਣਾਉਣਾ ਅਤੇ ਮੁੜ ਖੜ੍ਹੇ ਹੋਣ ਦੀ ਕੋਸ਼ਿਸ਼ ਕਰਨੀ ਵੱਧ ਹਿੰਮਤ ਮੰਗਦੀ ਹੈ। ਹਾਂ, ਹਰ ਕਾਰੋਬਾਰ ਨੂੰ ਹਰ ਹਾਲਤ ਵਿੱਚ ਜਾਰੀ ਰੱਖਣਾ ਵੀ ਸਿਆਣਪ ਨਹੀਂ। ਕਈ ਵਾਰ ਸਮੇਂ ਸਿਰ ਪਿੱਛੇ ਹਟਣਾ ਹੀ ਦੂਰਅੰਦੇਸ਼ੀ ਹੁੰਦੀ ਹੈ। ਫ਼ਰਕ ਸਿਰਫ਼ ਇੰਨਾ ਹੈ ਕਿ ਫ਼ੈਸਲਾ ਮਜਬੂਰੀ ਜਾਂ ਨਿਰਾਸ਼ਾ ਵਿੱਚ ਲਿਆ ਗਿਆ ਹੈ ਜਾਂ ਸੋਚ-ਵਿਚਾਰ ਤੋਂ ਬਾਅਦ।

ਕਰਜ਼ਾ ਲੈਣਾ ਵੀ ਇਸੇ ਸਿੱਕੇ ਦਾ ਇੱਕ ਹੋਰ ਪਾਸਾ ਹੈ। ਲੋੜ ਵੇਲੇ ਪੈਸਾ ਮਿਲ ਜਾਣਾ ਤਸੱਲੀ ਦਿੰਦਾ ਹੈ, ਪਰ ਉਸ ਨੂੰ ਵਿਆਜ ਸਮੇਤ ਮੋੜਨ ਦੀ ਜ਼ਿੰਮੇਵਾਰੀ ਲੰਮਾ ਸਮਾਂ ਪਿੱਛਾ ਕਰ ਸਕਦੀ ਹੈ। ਸਹੂਲਤ ਅੱਜ ਮਿਲਦੀ ਹੈ, ਪਰ ਉਸ ਦੀ ਕੀਮਤ ਕੱਲ੍ਹ ਚੁਕਾਉਣੀ ਪੈਂਦੀ ਹੈ। ਇਸੇ ਲਈ ਸਿਆਣਪ ਸਿਰਫ਼ ਮੌਕਾ ਹਾਸਲ ਕਰਨ ਵਿੱਚ ਨਹੀਂ, ਸਗੋਂ ਉਸ ਦੇ ਨਤੀਜਿਆਂ ਨੂੰ ਪਹਿਲਾਂ ਸਮਝਣ ਵਿੱਚ ਵੀ ਹੈ।

ਇੱਕ ਵਾਰ ਆਪਣੇ ਬੀਤੇ ਜੀਵਨ ਵੱਲ ਮੁੜ ਕੇ ਵੇਖੋ। ਕਾਗਜ਼ 'ਤੇ ਉਹ ਫ਼ੈਸਲੇ ਲਿਖੋ, ਜਿਨ੍ਹਾਂ ਨੂੰ ਤੁਸੀਂ ਉਸ ਵੇਲੇ ਸੌਖਾ ਸਮਝ ਕੇ ਚੁਣਿਆ ਸੀ, ਅਤੇ ਉਹ ਵੀ, ਜਿਨ੍ਹਾਂ ਲਈ ਤੁਹਾਨੂੰ ਸਬਰ, ਮਿਹਨਤ ਜਾਂ ਤਿਆਗ ਕਰਨਾ ਪਿਆ ਸੀ। ਫਿਰ ਇਮਾਨਦਾਰੀ ਨਾਲ ਵਿਚਾਰ ਕਰੋ ਕਿ ਕਿਹੜੇ ਫ਼ੈਸਲਿਆਂ ਨੇ ਤੁਹਾਨੂੰ ਅੰਦਰੋਂ ਮਜ਼ਬੂਤ ਕੀਤਾ ਅਤੇ ਕਿਹੜਿਆਂ ਨੇ ਤੁਹਾਨੂੰ ਅਜਿਹਾ ਨੁਕਸਾਨ ਦਿੱਤਾ, ਜਿਸ ਦੀ ਭਰਪਾਈ ਅੱਜ ਵੀ ਨਹੀਂ ਹੋ ਸਕੀ।

ਯਾਦ ਰੱਖੋ, ਹਰ ਔਖਾ ਫ਼ੈਸਲਾ ਸਹੀ ਨਹੀਂ ਹੁੰਦਾ ਅਤੇ ਹਰ ਸੌਖਾ ਫ਼ੈਸਲਾ ਗਲਤ ਨਹੀਂ ਹੁੰਦਾ। ਸਹੀ ਫ਼ੈਸਲੇ ਦੀ ਪਛਾਣ ਉਸ ਦੀ ਸੌਖਿਆਈ ਜਾਂ ਔਖਿਆਈ ਨਾਲ ਨਹੀਂ, ਸਗੋਂ ਉਸ ਦੀ ਸੂਝ-ਬੂਝ, ਨਿੱਜੀ ਅਤੇ ਦੂਰਗਾਮੀ ਨਤੀਜਿਆਂ ਨਾਲ ਹੁੰਦੀ ਹੈ। ਜ਼ਿੰਦਗੀ ਵਿੱਚ ਕਈ ਵਾਰ ਸਹੀ ਰਾਹ ਚੁਣਨ ਲਈ ਆਪਣੇ ਮਨ ਦੇ ਵਿਰੁੱਧ ਜਾਣਾ ਪੈਂਦਾ ਹੈ। ਕਿਉਂਕਿ ਅਸਲ ਕਾਮਯਾਬੀ ਹਰ ਮੁਸ਼ਕਲ ਤੋਂ ਬਚ ਨਿਕਲਣ ਵਿੱਚ ਨਹੀਂ, ਸਗੋਂ ਸਹੀ ਮੁਸ਼ਕਲ ਦਾ ਸਾਹਮਣਾ ਕਰਨ ਦੀ ਹਿੰਮਤ ਵਿੱਚ ਹੈ। ਇਨਸਾਨ ਦੀ ਅਸਲ ਵਿਰਾਸਤ ਉਸ ਦੀ ਜਾਇਦਾਦ ਜਾਂ ਅਹੁਦਾ ਹੀ ਨਹੀਂ, ਸਗੋਂ ਉਸ ਦੇ ਫ਼ੈਸਲਿਆਂ ਨਾਲ ਬਣਿਆ ਕਿਰਦਾਰ ਵੀ ਹੁੰਦਾ ਹੈ।

ਅੱਜ ਦਾ ਸੌਖਾ ਫ਼ੈਸਲਾ ਕੱਲ੍ਹ ਦਾ ਬੋਝ ਵੀ ਬਣਦਾ ਹੈ, ਜਦਕਿ ਅੱਜ ਦਾ ਔਖਾ ਫ਼ੈਸਲਾ ਆਉਣ ਵਾਲੀਆਂ ਪੀੜ੍ਹੀਆਂ ਲਈ ਮਿਸਾਲ ਬਣਦਾ ਹੈ। ਇਸ ਲਈ ਫ਼ੈਸਲਾ ਕਰਨ ਤੋਂ ਪਹਿਲਾਂ ਆਪਣੇ ਆਪ ਨੂੰ ਇਹ ਸਵਾਲ ਜ਼ਰੂਰ ਪੁੱਛੋ, ਮੈਂ ਇਸ ਵੇਲੇ ਸਿਰਫ਼ ਸੌਖਾ ਰਾਹ ਚੁਣ ਰਿਹਾ ਹਾਂ ਜਾਂ ਸਹੀ ਰਾਹ ? ਕਿਉਂਕਿ ਫ਼ੈਸਲਾ ਇੱਕ ਪਲ ਵਿੱਚ ਹੁੰਦਾ ਹੈ, ਪਰ ਉਸ ਦੀ ਕੀਮਤ ਪੂਰੀ ਉਮਰ ਚੁਕਾਉਣੀ ਪੈਂਦੀ ਹੈ।




Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਤਰੱਕੀ ਦੀ ਪੁੱਛ, ਹੁਣ ਹੁਨਰ ਤੁੱਛ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

### ਵਿਸ਼ੇਸ਼ ਸੰਪਾਦਕੀ

ਤਕਨੀਕੀ ਯੁੱਗ ਵਿੱਚ ਮਨੁੱਖੀ ਹੁਨਰਾਂ ਦੀ ਅਣਕਹੀ ਤ੍ਰਾਸਦੀ

ਮਨੁੱਖੀ ਇਤਿਹਾਸ ਵਿੱਚ ਹਰ ਨਵੀਂ ਤਕਨੀਕ ਨੇ ਕੰਮ ਕਰਨ ਦੇ ਅੰਦਾਜ਼ ਬਦਲੇ ਹਨ। ਖੇਤੀਬਾੜੀ ਦੇ ਮਸ਼ੀਨੀਕਰਨ ਨੇ ਹੱਥੀਂ ਕਿਰਤ ਦੀ ਥਾਂ ਮਸ਼ੀਨਾਂ ਨੂੰ ਦਿੱਤੀ, ਉਦਯੋਗਿਕ ਕ੍ਰਾਂਤੀ ਨੇ ਉਤਪਾਦਨ ਦੀ ਰਫ਼ਤਾਰ ਬਦਲੀ ਅਤੇ ਕੰਪਿਊਟਰਾਂ ਨੇ ਦਫ਼ਤਰੀ ਕੰਮਕਾਜ ਦੀ ਦੁਨੀਆ ਨੂੰ ਨਵਾਂ ਰੂਪ ਦਿੱਤਾ। ਪਰ ਆਰਟੀਫੀਸ਼ੀਅਲ ਇੰਟੈਲੀਜੈਂ ਦੀ ਮੌਜੂਦਾ ਲਹਿਰ ਵਿੱਚ ਇੱਕ ਅਜਿਹਾ ਸਵਾਲ ਉੱਭਰ ਰਿਹਾ ਹੈ, ਜਿਸ ਦਾ ਜਵਾਬ ਸਿਰਫ਼ ਰੁਜ਼ਗਾਰ ਦੇ ਅੰਕੜਿਆਂ ਨਾਲ ਨਹੀਂ ਦਿੱਤਾ ਜਾ ਸਕਦਾ। ਜੇ ਮਸ਼ੀਨਾਂ ਕੰਮ ਦੇ ਸਭ ਤੋਂ ਮੁੱਢਲੇ ਪੜਾਅ ਵੀ ਸੰਭਾਲ ਲੈਣ, ਤਾਂ ਅੱਜ ਦਾ ਨਵਾਂ ਉਮੀਦਵਾਰ ਤਜਰਬਾ ਹਾਸਲ ਕਰਕੇ ਮਾਹਿਰ ਕਿਵੇਂ ਬਣੇਗਾ ?

ਅੱਜ ਕੰਪਨੀਆਂ ਦਾ ਇੱਕ ਵੱਡਾ ਹਿੱਸਾ ਤਕਨੀਕ ਨੂੰ ਸਿਰਫ਼ ਕੰਮ ਸੌਖਾ ਕਰਨ ਦੇ ਸਾਧਨ ਵਜੋਂ ਨਹੀਂ, ਸਗੋਂ ਲਾਗਤ ਘਟਾਉਣ ਅਤੇ ਘੱਟ ਸਮੇਂ ਵਿੱਚ ਵੱਧ ਨਤੀਜੇ ਹਾਂਸਿਲ ਕਰਨ ਦੇ ਹਥਿਆਰ ਵਜੋਂ ਵੀ ਦੇਖ ਰਿਹਾ ਹੈ। ਦਸਤਾਵੇਜ਼ਾਂ ਦਾ ਸਾਰ ਕੱਢਣਾ, ਮੁੱਢਲੀਆਂ ਰਿਪੋਰਟਾਂ ਤਿਆਰ ਕਰਨਾ, ਅੰਕੜਿਆਂ ਦੀ ਛਾਂਟੀ, ਈ-ਮੇਲਾਂ ਦੇ ਜਵਾਬਾਂ ਦੇ ਖਰੜੇ ਬਣਾਉਣਾ ਅਤੇ ਮੀਟਿੰਗਾਂ ਦਾ ਸਮਾਂ ਤੈਅ ਕਰਨਾ, ਇਹ ਉਹ ਕੰਮ ਹਨ ਜਿਨ੍ਹਾਂ ਰਾਹੀਂ ਕਦੇ ਨਵੇਂ ਮੁਲਾਜ਼ਮ ਦਫ਼ਤਰੀ ਦੁਨੀਆ ਦੇ ਗੁਰ ਸਿੱਖਦੇ ਸਨ। ਹੁਣ ਇਨ੍ਹਾਂ ਵਿੱਚੋਂ ਕਈ ਕੰਮ ਸਾਫ਼ਟਵੇਅਰ ਅਤੇ ਏਆਈ ਏਜੰਟਾਂ ਰਾਹੀਂ ਕਰਵਾਏ ਜਾਂਦੇ ਹਨ।

ਅੱਜ ਮੁੱਦਾ ਮਸ਼ੀਨ ਦੀ ਸਮਰੱਥਾ ਨਹੀਂ ਸਗੋਂ ਮੁੱਦਾ ਇਹ ਹੈ ਕਿ ਕਾਰੋਬਾਰੀ ਸਮਰੱਥਾ ਦੀ ਦੌੜ ਵਿੱਚ ਮਨੁੱਖੀ ਸਿਖਲਾਈ ਦਾ ਰਾਹ ਹੀ ਬੰਦ ਨਾ ਹੋ ਜਾਵੇਗਾ।

ਭਾਰਤ ਵਿੱਚ ਜੂਨ 2026 ਦੌਰਾਨ ਜਾਰੀ ਕਾਗਨੀਜੈਂਟ ਅਤੇ ਪੀਅਰਸਨ (ਕਾਗਨੀਜੈਂਟ ਅਤੇ ਪੀਅਰਸਨ ਦੇ ਪੜਚੋਲ ਦਾ ਹਵਾਲਾ 19 ਕਾਰਨ ਮੁੱਢਲੇ ਪੱਧਰ ਦੀਆਂ ਨੌਕਰੀਆਂ ਅਤੇ ਕੰਮ ਸਿੱਖਣ ਦੇ ਮੌਕਿਆਂ ਵਿੱਚ ਆ ਰਹੀਆਂ ਤਬਦੀਲੀਆਂ ਬਾਰੇ ਦਿੱਤਾ ਗਿਆ) ਦੇ ਸਾਂਝੇ ਅਧਿਐਨ ਮੁਤਾਬਕ, ਉਨ੍ਹਾਂ ਵੱਲੋਂ ਸਰਵੇਖਣ ਕੀਤੇ ਗਏ ਭਾਰਤੀ ਸੰਗਠਨਾਂ ਵਿੱਚ ਮੁੱਢਲੇ ਪੱਧਰ ਦੇ 37 ਫ਼ੀਸਦੀ ਕੰਮ ਏਆਈ ਰਾਹੀਂ ਕੀਤੇ ਜਾ ਰਹੇ ਸਨ, ਜਦਕਿ ਵਿਸ਼ਵ ਪੱਧਰ 'ਤੇ ਇਹ ਅੰਕੜਾ 33 ਫ਼ੀਸਦੀ ਸੀ। ਇਹ ਪੜਚੋਲ ਅਮਰੀਕਾ, ਇੰਗਲੈਂਡ ਅਤੇ ਭਾਰਤ ਦੇ 750 ਸੀਨੀਅਰ ਮਨੁੱਖੀ ਸਰੋਤ ਅਧਿਕਾਰੀਆਂ ਦੇ ਸਰਵੇਖਣ 'ਤੇ ਆਧਾਰਿਤ ਸੀ। ਇਸ ਲਈ ਇਸ ਅੰਕੜੇ ਨੂੰ ਸਾਰੇ ਭਾਰਤੀ ਮੁਲਾਜ਼ਮਾਂ ਜਾਂ ਸਾਰੀਆਂ ਨੌਕਰੀਆਂ ਦਾ ਸਿਰਮੌਰ ਅੰਕੜਾ ਨਹੀਂ ਸਮਝਣਾ ਚਾਹੀਦਾ। ਇਹ ਕੰਮਕਾਜ ਵਿੱਚ ਆ ਰਹੇ ਬਦਲਾਅ ਦਾ ਇੱਕ ਮਹੱਤਵਪੂਰਨ ਸੰਕੇਤ ਹੈ।

ਇਸੇ ਤਰ੍ਹਾਂ, ਜੁਲਾਈ 2026 ਵਿੱਚ ਪ੍ਰਕਾਸ਼ਿਤ ਗਰਟਨਰ ਦੇ ਸਰਵੇਖਣ ਅਨੁਸਾਰ, ਮਨੁੱਖੀ ਸਰੋਤ ਵਿਭਾਗਾਂ ਦੇ 22 ਫ਼ੀਸਦੀ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੇ ਸੰਗਠਨ ਵਿੱਚ ਘੱਟੋ-ਘੱਟ ਇੱਕ ਕਾਰੋਬਾਰੀ ਆਗੂ ਨੇ ਏਆਈ ਆਟੋਮੇਸ਼ਨ ਕਾਰਨ ਮੁੱਢਲੇ ਪੱਧਰ ਦੀ ਭਰਤੀ ਬੰਦ ਕਰ ਦਿੱਤੀ ਸੀ। ਇਹ ਵੀ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਇਸ ਦਾ ਅਰਥ ਇਹ ਨਹੀਂ ਕਿ 22 ਫ਼ੀਸਦੀ ਕੰਪਨੀਆਂ ਨੇ ਸਾਰੀ ਨਵੀਂ ਭਰਤੀ ਬੰਦ ਕਰ ਦਿੱਤੀ ਹੈ, ਪਰ ਸਰਵੇਖਣ ਵਿੱਚ ਘੱਟੋ-ਘੱਟ ਇੱਕ ਅਜਿਹੇ ਫ਼ੈਸਲੇ ਦੀ ਗੱਲ ਕੀਤੀ ਗਈ ਹੈ।

ਇਸ ਤੋਂ ਇਲਾਵਾ, ਸਟੈਨਫੋਰਡ ਡਿਜੀਟਲ ਇਕੋਨੋਮੀ ਲੈਬ ਦੇ 2026 ਦੀ ਛਾਣਬੀਣ ਵਿੱਚ ਅਮਰੀਕਾ ਦੇ 22 ਤੋਂ 25 ਸਾਲ ਉਮਰ ਵਾਲੇ ਨੌਜਵਾਨਾਂ ਦੇ ਰੁਜ਼ਗਾਰ ਵਿੱਚ, ਏਆਈ ਨਾਲ ਵੱਧ ਪ੍ਰਭਾਵਿਤ ਕਿੱਤਿਆਂ ਵਿੱਚ, ਘੱਟ ਪ੍ਰਭਾਵਿਤ ਕਿੱਤਿਆਂ ਦੇ ਮੁਕਾਬਲੇ ਲਗਭਗ 19 ਫ਼ੀਸਦੀ ਦਾ ਤੁਲਨਾਤਮਕ ਪਾੜਾ ਦਰਜ ਕੀਤਾ ਗਿਆ। ਖੋਜਕਾਰਾਂ ਨੇ ਇਸ ਰੁਝਾਨ ਨੂੰ ਮੁੱਖ ਤੌਰ 'ਤੇ ਨੌਜਵਾਨਾਂ ਦੀ ਘੱਟ ਭਰਤੀ ਨਾਲ ਜੋੜਿਆ। ਇਹ ਅੰਕੜਾ ਸਿੱਧੇ ਤੌਰ 'ਤੇ ਇਹ ਸਾਬਤ ਨਹੀਂ ਕਰਦਾ ਕਿ ਪੂਰਾ ਅੰਤਰ ਸਿਰਫ਼ ਏਆਈ ਕਾਰਨ ਹੀ ਪੈਦਾ ਹੋਇਆ।

ਇਨ੍ਹਾਂ ਤੱਥਾਂ ਦਾ ਸਹੀ ਅਰਥ ਇਹ ਨਹੀਂ ਕਿ ਹਰ ਨੌਜਵਾਨ ਦੀ ਨੌਕਰੀ ਖ਼ਤਮ ਹੋਣ ਵਾਲੀ ਹੈ। ਅਸਲ ਚਿੰਤਾ ਇਹ ਹੈ ਕਿ ਜਦੋਂ ਤਕਨਾਲੋਜੀ ਕੰਮਾਂ ਦੀ ਵੰਡ ਬਦਲਦੀ ਹੈ, ਤਾਂ ਨੌਕਰੀਆਂ ਦੇ ਦਰਵਾਜ਼ੇ ਨਵੇਂ ਉਮੀਦਵਾਰਾਂ ਲਈ ਕਿਹੜੀਆਂ ਸ਼ਰਤਾਂ 'ਤੇ ਖੁੱਲ੍ਹਣਗੇ ਅਤੇ ਵੱਡੀ ਗੱਲ ਕਿ ਕੀ ਉਨ੍ਹਾਂ ਨੂੰ ਸਿੱਖਣ ਦਾ ਮੌਕਾ ਵੀ ਮਿਲੇਗਾ ?

ਕਿਸੇ ਵੀ ਪੇਸ਼ੇ ਵਿੱਚ ਮਾਹਿਰ ਬਣਨ ਦਾ ਰਾਹ ਸਿੱਧਾ ਮੰਜ਼ਿਲ 'ਤੇ ਨਹੀਂ ਪਹੁੰਚਦਾ। ਪੱਤਰਕਾਰ ਪਹਿਲਾਂ ਖ਼ਬਰਾਂ ਦੀ ਛਾਂਟੀ ਕਰਦਾ ਹੈ, ਫਿਰ ਤੱਥਾਂ ਦੀ ਪੁਸ਼ਟੀ ਸਿੱਖਦਾ ਹੈ ਅਤੇ ਸਮੇਂ ਦੇ ਨਾਲ ਖ਼ਬਰ ਦੇ ਪਿੱਛੇ ਲੁਕੇ ਸੰਦਰਭ ਨੂੰ ਸਮਝਣ ਲੱਗਦਾ ਹੈ। ਵਕੀਲ ਪਹਿਲਾਂ ਦਸਤਾਵੇਜ਼ ਪੜ੍ਹਦਾ ਹੈ, ਫਿਰ ਕੇਸਾਂ ਦੀਆਂ ਬਾਰੀਕੀਆਂ ਸਮਝਦਾ ਹੈ ਅਤੇ ਤਜਰਬੇ ਨਾਲ ਦਲੀਲ ਦੀ ਤਾਕਤ ਪਛਾਣਦਾ ਹੈ। ਇੰਜੀਨੀਅਰ, ਲੇਖਾਕਾਰ, ਡਿਜ਼ਾਈਨਰ ਅਤੇ ਪ੍ਰਬੰਧਕ ਵੀ ਛੋਟੇ ਕੰਮਾਂ ਰਾਹੀਂ ਵੱਡੀਆਂ ਜ਼ਿੰਮੇਵਾਰੀਆਂ ਲਈ ਤਿਆਰ ਹੁੰਦੇ ਹਨ।

ਇਹ ਮੁੱਢਲੇ ਕੰਮ ਭਾਵੇਂ ਦਿਖਣ ਵਿੱਚ ਸਧਾਰਨ ਹੋਣ, ਪਰ ਇਨ੍ਹਾਂ ਵਿੱਚੋਂ ਹੀ ਗ਼ਲਤੀਆਂ ਪਛਾਣਨ, ਤੱਥਾਂ ਦੀ ਜਾਂਚ ਕਰਨ, ਪਹਿਲਾਂ ਕਿਤੇ ਜਾਣ ਵਾਲੇ ਕੰਮ ਨਿਰਧਾਰਤ ਕਰਨ ਅਤੇ ਫ਼ੈਸਲਿਆਂ ਦੇ ਨਤੀਜੇ ਸਮਝਣ ਦੀ ਸਮਰੱਥਾ ਵਿਕਸਿਤ ਹੁੰਦੀ ਹੈ।

ਜੇ ਕੰਪਨੀ ਕਹੇ ਕਿ ਹੁਣ ਨਿਚੋੜ ਏਆਈ ਬਣਾਏਗੀ, ਅੰਕੜੇ ਏਆਈ ਛਾਂਟੇਗੀ, ਖਰੜਾ ਏਆਈ ਲਿਖੇਗੀ ਅਤੇ ਮੁੱਢਲੀ ਜਾਂਚ ਵੀ ਏਆਈ ਕਰੇਗੀ, ਤਾਂ ਨਵੇਂ ਮੁਲਾਜ਼ਮ ਨੂੰ ਸਿੱਖਣ ਲਈ ਕੀ ਮਿਲੇਗਾ ? ਜੇ ਉਸ ਤੋਂ ਪਹਿਲੇ ਦਿਨ ਹੀ ਮਾਹਰ ਪੜਚੋਲਕ ਵਾਂਗ ਸੋਚਣ ਦੀ ਉਮੀਦ ਕੀਤੀ ਜਾਵੇ, ਪਰ ਉਸ ਨੂੰ ਜਾਂਚ ਦੀ ਬੁਨਿਆਦ ਬਣਾਉਣ ਵਾਲਾ ਕੰਮ ਹੀ ਨਾ ਦਿੱਤਾ ਜਾਵੇ, ਤਾਂ ਇਹ ਸਿਖਲਾਈ ਦੀ ਨਹੀਂ, ਉਮੀਦਾਂ ਨਾਲ ਖੇਡ ਹੈ।

ਗਾਰਟਨਰ ਨੇ ਵੀ ਆਪਣੀ ਪੜਚੋਲ ਵਿੱਚ ਚੇਤਾਵਨੀ ਦਿੱਤੀ ਹੈ ਕਿ ਮੁੱਢਲੇ ਪੱਧਰ ਦੀਆਂ ਭੂਮਿਕਾਵਾਂ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਨਾਲ ਭਵਿੱਖ ਵਿੱਚ ਤਜਰਬੇਕਾਰ ਮੁਲਾਜ਼ਮਾਂ ਦੀ ਘਾਟ ਪੈਦਾ ਹੁੰਦੀ ਹੈ। ਕੰਪਨੀਆਂ ਨੂੰ ਫਿਰ ਬਾਹਰੋਂ ਮਹਿੰਗੇ ਮਾਹਿਰ ਲੱਭਣੇ ਪੈ ਸਕਦੇ ਹਨ, ਕਿਉਂਕਿ ਉਨ੍ਹਾਂ ਨੇ ਆਪਣੇ ਹੀ ਸੰਗਠਨ ਵਿੱਚ ਨਵੇਂ ਮਾਹਿਰ ਤਿਆਰ ਕਰਨ ਦਾ ਰਾਹ ਕਮਜ਼ੋਰ ਕਰ ਦਿੱਤਾ ਹੈ।

ਇਹ ਉਸ ਮਾਲੀ ਦੀ ਕਹਾਣੀ ਵਰਗਾ ਹੈ ਜੋ ਫਲ ਜਲਦੀ ਪ੍ਰਾਪਤ ਕਰਨ ਲਈ ਬੂਟੇ ਲਗਾਉਣਾ ਹੀ ਛੱਡ ਦੇਵੇ। ਅੱਜ ਬੇਸ਼ੱਕ ਉਸ ਦੀ ਲਾਗਤ ਘੱਟ ਹੋ ਜਾਵੇਗੀ ਹੈ, ਪਰ ਕੱਲ੍ਹ ਫਲ ਕਿੱਥੋਂ ਆਵੇਗਾ ?

ਆਧੁਨਿਕ ਕਾਰਪੋਰੇਟ ਸੰਸਾਰ ਵਿੱਚ ਹਰ ਕੰਮ ਨੂੰ ਸਮੇਂ, ਲਾਗਤ ਅਤੇ ਉਤਪਾਦਕਤਾ ਦੇ ਪੈਮਾਨਿਆਂ 'ਤੇ ਤੋਲਿਆ ਜਾਂਦਾ ਹੈ। ਇਹ ਪਹੁੰਚ ਆਪਣੇ ਆਪ ਵਿੱਚ ਗ਼ਲਤ ਨਹੀਂ। ਜੇ ਏਆਈ ਕਿਸੇ ਮੁਲਾਜ਼ਮ ਦਾ ਘੰਟਿਆਂ ਦਾ ਕੰਮ ਮਿੰਟਾਂ ਵਿੱਚ ਕਰ ਦੇਵੇ, ਤਾਂ ਉਸ ਸਮੇਂ ਦੀ ਵਰਤੋਂ ਖੋਜ, ਨਵੀਆਂ ਯੋਜਨਾਵਾਂ, ਗਾਹਕਾਂ ਦੀਆਂ ਸਮੱਸਿਆਵਾਂ ਅਤੇ ਬਿਹਤਰ ਫ਼ੈਸਲਿਆਂ ਲਈ ਕੀਤਾ ਜਾ ਸਕਦਾ ਹੈ। ਪਰ ਅਸਲ ਸਵਾਲ ਇਹ ਹੈ ਕਿ ਬਚਿਆ ਹੋਇਆ ਸਮਾਂ ਕਿਸ ਦੇ ਹਿੱਸੇ ਆਵੇਗਾ ਮਨੁੱਖ ਦੇ ਜਾਂ ਸਿਰਫ਼ ਕੰਪਨੀ ਦੇ ਮੁਨਾਫ਼ੇ ਦੇ ?

ਜੇ ਤਕਨੀਕ ਨਾਲ ਕਾਰਜ-ਸਮਰੱਥਾ ਵਧੇ, ਪਰ ਨੌਕਰੀਆਂ ਵਿੱਚ ਦਾਖ਼ਲੇ ਦੇ ਮੌਕੇ ਘਟਣ, ਕੰਮ ਦੀ ਤੀਬਰਤਾ ਵਧਣ ਅਤੇ ਸਿਖਲਾਈ ਲਈ ਸਮਾਂ ਸੁੰਗੜ ਜਾਵੇ, ਤਾਂ ਹੁਨਰ ਦਾ ਲਾਭ ਸਮਾਜ ਵਿੱਚ ਬਰਾਬਰ ਨਹੀਂ ਵੰਡਿਆ ਜਾਵੇਗਾ। ਅੰਤਰਰਾਸ਼ਟਰੀ ਕਿਰਤ ਸੰਗਠਨ (ਆਈਐਲਓ ) ਦੀ ਜੂਨ 2026 ਵਿੱਚ ਪ੍ਰਕਾਸ਼ਿਤ ਖੋਜ-ਰਿਪੋਰਟ ਵੀ ਦਰਸਾਉਂਦੀ ਹੈ ਕਿ ਏਆਈ ਨਾਲ ਕਰਨ-ਕੁਸ਼ਲਤਾ ਦੇ ਲਾਭ ਅਸਲ ਹਨ, ਪਰ ਉਨ੍ਹਾਂ ਦਾ ਅਸਰ ਹਰ ਥਾਂ ਇੱਕੋ ਜਿਹਾ ਨਹੀਂ ਅਤੇ ਸਮੇਂ ਦੀ ਬੱਚਤ ਆਪਣੇ ਆਪ ਵੱਧ ਆਮਦਨ ਜਾਂ ਰੁਜ਼ਗਾਰ ਵਿੱਚ ਤਬਦੀਲ ਨਹੀਂ ਹੁੰਦੀ।

ਇੱਥੇ ਸਵਾਲ ਸਿਰਫ਼ ਇਹ ਨਹੀਂ ਕਿ ਮਸ਼ੀਨ ਕਿੰਨਾ ਕੰਮ ਕਰ ਸਕਦੀ ਹੈ, ਸਗੋਂ ਇਹ ਵੀ ਹੈ ਕਿ ਮਸ਼ੀਨ ਵੱਲੋਂ ਬਚਾਏ ਗਏ ਸਮੇਂ ਅਤੇ ਸਰੋਤਾਂ ਦਾ ਲਾਭ ਕਿਸ ਨੂੰ ਮਿਲ ਰਿਹਾ ਹੈ।

ਅੱਜ ਤੇਜ਼ ਰਫ਼ਤਾਰੀ ਵਾਲੇ ਮਾਹੌਲ ਵਿੱਚ ਇੱਕ ਸੱਭਿਆਚਾਰਕ ਰੁਝਾਨ ਵੀ ਧਿਆਨ ਖਿੱਚ ਰਿਹਾ ਹੈ 'ਐਂਟੀ-ਐਫ਼ੀਸ਼ੈਂਸੀ' ਜਾਂ ਹਰ ਕੰਮ ਨੂੰ ਵੱਧ ਤੋਂ ਵੱਧ ਤੇਜ਼, ਮਾਪਣਯੋਗ ਅਤੇ ਲਾਭਕਾਰੀ ਬਣਾਉਣ ਦੀ ਸੋਚ ਤੋਂ ਜਾਣ-ਬੁੱਝ ਕੇ ਦੂਰੀ। ਇਸ ਦਾ ਮਤਲਬ ਤਰੱਕੀ ਦਾ ਵਿਰੋਧ ਕਰਨਾ ਜਾਂ ਆਲਸ ਨੂੰ ਜੀਵਨ-ਦਰਸ਼ਨ ਬਣਾਉਣਾ ਨਹੀਂ। ਇਸ ਦਾ ਮੂਲ ਵਿਚਾਰ ਹੈ ਕਿ ਮਨੁੱਖੀ ਜੀਵਨ ਦੀ ਹਰ ਗਤੀਵਿਧੀ ਨੂੰ ਉਤਪਾਦਕਤਾ ਦੇ ਖਾਤੇ ਵਿੱਚ ਦਰਜ ਕਰਨਾ ਲਾਜ਼ਮੀ ਨਹੀਂ।

ਕਾਗਜ਼ ਵਾਲੀ ਕਿਤਾਬ ਪੜ੍ਹਨਾ, ਬਿਨਾਂ ਫ਼ੋਨ ਦੇ ਦੋਸਤਾਂ ਨਾਲ ਬੈਠਣਾ, ਬਾਗ਼ਬਾਨੀ ਕਰਨਾ, ਹੱਥੀਂ ਕੋਈ ਚੀਜ਼ ਬਣਾਉਣਾ, ਡਾਇਰੀ ਲਿਖਣਾ ਜਾਂ ਬਿਨਾਂ ਕਿਸੇ ਮਕਸਦ ਦੇ ਸੈਰ ਕਰਨਾ— ਇਹ ਕੰਮ ਕਿਸੇ ਕੰਪਨੀ ਦੇ ਉਤਪਾਦਨ-ਟੀਚੇ ਵਿੱਚ ਯੋਗਦਾਨ ਨਾ ਵੀ ਪਾਉਣ, ਤਾਂ ਵੀ ਮਨੁੱਖੀ ਜੀਵਨ ਨੂੰ ਅਰਥ ਦੇ ਸਕਦੇ ਹਨ। ਡਿਜ਼ੀਟਲ ਦੁਨੀਆ ਤੋਂ ਕੁਝ ਸਮੇਂ ਲਈ ਦੂਰ ਹੋਣ ਅਤੇ ਅਸਲ ਸਮਾਜਿਕ ਸੰਪਰਕਾਂ ਵੱਲ ਮੁੜਨ ਦੇ ਰੁਝਾਨ ਨੂੰ ਅੱਜ ਕੱਲ 'ਐਨਾਲੌਗ ਵੈੱਲਨੈੱਸ' ਵਰਗੇ ਨਾਂ ਵੀ ਦਿੱਤੇ ਜਾ ਰਹੇ ਹਨ।

ਇਸ ਰੁਝਾਨ ਦਾ ਡੂੰਘਾ ਸੰਦੇਸ਼ ਇਹ ਹੈ ਕਿ ਮਨੁੱਖ ਕੋਈ ਮਸ਼ੀਨ ਨਹੀਂ, ਜਿਸ ਦੀ ਕੀਮਤ ਸਿਰਫ਼ ਉਸ ਦੀ ਕਾਰਗੁਜ਼ਾਰੀ ਨਾਲ ਮਾਪੀ ਜਾਵੇ। ਜੇ ਮਨੋਰੰਜਨ ਵੀ ਕਾਰਜ-ਕੁਸ਼ਲਤਾ ਵਧਾਉਣ ਦਾ ਸਾਧਨ ਬਣ ਜਾਵੇ, ਆਰਾਮ ਅਗਲੇ ਕੰਮ ਲਈ ਤਾਕਤ ਇਕੱਠੀ ਕਰਨ ਦੀ ਤਕਨੀਕ ਬਣ ਜਾਵੇ ਅਤੇ ਦੋਸਤੀ ਵੀ ਸੰਪਰਕਾਂ ਦੇ ਜਾਲ ਵਿੱਚ ਬਦਲ ਜਾਵੇ, ਤਾਂ ਜੀਵਨ ਦੇ ਉਹ ਹਿੱਸੇ ਕਿੱਥੇ ਰਹਿ ਜਾਣਗੇ ਜਿਨ੍ਹਾਂ ਦਾ ਮਕਸਦ ਸਿਰਫ਼ ਜੀਣ ਹੈ ?

ਭਾਰਤ ਵਰਗੇ ਨੌਜਵਾਨ ਆਬਾਦੀ ਵਾਲੇ ਦੇਸ਼ ਲਈ ਇਹ ਮਸਲਾ ਵਿਸ਼ੇਸ਼ ਮਹੱਤਵ ਰੱਖਦਾ ਹੈ। ਹਰ ਸਾਲ ਲੱਖਾਂ ਨੌਜਵਾਨ ਡਿਗਰੀਆਂ ਲੈ ਕੇ ਰੁਜ਼ਗਾਰ ਬਾਜ਼ਾਰ ਵਿੱਚ ਦਾਖ਼ਲ ਹੁੰਦੇ ਹਨ। ਉਨ੍ਹਾਂ ਨੂੰ ਸਿਰਫ਼ ਨੌਕਰੀ ਨਹੀਂ, ਸਗੋਂ ਪਹਿਲਾ ਮੌਕਾ, ਸਿਖਲਾਈ, ਆਰਥਿਕ ਖ਼ੁਦਮੁਖ਼ਤਿਆਰੀ ਅਤੇ ਆਪਣੀ ਯੋਗਤਾ ਸਾਬਤ ਕਰਨ ਲਈ ਮੌਕਾ ਚਾਹੀਦਾ ਹੈ।

ਏਆਈ ਕਾਰਨ ਨਵੇਂ ਹੁਨਰਾਂ ਦੀ ਮੰਗ ਵੀ ਵਧ ਰਹੀ ਹੈ। ਇਸ ਲਈ ਹੱਲ ਤਕਨੀਕ ਨੂੰ ਰੋਕਣਾ ਨਹੀਂ, ਬਲਕਿ ਸਿੱਖਿਆ ਅਤੇ ਰੁਜ਼ਗਾਰ ਵਿਚਕਾਰਲੀ ਦੂਰੀ ਘਟਾਉਣਾ ਹੈ। ਕਾਲਜਾਂ ਨੂੰ ਸਿਰਫ਼ ਸਿਧਾਂਤਕ ਗਿਆਨ ਨਹੀਂ, ਸਗੋਂ ਅਸਲ ਪ੍ਰੋਜੈਕਟਾਂ, ਤੱਥ-ਜਾਂਚ, ਸਮੱਸਿਆ-ਹੱਲ, ਸੰਚਾਰ ਅਤੇ ਏਆਈ ਦੇ ਜ਼ਿੰਮੇਵਾਰ ਇਸਤੇਮਾਲ ਦੀ ਸਿਖਲਾਈ ਦੇਣੀ ਚਾਹੀਦੀ ਹੈ। ਕੰਪਨੀਆਂ ਨੂੰ ਇੰਟਰਨਸ਼ਿਪ, ਅਪ੍ਰੈਂਟਿਸਸ਼ਿਪ ਅਤੇ ਨਵੇਂ ਮੁਲਾਜ਼ਮਾਂ ਲਈ ਮਾਰਗਦਰਸ਼ਨ ਦੇ ਪ੍ਰਬੰਧ ਮਜ਼ਬੂਤ ਕਰਨੇ ਚਾਹੀਦੇ ਹਨ।

ਸਰਕਾਰ ਨੂੰ ਵੀ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹੁਨਰ-ਵਿਕਾਸ ਦੀਆਂ ਨੀਤੀਆਂ ਸਿਰਫ਼ ਘੰਟੇ ਪੂਰੇ ਕਰਕੇ ਸਰਟੀਫਿਕੇਟ ਵੰਡਣ ਤੱਕ ਸੀਮਤ ਨਾ ਰਹਿਣ, ਸਗੋਂ ਨੌਜਵਾਨਾਂ ਨੂੰ ਅਸਲ ਕੰਮ ਦਾ ਤਜਰਬਾ ਦੇਣ। ਨਾਲ ਹੀ, ਭਰਤੀ ਅਤੇ ਰੁਜ਼ਗਾਰ ਦੇ ਅੰਕੜਿਆਂ ਦੀ ਨਿਯਮਤ ਨਿਗਰਾਨੀ ਹੋਵੇ, ਤਾਂ ਜੋ ਤਕਨਾਲੋਜੀ ਦੇ ਲਾਭਾਂ ਅਤੇ ਨੁਕਸਾਨਾਂ ਬਾਰੇ ਫ਼ੈਸਲੇ ਅਨੁਮਾਨਾਂ ਦੀ ਬਜਾਏ ਸਬੂਤਾਂ ਦੇ ਆਧਾਰ 'ਤੇ ਲਏ ਜਾ ਸਕਣ।

ਏਆਈ ਦੇ ਯੁੱਗ ਵਿੱਚ ਸਭ ਤੋਂ ਵੱਡੀ ਚੁਣੌਤੀ ਮਸ਼ੀਨਾਂ ਨਾਲ ਮੁਕਾਬਲਾ ਕਰਨਾ ਨਹੀਂ, ਸਗੋਂ ਅਜਿਹੀ ਢੰਗ ਬਣਾਉਣਾ ਹੈ ਜਿਸ ਵਿੱਚ ਮਸ਼ੀਨਾਂ ਮਨੁੱਖੀ ਸਮਰੱਥਾ ਨੂੰ ਵਧਾਉਣ ਅਤੇ ਮਨੁੱਖ ਨੂੰ ਸਿੱਖਣ, ਸੋਚਣ ਤੇ ਅੱਗੇ ਵਧਣ ਦੇ ਹੋਰ ਮੌਕੇ ਮਿਲਣ। ਹਰ ਦੁਹਰਾਇਆ ਜਾਣ ਵਾਲਾ ਕੰਮ ਮਨੁੱਖ ਲਈ ਲਾਜ਼ਮੀ ਨਹੀਂ, ਪਰ ਹਰ ਮੁੱਢਲਾ ਕੰਮ ਬੇਮਤਲਬ ਵੀ ਨਹੀਂ। ਕਈ ਵਾਰ ਇਹੀ ਛੋਟੇ ਕੰਮ ਵੱਡੀ ਸੂਝ ਦੀ ਨੀਂਹ ਬਣਦੇ ਹਨ।

ਕਾਰਪੋਰੇਟ ਜਗਤ ਨੂੰ ਸਮਝਣਾ ਪਵੇਗਾ ਕਿ ਅੱਜ ਦੇ ਨਵੇਂ ਮੁਲਾਜ਼ਮ ਕੱਲ੍ਹ ਦੇ ਮਾਹਿਰ, ਪ੍ਰਬੰਧਕ ਅਤੇ ਆਗੂ ਹਨ। ਜੇ ਅੱਜ ਸਿਖਲਾਈ ਦੇ ਖ਼ਰਚੇ ਤੋਂ ਬਚਣ ਲਈ ਨੌਜਵਾਨਾਂ ਨੂੰ ਮੌਕੇ ਨਹੀਂ ਦਿੱਤੇ ਜਾਂਦੇ, ਤਾਂ ਕੱਲ੍ਹ ਤਜਰਬੇ ਦੀ ਘਾਟ ਦੀ ਕੀਮਤ ਵੀ ਉਸੇ ਵਿਵਸਥਾ ਨੂੰ ਚੁਕਾਉਣੀ ਪਵੇਗੀ।

ਤਰੱਕੀ ਦਾ ਅਰਥ ਸਿਰਫ਼ ਘੱਟ ਸਮੇਂ ਵਿੱਚ ਵੱਧ ਕੰਮ ਕਰਨਾ ਨਹੀਂ, ਤਰੱਕੀ ਉਹ ਹੈ ਜਿਸ ਵਿੱਚ ਮਨੁੱਖੀ ਮਿਹਨਤ ਦੀ ਕਦਰ, ਨੌਜਵਾਨਾਂ ਦੇ ਭਵਿੱਖ ਅਤੇ ਸਮਾਜ ਦੀ ਸਾਂਝੀ ਖ਼ੁਸ਼ਹਾਲੀ ਵੀ ਸ਼ਾਮਲ ਹੋਵੇ।

ਕਿਉਂਕਿ ਜੇ ਅਸੀਂ ਹਰ ਕੰਮ ਨੂੰ ਤੇਜ਼ ਕਰਨ ਦੀ ਦੌੜ ਵਿੱਚ ਮਨੁੱਖ ਨੂੰ ਸਿੱਖਣ ਲਈ ਲੋੜੀਂਦਾ ਸਮਾਂ ਹੀ ਖੋਹ ਲਿਆ, ਤਾਂ ਹੋ ਸਕਦਾ ਹੈ ਸਾਡੇ ਕੋਲ ਦੁਨੀਆ ਦੀਆਂ ਸਭ ਤੋਂ ਤੇਜ਼ ਮਸ਼ੀਨਾਂ ਹੋਣ, ਪਰ ਉਨ੍ਹਾਂ ਨੂੰ ਸਮਝਦਾਰੀ ਨਾਲ ਚਲਾਉਣ ਵਾਲੇ ਤਜਰਬੇਕਾਰ ਮਨੁੱਖ ਨਹੀਂ ਸਗੋਂ ਰੋਬਰਟ ਹੀ ਹੋਣਗੇ।

# ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ ਆਮ ਆਦਮੀ ਕਲੀਨਿਕ : ਵਿਧਾਇਕ ਲਖਬੀਰ ਸਿੰਘ ਰਾਏ

ਫ਼ਤਹਿਗੜ੍ਹ ਸਾਹਿਬ, 15 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਕਲੀਨਿਕ ਪੰਜਾਬ ਸਰਕਾਰ ਦੀ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਦੇ ਨੇੜੇ ਪਹੁੰਚਾਉਣ ਦੀ ਇੱਕ ਅਹਿਮ ਪਹਿਲ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਝਾਮਪੁਰ ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਨ ਮੌਕੇ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਇਨ੍ਹਾਂ ਕਲੀਨਿਕਾਂ ਰਾਹੀਂ ਆਮ ਲੋਕਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ, ਮਾਹਿਰ



ਡਾਕਟਰਾਂ ਦੀ ਸਲਾਹ, ਲੋੜੀਂਦੀਆਂ ਦਵਾਈਆਂ ਅਤੇ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਟੈਸਟਾਂ ਦੀਆਂ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਨਾਲ ਲੋਕਾਂ ਨੂੰ ਛੋਟੀਆਂ-ਮੋਟੀਆਂ ਬਿਮਾਰੀਆਂ ਦੇ ਇਲਾਜ ਲਈ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਘਟਦੀ ਹੈ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਬਿਮਾਰੀਆਂ ਨੂੰ ਗੰਭੀਰ ਹੋਣ ਤੋਂ ਰੋਕਣ ਵਿੱਚ ਵੀ ਮਦਦ ਮਿਲਦੀ ਹੈ। ਸ. ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਬਿਹਤਰ, ਸੁਖਾਲੀਆਂ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ, ਤਾਂ ਜੋ ਆਰਥਿਕ ਤੰਗੀ ਕਾਰਨ ਕਿਸੇ ਵੀ ਵਿਅਕਤੀ ਨੂੰ ਇਲਾਜ ਤੋਂ ਵਾਂਝਾ ਨਾ ਰਹਿਣਾ ਪਵੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਆਮ ਆਦਮੀ ਕਲੀਨਿਕ ਖੁੱਲ੍ਹਣ ਨਾਲ ਖਾਸ ਕਰਕੇ ਬਜ਼ੁਰਗਾਂ, ਔਰਤਾਂ, ਬੱਚਿਆਂ ਅਤੇ ਲੋੜਵੰਦ ਪਰਿਵਾਰਾਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕਾ ਫਤਿਹਗੜ੍ਹ ਸਾਹਿਬ ਵਿੱਚ ਸਿਹਤ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਲੋਕਾਂ ਨੂੰ ਮਿਆਰੀ ਇਲਾਜ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾਂਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਜਸਬੀਰ ਸਿੰਘ ਪੰਚ ਗੁਰਮੁਖ ਸਿੰਘ ਪੰਚ ਜਸਪਾਲ ਸਿੰਘ ਨੰਬਰਦਾਰ ਪ੍ਰੀਤ ਇੰਦਰਪਾਲ ਸਿੰਘ ਪ੍ਰਧਾਨ ਗਗਨਦੀਪ ਸਿੰਘ ਅਮਨਦੀਪ ਸਿੰਘ ਗੁਰਵਿੰਦਰ ਸਿੰਘ ਦਰਸ਼ਨ ਸਿੰਘ ਰਾਜਦੀਪ ਸਿੰਘ, ਮੇਜਰ ਸਿੰਘ, ਤਰਨਜੋਤ ਸਿੰਘ, ਆਦਿ ਵੀ ਹਾਜਰ ਸਨ।

# ਨੌਜਵਾਨਾਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਵਿਰਸੇ ਨਾਲ ਜੋੜਨ ਲਈ ਭਾਸ਼ਾ ਵਿਭਾਗ ਦੇ ਉਪਰਾਲੇ ਸ਼ਲਾਘਾਯੋਗ: ਐਸ.ਡੀ.ਐਮ

ਫ਼ਤਹਿਗੜ੍ਹ ਸਾਹਿਬ, 15 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਭਾਸ਼ਾ ਦਫਤਰ ਵਲੋਂ ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ ਅਤੇ ਇਤਿਹਾਸ ਵਿੱਚ ਰੁਚੀ ਪ੍ਰਫੁੱਲਿਤ ਕਰਨ ਲਈ ਕੀਤੇ ਜਾਣ ਵਾਲੇ ਉਪਰਾਲੇ ਸ਼ਲਾਘਾਯੋਗ ਹਨ ਅਤੇ ਇਸ ਦੌਰ ਵਿੱਚ ਭਾਸ਼ਾ ਦੇ ਕੌਸ਼ਲ ਦੀ ਨਿਪੁੰਨਤਾ ਦੇ ਪੱਖੋਂ ਇਨ੍ਹਾਂ ਦੀ ਸਾਰਥਿਕਤਾ ਹੋਰ ਵੀ ਵੱਧ ਜਾਂਦੀ ਹੈ।

ਇਹ ਪ੍ਰਗਟਾਵਾ ਐਸ ਡੀ ਐਮ ਫ਼ਤਹਿਗੜ੍ਹ ਸਾਹਿਬ ਕਰੁਨ ਗੁਪਤਾ ਨੇ ਭਾਸ਼ਾ ਵਿਭਾਗ ਵੱਲੋਂ ਸਥਾਨਕ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਵਿਖੇ ਪੰਜਾਬੀ ਸਾਹਿਤ ਅਤੇ ਵਿਰਸੇ ਨਾਲ਼ ਸਬੰਧਤ ਕਰਵਾਏ ਗਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਸੰਬੋਧਨ ਕਰਦੇ ਕੀਤਾ।

ਐਸ ਡੀ ਐਮ ਨੇ ਕਿਹਾ ਕਿ ਅਜਿਹੇ ਮੁਕਾਬਲੇ ਜਿੱਥੇ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨਾਲ ਵਿਦਿਆਰਥੀਆਂ ਦੀ ਸਾਂਝ ਪੈਦਾ ਕਰਦੇ ਹਨ ਉੱਥੇ ਹੀ ਵਿਦਿਆਰਥੀਆਂ ਅੰਦਰ ਮੁਕਾਬਲੇ ਦੀ ਭਾਵਨਾ ਦਾ ਸੰਚਾਰ ਵੀ ਕਰਦੇ ਹਨ। ਇਸ ਮੌਕੇ ਉਹਨਾਂ ਜੇਤੂ



ਵਿਦਿਆਰਥੀਆਂ ਨੂੰ ਇਨਾਮ ਵਜੋਂ ਨਕਦ ਰਾਸ਼ੀ ਅਤੇ ਸਰਟੀਫਿਕੇਟ ਵੀ ਵੰਡੇ।

ਖੋਜ ਅਫ਼ਸਰ ਸੰਦੀਪ ਸਿੰਘ ਨੇ ਦੱਸਿਆ ਕਿ ਇਸ ਮੌਕੇ ਜ਼ਿਲ੍ਹੇ ਭਰ ਦੇ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚੋਂ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ਼ ਹਿੱਸਾ ਲਿਆ। ਓਹਨਾ ਦੱਸਿਆ ਕਿ ਵਰਗ ੳ ਵਿੱਚ ਛੇਵੀਂ ਜਮਾਤ ਤੋਂ ਅੱਠਵੀਂ ਜਮਾਤ ਤੱਕ, ਵਰਗ ਅ ਵਿੱਚ ਨੌਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਮੁਕਾਬਲਿਆਂ ਵਿੱਚ ੳ-ਵਰਗ ਵਿੱਚ ਗੋਬਿੰਦਗੜ੍ਹ ਪਬਲਿਕ ਸਕੂਲ, ਮੰਡੀ ਗੋਬਿੰਦਗੜ੍ਹ ਦੇ ਵਿਦਿਆਰਥੀ ਮਨਸੁੱਖ ਸਿੰਘ ਨੇ ਪਹਿਲਾ ਸਥਾਨ, ਅਸ਼ੋਕਾ ਪਬਲਿਕ ਸਕੂਲ ਦੀ ਵਿਦਿਆਰਥਣ ਜਪਕੀਰਤ ਕੌਰ ਨੇ ਦੂਜਾ ਸਥਾਨ ਅਤੇ ਸਰਕਾਰੀ ਮਿਡਲ ਸਕੂਲ, ਰੈਲੀ ਦੀ ਵਿਦਿਆਰਥਣ ਜਸਨੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਵਰਗ-ਅ ਵਿੱਚ ਬਾਬਾ ਜੋਰਾਵਰ ਸਿੰਘ ਬਾਬਾ ਫਤਹ ਸਿੰਘ ਸੀਨੀਅਰ ਸੈਕੈਂਡਰੀ ਪਬਲਿਕ ਸਕੂਲ ਦੇ ਵਿਦਿਆਰਥੀ ਮੁਹੰਮਦ ਆਬਿਦ ਨੇ ਪਹਿਲਾ ਸਥਾਨ, ਮਾਤਾ ਗੁਜਰੀ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀ ਮੁਹੰਮਦ ਆਦਿਲ ਨੇ ਦੂਜਾ ਸਥਾਨ ਅਤੇ ਸ.ਕੰ.ਸ.ਸੀ.ਸੈ.ਸਕੂਲ ਮੰਡੀ ਗੋਬਿੰਦਗੜ੍ਹ ਦੀ ਵਿਦਿਆਰਥਣ ਅਵਨੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਓਹਨਾ ਦੱਸਿਆ ਕਿ ਦੋਵੇਂ ਵਰਗਾਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨਵੰਬਰ ਵਿੱਚ ਹੋਣ ਵਾਲੇ ਰਾਜ ਪੱਧਰੀ ਮੁਕਾਬਲੇ ਵਿੱਚ ਭਾਗ ਲੈਣਗੇ। ਇਸ ਮੌਕੇ ਲੈਕਚਰਾਰ ਕੰਵਲਜੀਤ ਸਿੰਘ ਸੋਹੀ, ਲੈਕਚਰਾਰ ਕੁਲਦੀਪ ਸਿੰਘ ਦੀਪ, ਰਾਜ ਕੁਮਾਰ, ਕਵਲਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

# ਪੰਜ ਕੇਸਾਂ ਵਾਲੇ ਅਸ਼ਵਨੀ ਨੂੰ ਹੱਥੋਂ ਹੱਥ ਅਸਲਾ ਲਾਇਸੈਂਸ, ਮੁਲਜ਼ਮ ਕੋਲ ਇੱਕ ਪਿਸਟਲ ਤੇ ਇੱਕ ਗੰਨ

ਚੰਡੀਗੜ੍ਹ, 15 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਪ੍ਰਸ਼ਾਸਨ ਮਾਨਸਾ ਨੇ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਹੱਥੋਂ ਹੱਥ ਅਸਲਾ ਲਾਇਸੈਂਸ ਜਾਰੀ ਕੀਤਾ ਸੀ ਤੇ ਮੁਲਜ਼ਮ 'ਤੇ ਦਰਜ ਪੰਜ ਪੁਲੀਸ ਕੇਸਾਂ ਦੀ ਵੀ ਅਣਦੇਖੀ ਕਰ ਦਿੱਤੀ ਗਈ। ਇਨ੍ਹਾਂ ਪੁਲੀਸ ਕੇਸਾਂ 'ਚ ਤਿੰਨ ਕੇਸ ਤਾਂ ਇਕੱਲੇ ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦਰਜ ਸਨ ਪ੍ਰੰਤੂ ਇਸ ਦੇ ਬਾਵਜੂਦ ਮਾਨਸਾ ਪ੍ਰਸ਼ਾਸਨ ਨੇ ਅਸਲਾ ਲਾਇਸੈਂਸ ਜਾਰੀ ਕਰ ਦਿੱਤਾ। ਕੀ ਕਿਸੇ ਸਿਆਸੀ ਹਸਤੀ ਦੇ ਦਬਾਓ ਹੇਠ ਅਸਲਾ ਲਾਇਸੈਂਸ ਜਾਰੀ ਹੋਇਆ ਹੈ, ਇਹ ਤਾਂ ਜਾਂਚ ਦਾ ਵਿਸ਼ਾ ਹੈ ਪ੍ਰੰਤੂ ਵਧੀਕ ਡਿਪਟੀ ਕਮਿਸ਼ਨਰ ਮਾਨਸਾ ਨੇ 21 ਅਗਸਤ 2024 ਨੂੰ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕੀਤਾ ਸੀ।

ਇਸੇ ਅਸਲਾ ਲਾਇਸੈਂਸ ਦੇ ਅਧਾਰ 'ਤੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰਨ ਵਾਲੇ ਅਸ਼ਵਨੀ ਕੁਮਾਰ ਨੇ ਦੋ ਲਾਇਸੈਂਸੀ ਹਥਿਆਰ ਰੱਖੇ ਹੋਏ ਹਨ। ਜ਼ਿਲ੍ਹਾ ਮੈਜਿਸਟਰੇਟ ਮਾਨਸਾ ਨੇ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਜ਼ਿਲ੍ਹਾ ਪੁਲੀਸ ਦੀ ਸਿਫ਼ਾਰਸ਼ 'ਤੇ ਅਸਲਾ ਲਾਇਸੈਂਸ ਜਾਰੀ ਕੀਤਾ। ਵੇਰਵਿਆਂ ਅਨੁਸਾਰ ਅਸ਼ਵਨੀ ਕੁਮਾਰ ਕੋਲ ਇੱਕ ਪਿਸਟਲ (7.62 ਐੱਮ ਐੱਮ) ਅਤੇ ਇੱਕ ਬਾਰਾਂ ਬੋਰ ਦੀ ਗੰਨ ਸੀ। ਮੁਲਜ਼ਮ ਅਸ਼ਵਨੀ ਕੁਮਾਰ ਦੇ ਲਾਇਸੈਂਸ ਦੀ ਵੈਧਤਾ 21 ਅਗਸਤ 2024 ਤੋਂ 20 ਅਗਸਤ 2029 ਤੱਕ ਦੀ ਸੀ।

ਮਾਨਸਾ 'ਚ ਆਪਣੀ ਦਵਾਈਆਂ ਦੀ ਦੁਕਾਨ 'ਚ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰਨ ਲਈ ਅਸ਼ਵਨੀ ਕੁਮਾਰ ਨੇ ਇਹੋ ਲਾਇਸੈਂਸੀ ਹਥਿਆਰ ਦੀ ਵਰਤੋਂ ਕੀਤੀ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਅਸ਼ਵਨੀ ਕੁਮਾਰ ਨੂੰ ਇੱਕੋ ਸਮੇਂ 50 ਕਾਰਤੂਸ ਖ਼ਰੀਦਣ ਅਤੇ ਇੱਕ ਸਾਲ 'ਚ 100 ਕਾਰਤੂਸ ਖ਼ਰੀਦਣ ਦਾ ਅਧਿਕਾਰ ਵੀ ਦਿੱਤਾ ਹੋਇਆ ਸੀ। ਮਾਨਸਾ ਦੇ ਐੱਸ ਐੱਸ ਪੀ ਵੱਲੋਂ ਇਸ ਅਸਲਾ ਲਾਇਸੈਂਸ ਲਈ ਕੀਤੀ ਸਿਫ਼ਾਰਸ਼ 'ਚ ਅਸ਼ਵਨੀ ਕੁਮਾਰ 'ਤੇ ਦਰਜ ਪੰਜ ਪੁਲੀਸ ਕੇਸਾਂ ਦਾ ਜ਼ਿਕਰ ਵੀ ਕੀਤਾ ਹੈ ਅਤੇ ਇਸ ਤੋਂ ਇਲਾਵਾ ਅਸ਼ਵਨੀ ਕੁਮਾਰ ਲਈ ਖ਼ਤਰੇ ਦਾ ਅਧਾਰ ਮਾਨਸਾ ਦੇ ਸਿਟੀ-2 'ਚ ਦਰਜ ਐੱਫ਼ ਆਈ ਆਰ 66 (ਮਿਤੀ 4 ਅਪਰੈਲ 2024) ਨੂੰ ਬਣਾਇਆ ਗਿਆ।

ਐੱਸ ਐੱਸ ਪੀ ਨੇ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕਰਨ ਦੀ ਸਿਫ਼ਾਰਸ਼ 9 ਅਗਸਤ 2024 ਨੂੰ ਨੰਬਰ 91/ਐੱਨ ਏ ਐੱਲ ਤਹਿਤ ਕੀਤੀ ਅਤੇ ਵਧੀਕ ਡਿਪਟੀ ਕਮਿਸ਼ਨਰ ਨੇ 21 ਅਗਸਤ 2024 ਨੂੰ ਅਸਲਾ ਲਾਇਸੈਂਸ ਜਾਰੀ ਕਰ ਦਿੱਤਾ। ਪ੍ਰਾਪਤ ਵੇਰਵਿਆਂ ਅਨੁਸਾਰ ਆਮ ਤੌਰ 'ਤੇ ਜ਼ਿਲ੍ਹਾ ਮੈਜਿਸਟਰੇਟ ਉਸ ਕਿਸੇ ਵਿਅਕਤੀ ਨੂੰ ਵੀ ਅਸਲਾ ਲਾਇਸੈਂਸ ਜਾਰੀ ਨਹੀਂ ਕਰਦੇ ਜਿਸ 'ਤੇ ਕੋਈ ਪੁਲੀਸ ਕੇਸ ਦਰਜ ਹੁੰਦਾ ਹੈ।






# ਸੀ-ਪਾਈਟ ਕੈਂਪ ਸ਼ਹੀਦਗੜ੍ਹ ਵਿਖੇ ਪੰਜਾਬ ਪੁਲਿਸ ਕਾਂਸਟੇਬਲ ਦੇ ਫਿਜ਼ੀਕਲ ਟੈਸਟ ਲਈ ਸਿਖਲਾਈ ਸ਼ੁਰੂ



**ਫ਼ਤਹਿਗੜ੍ਹ ਸਾਹਿਬ, 15 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀ ਪਾਈਟ ਕੈਂਪ, ਸ਼ਹੀਦਗੜ੍ਹ ਵੱਲੋਂ ਪੰਜਾਬ ਪੁਲਿਸ ਕਾਂਸਟੇਬਲ ਦੇ ਫਿਜ਼ੀਕਲ ਟੈਸਟ ਲਈ ਸਿਖਲਾਈ ਸ਼ੁਰੂ ਹੋ ਚੁੱਕੀ ਹੈ। ਇਹ ਜਾਣਕਾਰੀ ਦਿੰਦਿਆਂ ਸਿਖਲਾਈ ਅਧਿਕਾਰੀ ਆਨਰੇਰੀ ਕੈਪਟਨ ਇੰਦਰਜੀਤ ਕੁਮਾਰ ਨੇ ਦੱਸਿਆ ਕਿ ਪੰਜਾਬ ਪੁਲਿਸ ਕਾਂਸਟੇਬਲ ਦੇ ਫਿਜ਼ੀਕਲ ਟਰਾਇਲ 31 ਅਕਤੂਬਰ ਤੱਕ ਚੱਲਣੇ ਹਨ, ਜਿਹੜੇ ਨੌਜਵਾਨਾਂ ਨੇ ਤਿਆਰੀ ਕਰਨੀ ਹੈ, ਉਹ ਨਿੱਜੀ ਤੌਰ ਤੇ ਸੀ-ਪਾਈਟ ਕੈਂਪ, ਪਿੰਡ ਸ਼ਹੀਦਗੜ੍ਹ, ਨੇੜੇ ਬੱਸੀ ਪਠਾਣਾਂ ਵਿਖੇ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਕੇ ਟ੍ਰੇਨਿੰਗ ਸ਼ੁਰੂ ਕਰ ਸਕਦੇ ਹਨ। ਉਹਨਾਂ ਦੱਸਿਆ ਕਿ ਨੌਜਵਾਨ ਰਜਿਸਟਰੇਸ਼ਨ ਕਰਵਾਉਣ ਲਈ ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਭਰਤੀ ਲਈ ਆਨ-ਲਾਈਨ ਅਪਲਾਈ ਕੀਤੇ ਫਾਰਮ / ਐਡਮਿਟ ਕਾਰਡ ਦੀ ਫੋਟੋ ਕਾਪੀ, ਅਧਾਰ ਕਾਰਡ ਦੀ ਫੋਟੋ ਕਾਪੀ, ਜਾਤੀ ਸਰਟੀਫਿਕੇਟ ਅਤੇ ਰੈਜੀਡੈਂਸੀ ਸਰਟੀਫਿਕੇਟ ਦੀ ਫੋਟੋ ਕਾਪੀ, 02 ਤਾਜ਼ਾ ਪਾਸਪੋਰਟ ਸਾਈਜ਼ ਫੋਟੋਆਂ ਜਰੂਰ ਲੈ ਕੇ ਆਉਣ। ਸਿਖਲਾਈ ਦੌਰਾਨ ਯੁਵਕਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫ਼ਤ ਦਿੱਤੀ ਜਾਵੇਗੀ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 9877678994 ਅਤੇ 7888586296 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਵਿਧਾਇਕ ਲਖਬੀਰ ਸਿੰਘ ਰਾਏ ਨੇ ਪਿੰਡ ਸ਼ਾਮਪੁਰ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਕੀਤਾ ਉਦਘਾਟਨ



**ਫ਼ਤਹਿਗੜ੍ਹ ਸਾਹਿਬ, 15 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਨਗ੍ਰੇਨ ਦੇ ਚੇਅਰਮੈਨ ਸ੍ਰੀ ਤੇਜਪਾਲ ਸਿੰਘ ਨੇ ਅੱਜ ਸਰਹਿੰਦ ਮੰਡੀ ਵਿਖੇ ਪਹੁੰਚ ਕੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਚੱਲ ਰਹੇ ਖਰੀਦ ਪ੍ਰਬੰਧਾਂ ਸਬੰਧੀ ਅਧਿਕਾਰੀਆਂ ਅਤੇ ਸਬੰਧਤ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਆਮਦ ਦੇ ਨਾਲ-ਨਾਲ ਖਰੀਦ ਅਤੇ ਲਿਫਟਿੰਗ ਦੀ ਪ੍ਰਕਿਰਿਆ ਵੀ ਨਿਰੰਤਰ ਜਾਰੀ ਰੱਖੀ ਜਾਵੇ, ਤਾਂ ਜੋ ਫ਼ਸਲ ਦੇ ਢੇਰ ਲੱਗਣ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਅਤੇ ਮਾਰਕੀਟ ਕਮੇਟੀਆਂ ਦੇ ਅਧਿਕਾਰੀ ਖਰੀਦ ਪ੍ਰਕਿਰਿਆ ਦੀ ਨਿਯਮਤ ਨਿਗਰਾਨੀ ਕਰਨ ਅਤੇ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਯਕੀਨੀ ਬਣਾਉਣ।

ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਅਮਰਿੰਦਰ ਸਿੰਘ ਮੰਡੋਫਲ, ਸਾਧੂ ਰਾਮ ਭੱਟਮਾਜਰਾ, ਤਰਸੇਮ ਲਾਲ ਉਪਲ, ਸਤਨਾਮ ਅਰੋੜਾ, ਸੈਲਰ ਯੂਨੀਅਨ ਦੇ ਪ੍ਰਧਾਨ ਸ੍ਰੀ ਕੁਲਦੀਪ ਸਿੰਘ ਸੌਂਡਾ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਮੀਨਾਕਸ਼ੀ, ਖੁਰਾਕ ਤੇ ਸਪਲਾਈ ਅਫ਼ਸਰ ਕੇਵਲ ਸਿੰਘ, ਇੰਸਪੈਕਟਰ ਫੂਡ ਸਪਲਾਈ ਭਵਨਜੀਤ ਸਿੰਘ, ਪਨਸਪ ਦੇ ਇੰਸਪੈਕਟਰ ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ ਅਤੇ ਹੋਰ ਅਧਿਕਾਰੀ ਤੇ ਨੁਮਾਇੰਦੇ ਹਾਜ਼ਰ ਸਨ।

# ਮਾਡਲ ਸਕੂਲ ਵਿਖੇ ਡਾ. ਏ.ਪੀ.ਜੇ. ਅਬਦੁਲ ਕਲਾਮ ਨੂੰ ਸ਼ਰਧਾਂਜਲੀ ਭੇਟ ਕੀਤੀ



**ਪਟਿਆਲਾ, 15 ਅਕਤੂਬਰ**
**-ਜੀ. ਐਸ. ਤੁੰਗ-**

ਸੀਨੀਅਰ ਸੈਕੰਡਰੀ ਮਾਡਲ ਸਕੂਲ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਅੱਜ ਸਵੇਰ ਦੀ ਸਭਾ ਦੌਰਾਨ ਭਾਰਤ ਦੇ ਸਾਬਕਾ ਰਾਸ਼ਟਰਪਤੀ ਅਤੇ ਮਹਾਨ ਵਿਗਿਆਨੀ ਡਾ. ਏ.ਪੀ.ਜੇ. ਅਬਦੁਲ ਕਲਾਮ ਨੂੰ ਯਾਦ ਕੀਤਾ ਗਿਆ।

ਇਸ ਮੌਕੇ ਸਕੂਲ ਦੀ ਵਿਦਿਆਰਥੀ-ਅਧਿਆਪਕਾ ਜਸ਼ਨਪ੍ਰੀਤ ਕੌਰ ਨੇ ਡਾ. ਕਲਾਮ ਦੇ ਜੀਵਨ, ਪ੍ਰਾਪਤੀਆਂ ਅਤੇ ਦੇਸ਼ ਪ੍ਰਤੀ ਉਨ੍ਹਾਂ ਦੇ ਯੋਗਦਾਨ ਬਾਰੇ ਚਾਨਣਾ ਪਾਇਆ।
ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਾ. ਕਲਾਮ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਮਿਹਨਤ, ਲਗਨ ਅਤੇ ਦੇਸ਼-ਪ੍ਰੇਮ ਦੀਆਂ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ।

ਸਕੂਲ ਇੰਚਾਰਜ ਸ੍ਰੀ ਸਤਵੀਰ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਡਾ. ਅਬਦੁਲ ਕਲਾਮ ਨੇ ਭਾਰਤ ਦੇ ਮਿਜ਼ਾਈਲ ਵਿਕਾਸ ਪ੍ਰੋਗਰਾਮ ਵਿੱਚ ਅਹਿਮ ਭੂਮਿਕਾ ਨਿਭਾਈ। ਖ਼ਾਸ ਤੌਰ 'ਤੇ 'ਪ੍ਰਿਥਵੀ' ਅਤੇ 'ਅਗਨੀ' ਮਿਜ਼ਾਈਲਾਂ ਦੇ ਵਿਕਾਸ ਵਿੱਚ ਉਨ੍ਹਾਂ ਦੇ ਯੋਗਦਾਨ ਸਦਕਾ ਉਨ੍ਹਾਂ ਨੂੰ 'ਮਿਜ਼ਾਈਲ ਮੈਨ ਆਫ਼ ਇੰਡੀਆ' ਦੇ ਨਾਂ ਨਾਲ ਜਾਣਿਆ ਜਾਂਦਾ ਹੈ।

ਇਸ ਸਭਾ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ, ਗਿਆਨ ਪ੍ਰਾਪਤੀ ਅਤੇ ਜੀਵਨ ਵਿੱਚ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਦੀ ਭਾਵਨਾ ਪੈਦਾ ਕਰਨਾ ਸੀ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ਼ ਹਾਜ਼ਰ ਸੀ ਅਤੇ ਸਭ ਨੇ ਇਸ ਮਹਾਨ ਵਿਗਿਆਨੀ ਅਤੇ ਦੂਰਦਰਸ਼ੀ ਨੇਤਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਸ੍ਰੀ ਰਾਮ ਦੇ ਬਨਵਾਸ ਨਾਲ ਸੋਗ ਵਿੱਚ ਡੁੱਬੀ ਅਯੁੱਧਿਆ, ਪੁੱਤਰ ਵਿਯੋਗ ਵਿੱਚ ਮਹਾਰਾਜ ਦਸ਼ਰਥ ਨੇ ਤਿਆਗੇ ਪ੍ਰਾਣ

**ਪਟਿਆਲਾ, 15 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੁੱਤਰ ਵਿਯੋਗ ਦੀ ਅਸਹਿ ਪੀੜਾ, ਪਿਤਾ ਦੇ ਵਚਨ ਦੀ ਮਰਿਆਦਾ ਅਤੇ ਸ੍ਰੀ ਰਾਮ ਦੇ ਬਨਵਾਸ ਦੇ ਮਾਰਮਿਕ ਪ੍ਰਸੰਗਾਂ ਨੇ ਜੋੜੀਆਂ ਭੱਠੀਆਂ ਚੌਕ ਵਿੱਚ ਆਯੋਜਿਤ ਸ੍ਰੀ ਰਾਮਲੀਲਾ ਦੇ ਚੌਥੇ ਦਿਨ ਪੂਰੇ ਵਾਤਾਵਰਣ ਨੂੰ ਭਾਵੁਕ ਕਰ ਦਿੱਤਾ। ਮਹਾਰਾਜ ਦਸ਼ਰਥ ਦੇ ਕਿਰਦਾਰ ਵਿੱਚ ਅਸ਼ੀਸ਼ ਗੁਪਤਾ ਨੇ ਆਪਣੀ ਪ੍ਰਭਾਵਸ਼ਾਲੀ ਅਦਾਕਾਰੀ ਨਾਲ ਅਜਿਹਾ ਸਮਾਂ ਬੰਨ੍ਹਿਆ ਕਿ ਉਨ੍ਹਾਂ ਦੇ ਭਾਵਪੂਰਤ ਸੰਵਾਦਾਂ ਅਤੇ ਪੁੱਤਰ ਵਿਯੋਗ ਦੇ ਦ੍ਰਿਸ਼ ਨੇ ਪੰਡਾਲ ਵਿੱਚ ਮੌਜੂਦ ਦਰਸ਼ਕਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ। ਸ੍ਰੀ ਰਾਮ ਦੇ ਬਨਵਾਸ ਜਾਣ ਤੋਂ ਬਾਅਦ ਪੁੱਤਰ ਵਿਯੋਗ ਵਿੱਚ ਮਹਾਰਾਜ ਦਸ਼ਰਥ ਦੇ ਪ੍ਰਾਣ ਤਿਆਗਣ ਦੇ ਦ੍ਰਿਸ਼ ਦਾ ਕਲਾਕਾਰਾਂ ਨੇ ਬੇਹੱਦ ਮਾਰਮਿਕ ਮੰਚਨ ਕੀਤਾ।

ਸ੍ਰੀ ਰਾਮਲੀਲਾ ਪ੍ਰਬੰਧਕ ਕਮੇਟੀ ਅਤੇ ਜੋੜੀਆਂ ਭੱਠੀਆਂ ਰਾਇਲ ਯੂਥ ਕਲੱਬ ਵੱਲੋਂ ਕਲੱਬ ਦੇ ਪ੍ਰਧਾਨ ਵਰੁਣ ਜਿੰਦਲ ਦੀ ਦੇਖਰੇਖ ਵਿੱਚ ਆਯੋਜਿਤ ਸ੍ਰੀ ਰਾਮਲੀਲਾ ਦੇ ਚੌਥੇ ਦਿਨ ਸ੍ਰੀ ਰਾਮ ਨੇ ਪਿਤਾ ਦੇ ਵਚਨ ਨੂੰ ਪੂਰਾ ਕਰਨ ਲਈ ਖੁਸ਼ੀ-ਖੁਸ਼ੀ ਬਨਵਾਸ ਸਵੀਕਾਰ ਕੀਤਾ। ਮਾਤਾ ਸੀਤਾ ਅਤੇ ਲਛਮਣ ਵੀ ਉਨ੍ਹਾਂ ਦੇ ਨਾਲ ਵਨ ਜਾਣ ਲਈ ਤਿਆਰ ਹੋ ਗਏ। ਤਿੰਨਾਂ ਦੇ ਵਨ ਪ੍ਰਸਥਾਨ ਕਰਦਿਆਂ ਹੀ ਅਯੁੱਧਿਆ ਨਗਰੀ ਦੁੱਖ ਵਿੱਚ ਡੁੱਬ ਗਈ। ਮਹਾਰਾਜ ਦਸ਼ਰਥ ਆਪਣੇ ਪੁੱਤਰ ਤੋਂ ਵਿਛੜਨ ਦਾ ਦੁੱਖ ਸਹਿਨ ਨਹੀਂ ਕਰ ਸਕੇ ਅਤੇ ਉਨ੍ਹਾਂ ਨੇ ਆਪਣੇ ਪ੍ਰਾਣ ਤਿਆਗ ਦਿੱਤੇ।

ਸ੍ਰੀ ਰਾਮਲੀਲਾ ਦੇ ਚੌਥੇ ਦਿਨ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਕੂਕਾ ਨੇ ਪਰਿਵਾਰ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਕਲੱਬ ਦੇ ਪ੍ਰਧਾਨ ਵਰੁਣ ਜਿੰਦਲ ਵੱਲੋਂ ਧਰਮ ਅਤੇ ਭਾਰਤੀ ਸੰਸਕ੍ਰਿਤੀ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਨੌਜਵਾਨਾਂ ਨੂੰ ਭਾਰਤੀ ਸੰਸਕ੍ਰਿਤੀ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਤਿਆਗ, ਮਰਿਆਦਾ, ਕਰਤੱਵ ਅਤੇ ਪਰਿਵਾਰਕ ਮੁੱਲਾਂ ਦੀ ਪ੍ਰੇਰਣਾ ਵੀ ਦਿੰਦੇ ਹਨ।

ਕਲੱਬ ਪ੍ਰਧਾਨ ਵਰੁਣ ਜਿੰਦਲ ਨੇ ਦੱਸਿਆ ਕਿ ਨਿਰਦੇਸ਼ਕ ਕੁੰਤਲ ਕੰਬੋਜ ਨੇ ਸ੍ਰੀ ਰਾਮਲੀਲਾ ਵਿੱਚ ਪੇਸ਼ ਕੀਤੇ ਜਾਣ ਵਾਲੇ ਸਾਰੇ ਦ੍ਰਿਸ਼ਾਂ ਨੂੰ ਲਿਖਿਆ ਅਤੇ ਤਿਆਰ ਕੀਤਾ ਹੈ। ਦ੍ਰਿਸ਼ਾਂ ਦੇ ਅਨੁਕੂਲ ਤਿਆਰ ਕੀਤਾ ਮਧੁਰ ਸੰਗੀਤ ਮੰਚਨ ਦੀ ਭਾਵਨਾਤਮਕ ਡੂੰਘਾਈ ਨੂੰ ਹੋਰ ਵਧਾਉਂਦਾ ਹੈ ਅਤੇ ਵਾਤਾਵਰਣ ਨੂੰ ਭਗਤੀਮਈ ਬਣਾ ਦਿੰਦਾ ਹੈ। ਸ੍ਰੀ ਰਾਮਲੀਲਾ ਵਿੱਚ ਪੇਸ਼ ਕੀਤੇ ਜਾ ਰਹੇ ਸਾਰੇ ਦ੍ਰਿਸ਼ ਨਿਰਦੇਸ਼ਕ ਕੁੰਤਲ ਕੰਬੋਜ ਅਤੇ ਸਾਰੇ ਕਲਾਕਾਰਾਂ ਦੀ 2 ਮਹੀਨਿਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹਨ। ਉਨ੍ਹਾਂ ਦੱਸਿਆ ਕਿ ਬੌਬੀ ਵਾਲੀਆ, ਸੁਦੇਸ਼, ਗੀਤਾ ਅਤੇ ਬੱਬੂ ਕਲਾਕਾਰਾਂ ਦਾ ਮੇਕਅੱਪ ਕਰਕੇ ਉਨ੍ਹਾਂ ਦੇ ਕਿਰਦਾਰਾਂ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਯੋਗਦਾਨ ਪਾ ਰਹੇ ਹਨ।

ਪ੍ਰਸਿੱਧ ਨਿਰਦੇਸ਼ਕ ਮੋਹਨ ਕੰਬੋਜ ਵੱਲੋਂ ਸਾਰੇ ਦ੍ਰਿਸ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ ਅਤੇ ਰਾਮਾਇਣ ਦੇ ਵੱਖ-ਵੱਖ ਪ੍ਰਸੰਗਾਂ ਦਾ ਪ੍ਰਭਾਵਸ਼ਾਲੀ ਮੰਚਨ ਕੀਤਾ ਜਾ ਰਿਹਾ ਹੈ। ਚੌਥੇ ਦਿਨ ਭਰਤ ਅਤੇ ਸ਼ਤਰੂਘਨ ਦਾ ਨਾਨਕੇ ਹੋਣਾ, ਕੌਸ਼ਲਿਆ-ਕੈਕੇਈ ਸੰਵਾਦ, ਸ੍ਰੀ ਰਾਮ, ਸੀਤਾ ਅਤੇ ਲਛਮਣ ਦਾ ਮਹਾਰਾਜ ਦਸ਼ਰਥ ਤੋਂ ਵਨ ਜਾਣ ਦੀ ਆਗਿਆ ਲੈਣਾ, ਦਸ਼ਰਥ ਦੀ ਮੌਤ ਤੋਂ ਬਾਅਦ ਅਯੁੱਧਿਆ ਵਿੱਚ ਸੋਗ, ਸ੍ਰੀ ਰਾਮ ਅਤੇ ਕੇਵਟ ਦਾ ਸੰਵਾਦ, ਭਰਤ-ਕੈਕੇਈ ਸੰਵਾਦ, ਭਰਤ-ਸ਼ਤਰੂਘਨ ਸੰਵਾਦ, ਗੁਰੂ ਵਸ਼ਿਸ਼ਟ ਦਾ ਆਉਣਾ ਅਤੇ ਭਰਤ-ਕੌਸ਼ਲਿਆ ਸੰਵਾਦ ਪ੍ਰਮੁੱਖ ਖਿੱਚ ਦਾ ਕੇਂਦਰ ਰਹੇ।

ਮੰਚਨ ਵਿੱਚ ਮਹਾਰਾਜ ਦਸ਼ਰਥ ਦੀ ਭੂਮਿਕਾ ਅਸ਼ੀਸ਼ ਗੁਪਤਾ, ਮਹਾਰਾਣੀ ਕੌਸ਼ਲਿਆ ਦੀ ਭੂਮਿਕਾ ਜਗਜੀਤ ਕੌਰ, ਰਾਣੀ ਸੁਮਿਤਰਾ ਦੀ ਭੂਮਿਕਾ ਅੰਜਲੀ, ਰਾਣੀ ਕੈਕੇਈ ਦੀ ਭੂਮਿਕਾ ਭਾਵਨਾ, ਸ੍ਰੀ ਰਾਮ ਦੀ ਭੂਮਿਕਾ ਗੌਰਵ ਗੋਇਲ, ਲਛਮਣ ਦੀ ਭੂਮਿਕਾ ਨੀਰਜ ਸ਼ਰਮਾ, ਸੀਤਾ ਦੀ ਭੂਮਿਕਾ ਮੋਕਸ਼ਾ, ਗੁਰੂ ਵਸ਼ਿਸ਼ਟ ਦੀ ਭੂਮਿਕਾ ਦਿਵਾਂਸ਼ ਗਰਗ, ਭਰਤ ਦੀ ਭੂਮਿਕਾ ਕਨਵ, ਸ਼ਤਰੂਘਨ ਦੀ ਭੂਮਿਕਾ ਦਿਵਯਮ ਮਿੱਤਲ ਅਤੇ ਕੇਵਟ ਦੀ ਭੂਮਿਕਾ ਨਿਖਿਲ ਨੇ ਨਿਭਾਈ। ਇਨ੍ਹਾਂ ਤੋਂ ਇਲਾਵਾ ਆਦਿਤਿਆ ਸ਼ਰਮਾ, ਮਾਧਵ, ਮੀਤ, ਤਨੀਸ਼ ਅਤੇ ਗੋਰੀਸ਼ ਨੇ ਵੀ ਵੱਖ-ਵੱਖ ਪਾਤਰਾਂ ਦੀਆਂ ਭੂਮਿਕਾਵਾਂ ਨਿਭਾਈਆਂ।

# ਸਟੇਟ ਐਗਰੀਕਲਚਰ ਮਾਰਕਿਟਿੰਗ ਬੋਰਡ ਦੇ ਸਕੱਤਰ ਨੇ ਸੈਕਟਰ 26 ਮੰਡੀ ਵਿੱਚ ਬੁਨਿਆਦੀ ਢਾਂਚੇ ਦੇ ਸੁਧਾਰ ਕਾਰਜਾਂ ਦੀ ਸਮੀਖਿਆ ਕੀਤੀ



**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੈਕਟਰ 26 ਮੰਡੀ ਦੇ ਕੱਲ੍ਹ ਕੀਤੇ ਗਏ ਦੌਰੇ ਤੋਂ ਬਾਅਦ, ਚੰਡੀਗੜ੍ਹ ਪ੍ਰਸ਼ਾਸਨ ਦੇ ਸਟੇਟ ਐਗਰੀਕਲਚਰ ਮਾਰਕਿਟਿੰਗ ਬੋਰਡ ਦੇ ਸਕੱਤਰ, ਸ਼੍ਰੀ ਡੀ. ਕਾਰਤਿਕੇਯਨ,ਆਈਏਐੱਸ ਨੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਚਲ ਰਹੇ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਹਿਤ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਮੀਟਿੰਗ ਵਿੱਚ ਯੂ.ਟੀ.ਚੰਡੀਗੜ੍ਹ ਦੇ ਮੁੱਖ ਇੰਜੀਨੀਅਰ,ਮਾਰਕਿਟ ਕਮੇਟੀ ਦੇ ਪ੍ਰਸ਼ਾਸਕ ਅਤੇ ਇੰਜੀਨੀਅਰਿੰਗ ਵਿਭਾਗ ਤੇ ਨਗਰ ਨਿਗਮ ਦੇ ਅਧਿਕਾਰੀ ਸ਼ਾਮਲ ਹੋਏ।

ਅਨਾਜ ਮੰਡੀ ਅਤੇ ਸਬਜ਼ੀ ਮੰਡੀ ਦੀਆਂ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਨੇ ਵੀ ਇਸ ਮੀਟਿੰਗ ਵਿੱਚ ਹਿੱਸਾ ਲਿਆ।

ਯੂ.ਟੀ. ਚੰਡੀਗੜ੍ਹ ਦੇ ਮੁੱਖ ਇੰਜੀਨੀਅਰ ਨੇ ਮੀਟਿੰਗ ਵਿੱਚ ਦੱਸਿਆ ਕਿ ਜਲ ਨਿਕਾਸੀ ਵਿਵਸਥਾ (ਡ੍ਰੇਨੇਜ) ਦੀ ਅਪਗ੍ਰੇਡੇਸ਼ਨ ਅਤੇ ਸੜਕਾਂ ਦੇ ਕਾਰਜ ਸ਼ੁਰੂ ਹੋ ਚੁੱਕੇ ਹਨ ਅਤੇ ਇਨ੍ਹਾਂ ਨੂੰ ਨਿਰਧਾਰਿਤ ਸਮਾਂ ਸੀਮਾ ਵਿੱਚ ਪੂਰਾ ਕੀਤਾ ਜਾਵੇਗਾ। ਪ੍ਰਗਤੀ ਦੀ ਸਮੀਖਿਆ ਕਰਦੇ ਹੋਏ ਸਕੱਤਰ ਨੇ ਸਬੰਧਿਤ ਵਿਭਾਗਾਂ ਨੂੰ ਕਾਰਜਾਂ ਦੀ ਗੁਣਵੱਤਾ ਸੁਨਿਸ਼ਚਿਤ ਕਰਦੇ ਹੋਏ ਇਨ੍ਹਾਂ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਜ਼ੋਰ ਦਿੱਤਾ ਕਿ ਨਿਰਮਾਣ ਕਾਰਜਾਂ ਦੇ ਦੌਰਾਨ ਵਪਾਰੀਆਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ, ਮੰਡੀ ਦੀਆਂ ਗਤੀਵਿਧੀਆਂ ਵਿੱਚ ਕੋਈ ਵਿਘਨ ਨਾ ਪਵੇ ਅਤੇ ਟ੍ਰੈਫਿਕ ਦਾ ਸੁਚਾਰੂ ਆਵਾਗਮਨ ਸੁਨਿਸ਼ਚਿਤ ਕੀਤਾ ਜਾਵੇ।

ਨਗਰ ਨਿਗਮ ਨੂੰ ਬੇਨਤੀ ਕੀਤੀ ਗਈ ਕਿ ਉਹ ਮੰਡੀ ਦੇ ਅੰਦਰ ਜਨਤਕ ਪਖਾਨਿਆਂ ਦੀ ਸਾਂਭ-ਸੰਭਾਲ਼ ਅਤੇ ਸੰਚਾਲਨ ਦੀ ਜ਼ਿੰਮੇਵਾਰੀ ਸੰਭਾਲ਼ੇ, ਕਿਉਂਕਿ ਇਹ ਨਾਗਰਿਕ ਸੁਵਿਧਾਵਾਂ ਨਿਗਮ ਦੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਹਨ। ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਨੇ ਇਸ ਬੇਨਤੀ ਨੂੰ ਸਵੀਕਾਰ ਕਰ ਲਿਆ।

ਮੰਡੀ ਦੇ ਬਾਹਰ ਸੜਕਾਂ ਦੀ ਖਰਾਬ ਹੁੰਦੀ ਸਥਿਤੀ ਦਾ ਨੋਟਿਸ ਲੈਂਦੇ ਹੋਏ ਸਟੇਟ ਐਗਰੀਕਲਚਰ ਮਾਰਕਿਟਿੰਗ ਬੋਰਡ (ਐੱਸਏਐੱਮਬੀ) ਦੇ ਸਕੱਤਰ ਨੇ ਯੂ.ਟੀ. ਚੰਡੀਗੜ੍ਹ ਦੇ ਮੁੱਖ ਇੰਜੀਨੀਅਰ ਅਤੇ ਨਗਰ ਨਿਗਮ ਨੂੰ ਪ੍ਰਾਥਮਿਕਤਾ ਦੇ ਅਧਾਰ 'ਤੇ ਇਨ੍ਹਾਂ ਸੜਕਾਂ ਦੀ ਸਥਿਤੀ ਸੁਧਾਰਨ ਦੇ ਨਿਰਦੇਸ਼ ਦਿੱਤੇ।

ਸਬਜ਼ੀ ਮੰਡੀ ਦੀਆਂ ਐਸੋਸੀਏਸ਼ਨਾਂ ਦੀ ਮੰਗ 'ਤੇ ਸਟੇਟ ਐਗਰੀਕਲਚਰ ਮਾਰਕਿਟਿੰਗ ਬੋਰਡ (ਐੱਸਏਐੱਮਬੀ) ਦੇ ਸਕੱਤਰ ਨੇ ਮਾਰਕਿਟ ਕਮੇਟੀ ਨੂੰ ਟਰੱਕਾਂ ਦੀ ਪਾਰਕਿੰਗ ਦੀ ਸੁਵਿਧਾ ਲਈ ਸੈਕਟਰ 26 ਸਥਿਤ ਚੰਡੀਗੜ੍ਹ ਕਾਲਜ ਆਵ ? ਇੰਜੀਨੀਅਰਿੰਗ ਦੇ ਨਾਲ ਲਗਦੀ ਪਾਰਕਿੰਗ ਵਾਲੀ ਥਾਂ ਨੂੰ ਨਗਰ ਨਿਗਮ ਨੂੰ ਆਪਣੇ ਅਧੀਨ ਲੈਣ ਦੇ ਨਿਰਦੇਸ਼ ਦਿੱਤੇ।

ਸ਼੍ਰੀ ਡੀ. ਕਾਰਤਿਕੇਯਨ ਨੇ ਮਾਰਕਿਟ ਕਮੇਟੀ ਅਤੇ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਨੂੰ ਨਿਯਮਿਤ ਤੌਰ 'ਤੇ ਸੰਯੁਕਤ ਸਥਲ ਨਿਰੀਖਣ ਕਰਨ ਦੇ ਵੀ ਨਿਰਦੇਸ਼ ਦਿੱਤੇ, ਤਾਕਿ ਚਲ ਰਹੇ ਕਾਰਜਾਂ ਵਿੱਚ ਤਾਲਮੇਲ ਬਣਿਆ ਰਹੇ ਅਤੇ ਮੰਡੀ ਦਾ ਕੰਮਕਾਜ ਸੁਚਾਰੂ ਰੂਪ ਨਾਲ ਚਲਦਾ ਰਹੇ। ਉਨ੍ਹਾਂ ਨੇ ਕਿਹਾ ਕਿ ਕਾਰਜ ਪੂਰੇ ਹੋਣ ਤੱਕ ਨਿਯਮਿਤ ਸਮੀਖਿਆ ਬੈਠਕਾਂ ਆਯੋਜਿਤ ਕੀਤੀਆਂ ਜਾਣਗੀਆਂ।

# ਬੰਦ ਦੇ ਸੱਦੇ ਨੂੰ ਮਾਛੀਵਾੜਾ ਸਾਹਿਬ ਵਿਖੇ ਮਿਲਿਆ ਪੂਰਨ ਸਮਰਥਨ

**ਕਿਸਾਨ ਜਥੇਬੰਦੀਆਂ ਅਤੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਇਕੱਠੇ ਹੋ ਕੇ ਕੱਢਿਆ ਰੋਸ ਮਾਰਚ**



**ਮਾਛੀਵਾੜਾ ਸਾਹਿਬ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੇ ਦਿਨੀ ਮਾਨਸਾ ਵਿਖੇ ਨਸ਼ਿਆਂ ਦਾ ਵਿਰੋਧ ਕਰਨ ਵਾਲੇ ਪਰਮਿੰਦਰ ਸਿੰਘ ਉਰਫ ਝੋਟਾ ਨੂੰ ਮੈਡੀਕਲ ਸਟੋਰ ਮਾਲਕ ਅਸ਼ਵਨੀ ਕੁਮਾਰ ਵੱਲੋਂ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ ਜਿਸ ਦੇ ਰੋਸ ਵਜੋਂ ਅੱਜ ਪੰਜਾਬ ਵਿੱਚ ਬੰਦ ਦਾ ਸੱਦਾ ਦਿੱਤਾ ਗਿਆ ਸੀ। ਇਸ ਸੱਦੇ ਨੂੰ ਮਾਛੀਵਾੜਾ ਸਾਹਿਬ ਵਿੱਚ ਪੂਰਨ ਸਮਰਥਨ ਦਿੰਦਿਆਂ ਸਾਰੀਆਂ ਹੀ ਦੁਕਾਨਾਂ , ਵਿੱਦਿਅਕ ਤੇ ਵਪਾਰਕ ਅਦਾਰੇ ਬੰਦ ਰਹੇ। ਅੱਜ ਦੇ ਬੰਦ ਦੇ ਸੱਦੇ ਨੂੰ ਸਮਰਥਨ ਦੇਣ ਲਈ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਆਪਣੇ ਵਰਕਰਾਂ ਸਮੇਤ , ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਗਨੀ ਖਾਂ,ਨਬੀ ਖਾਂ ਗੇਟਾਂ ਕੋਲੋਂ ਇੱਕ ਕਾਫਲੇ ਦੇ ਰੂਪ ਵਿੱਚ ਸ਼ਹਿਰ ਦਾ ਚੱਕਰ ਲਗਾਉਂਦਿਆਂ ਪੰਜਾਬ ਸਰਕਾਰ ਮੁਰਦਾਬਾਦ ਦੇ ਨਾਹਰੇ ਵੀ ਲਗਾਏ।

ਇਸ ਮੌਕੇ ਬਾਰਸ ਪੰਜਾਬ ਪਾਰਟੀ ਦੇ ਆਗੂ ਬਰਜਿੰਦਰ ਸਿੰਘ ਬਬਲੂ ਲੋਪੋਂ, ਬਲਵੀਰ ਸਿੰਘ ਮਾਨ, ਜਥੇਦਾਰ ਮਨਮੋਹਨ ਸਿੰਘ ਖੇੜਾ, ਸੁੱਖਾ ਮਾਨ, ਕਿਸਾਨ ਆਗੂ ਸੁਖਵਿੰਦਰ ਸਿੰਘ ਭੱਟੀਆਂ, ਕਿਸਾਨ ਮਜ਼ਦੂਰ ਪਾਰਟੀ ਕੌਮੀ ਪ੍ਰਧਾਨ ਜੁਗਰਾਜ ਸਿੰਘ ਮੰਡ ਨੇ ਪਰਵਿੰਦਰ ਸਿੰਘ ਝੋਟਾ ਦੇਸ਼ ਦਿਨ ਦਿਹਾੜੇ ਕਤਲ ਕਰ ਦੇਣ ਦੀ ਘਟਨਾ ਨੂੰ ਅਤੀ ਨਿੰਦਣਯੋਗ ਅਤੇ ਘਿਨੌਣੀ ਘਟਨਾ ਕਰਾਰ ਦਿੰਦਿਆਂ ਡੀ.ਜੀ.ਪੀ. ਪੰਜਾਬ ਅਤੇ ਪੰਜਾਬ ਸਰਕਾਰ ਦੇ ਅਸਤੀਫੇ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ, ਲੁੱਟਾ ਖੋਹਾਂ, ਸ਼ਰੇਆਮ ਕਤਲ, ਝੂਠੇ ਪਰਚੇ ਆਪ ਸਰਕਾਰ ਦੀ ਸਾਢੇ ਚਾਰ ਸਾਲਾਂ ਦੀ ਪ੍ਰਾਪਤੀ ਹੈ। ਆਗੂਆਂ ਨੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੀ ਜਾਂਚ ਸੀ.ਬੀ.ਆਈ. ਤੋਂ ਕਰਾਉਣ ਦੀ ਵੀ ਮੰਗ ਕੀਤੀ। ਵੱਡੀ ਗਿਣਤੀ ਵਿੱਚ ਪਿੰਡਾਂ ਤੋਂ ਪੁੱਜੇ ਨੌਜਵਾਨਾਂ ਨੇ ਪਰਮਿੰਦਰ ਸਿੰਘ ਝੋਟਾ ਅਮਰ ਰਹੇ ਦੇ ਨਾਅਰੇ ਲਗਾਏ। ਇਸ ਮੌਕੇ ਹਰਨੇਕ ਸਿੰਘ ਢਿੱਲੋਂ, ਅਮਨਦੀਪ ਸਿੰਘ ਲਾਲਾ ਬਾਬਾ, ਗੁਰਦੀਪ ਸਿੰਘ, ਪਰਮਜੀਤ ਸਿੰਘ, ਗੁਰਮੀਤ ਸਿੰਘ ਢੀਂਡਸਾ, ਤਜਿੰਦਰ ਸਿੰਘ, ਸ਼ਿਵ ਕੁਮਾਰ ਸ਼ਿਵਲੀ, ਵਨੀਤ ਕੁਮਾਰ ਝੜੌਦੀ, ਕਾਮਰੇਡ ਦਰਸ਼ਨ ਸਿੰਘ,ਮਨਜੀਤ ਸਿੰਘ ਪਵਾਤ, ਸਰਪੰਚ ਕਰਮਜੀਤ ਸਿੰਘ ਅੜਿਆਣਾ ਆਦਿ ਹਾਜ਼ਰ ਸਨ।

ਪੰਜਾਬ ਬੰਦ ਦੇ ਸੱਦੇ ਨੂੰ ਜਿੱਥੇ ਮਾਛੀਵਾੜਾ ਸਾਹਿਬ ਦੇ ਸਮੂਹ ਦੁਕਾਨਦਾਰਾਂ ਨੇ ਪੂਰਨ ਸਮਰਥਨ ਦਿੰਦਿਆਂ ਆਪਣੇ ਆਪ ਹੀ ਸਾਰੀਆਂ ਦੁਕਾਨਾਂ ਬੰਦ ਰੱਖੀਆਂ ਅਤੇ ਅੱਜ ਦੇ ਇਸ ਬੰਦ ਨੂੰ ਸ਼ਾਂਤੀ ਪੂਰਵਕ ਨੇਪਰੇ ਚਾੜ੍ਹਨ ਵਿੱਚ ਸਹਿਯੋਗ ਦਿੱਤਾ ।

# ਸ਼੍ਰੀ ਗੁੱਗਾ ਮੈੜੀ ਪ੍ਰਬੰਧਕ ਕਮੇਟੀ ਮੋਰਿੰਡਾ ਦੀ ਹੋਈ ਚੋਣ ਚ ਰਾਜਵੀਰ ਸਿੰਘ ਰਾਜੂ ਬਣੇ ਪ੍ਰਧਾਨ



**ਮੋਰਿੰਡਾ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁੱਗਾ ਮੈੜੀ ਪ੍ਰਬੰਧਕ ਕਮੇਟੀ (ਰਜਿ.) ਮੋਰਿੰਡਾ ਦੀ ਪੁਰਾਣੀ ਕਮੇਟੀ ਦੀ ਮੀਟਿੰਗ ਮੁੱਖ ਸੇਵਾਦਾਰ ਚੌਧਰੀ ਸੁਰਮੁੱਖ ਸਿੰਘ ਦੀ ਪ੍ਰਧਾਨਗੀ ਹੇਠ ਗੁੱਗਾ ਮੈੜੀ ਮੰਦਿਰ ਮੋਰਿੰਡਾ ਵਿਖੇ ਹੋਈ। ਮੀਟਿੰਗ ਦੌਰਾਨ ਕਮੇਟੀ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਵਿੱਚ ਰਾਜਵੀਰ ਸਿੰਘ ਰਾਜੂ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।
ਮੀਟਿੰਗ ਵਿੱਚ ਹੋਈ ਚੋਣ ਅਨੁਸਾਰ ਰਾਣਾ ਬਲਰਾਮ ਸਿੰਘ ਬੱਲੀ ਨੂੰ ਜਨਰਲ ਸਕੱਤਰ, ਸ਼ਮਸ਼ੇਰ ਸਿੰਘ ਨੂੰ ਖਜ਼ਾਨਚੀ, ਰਾਜੇਸ਼ ਕੁਮਾਰ ਸ਼ੰਮਾਂ ਨੂੰ ਉਪ ਖਜ਼ਾਨਚੀ, ਰਨਵੀਰ ਸਿੰਘ ਨੂੰ ਸਰਪ੍ਰਸਤ, ਭੂਸ਼ਣ ਰਾਣਾ ਨੂੰ ਚੇਅਰਮੈਨ ਅਤੇ ਰਾਜਪ੍ਰੀਤ ਸਿੰਘ ਰਾਜੀ ਨੂੰ ਮੀਡੀਆ ਸਲਾਹਕਾਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਸਲਾਹਕਾਰ ਨੇਤਰ ਸਿੰਘ ਤੋਂ ਇਲਾਵਾ ਪ੍ਰਤਾਪ ਸਿੰਘ, ਅਨਿਕੇਤ ਭਾਟੀਆ, ਕਮਲ ਕਿਸ਼ੋਰ, ਹਰਕੇਸ਼ ਰਾਣਾ, ਭੁਪਿੰਦਰ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

# ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਵੱਲੋਂ ਭਾਜਪਾ ਵਰਕਰਾਂ ਨਾਲ ਕੀਤੀ ਗਈ ਬੈਠਕ

**ਮੋਰਿੰਡਾ, 15 ਅਕਤੂਬਰ /-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜਸਭਾ ਮੈਂਬਰ ਸਤਨਾਮ ਸਿੰਘ ਸੰਧੂ ਵੱਲੋਂ ਪਿੰਡ ਘੰਡੂਆਂ ਦੇ ਮੰਡਲ ਪ੍ਰਧਾਨ ਵਿਨੋਦ ਰਾਣਾ ਅਤੇ ਭਾਜਪਾ ਵਰਕਰਾਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਹਨਾਂ ਵੱਲੋਂ ਭਾਜਪਾ ਵਰਕਰਾਂ ਨੂੰ ਆਉਣ ਵਾਲੀਆਂ ਚੋਣਾਂ ਲਈ ਤਿਆਰ ਰਹਿਣ ਲਈ ਕਿਹਾ। ਉਹਨਾਂ ਨੇ ਵਰਕਰਾਂ ਤੋਂ ਉਹਨਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਵੀ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਉਨਾਂ ਨੇ ਪੰਜਾਬ ਵਿੱਚ ਵੱਧ ਰਹੇ ਨਸ਼ੇ ਤੇ ਚਿੰਤਾ ਜਾਹਿਰ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਮਿਲ ਕੇ ਨਸ਼ੇ ਦੇ ਦਲ ਦਲ ਵਿੱਚ ਫਸੇ ਆਪਣੇ ਪੰਜਾਬ ਨੂੰ ਬਾਹਰ ਕੱਢਣਾ ਪਵੇਗਾ ਤਾਂ ਹੀ ਸਾਡਾ ਪੰਜਾਬ ਰੰਗਲਾ ਪੰਜਾਬ ਬਣ ਸਕਦਾ ਹੈ। ਅਤੇ ਪੰਜਾਬ ਦੀ ਨੌਜਵਾਨੀ ਨੂੰ ਬਚਾਇਆ ਜਾ ਸਕਦਾ ਹੈ।



# ਪਟਿਆਲਾ ਵਿਖੇ ਅਸਮਿਤਾ ਮਹਿਲਾ ਸਾਈਕਲਿੰਗ ਜ਼ੋਨਲ ਟਰੈਕ ਲੀਗ ਦੇ ਪਹਿਲੇ ਦਿਨ ਦੇ ਮੁਕਾਬਲੇ ਸ.ਫਲਤਾਪੂਰਵਕ ਸੰਪੰਨ



**ਪਟਿਆਲਾ, 15 ਅਕਤੂਬਰ**
**-ਛਤਰਪਾਲ ਸਿੰਘ-**

ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸਹਿਯੋਗ ਨਾਲ ਐੱਨ.ਐੱਸ.ਐੱਨ.ਆਈ.ਐੱਸ. ਵੈਲੋਡਰੋਮ, ਪਟਿਆਲਾ ਵਿਖੇ ਕਰਵਾਈ ਜਾ ਰਹੀ ਅਸਮਿਤਾ ਮਹਿਲਾ ਸਾਈਕਲਿੰਗ ਜ਼ੋਨਲ ਟਰੈਕ ਲੀਗ ਦੇ ਪਹਿਲੇ ਦਿਨ ਦੇ ਮੁਕਾਬਲੇ ਅੱਜ ਸ਼ਫਲਤਾਪੂਰਵਕ ਸੰਪੰਨ ਹੋਏ। ਦੋ ਰੋਜ਼ਾ ਲੀਗ ਦੇ ਪਹਿਲੇ ਦਿਨ ਮਹਿਲਾ ਸਾਈਕਲਿਸਟਾਂ ਨੇ ਆਪਣੀ ਰਫ਼ਤਾਰ, ਤਕਨੀਕੀ ਮੁਹਾਰਤ ਅਤੇ ਦ੍ਰਿੜ੍ਹ ਇਰਾਦੇ ਦਾ ਪ੍ਰਦਰਸ਼ਨ ਕਰਦਿਆਂ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲਿਆ।

ਇਸ ਮੌਕੇ ਡਾ. ਪੁਸ਼ਪਿੰਦਰ ਸਿੰਘ ਗਿੱਲ, ਉਪ ਕੁਲਪਤੀ, ਮਹਾਰਾਜਾ ਭੁਪਿੰਦਰ ਸਿੰਘ ਖੇਡ ਯੂਨੀਵਰਸਿਟੀ, ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਓਲੰਪੀਅਨ ਹਾਕੀ ਖਿਡਾਰਨ ਗੁਰਜੀਤ ਕੌਰ ਅਤੇ ਬਾਲਕਿੰਗਜ਼ ਇੰਡਸਟਰੀਜ਼ ਤੋਂ ਹਰਜੈ ਗੰਭੀਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮਹਿਮਾਨਾਂ ਨੇ ਖਿਡਾਰਨਾਂ ਦਾ ਹੌਸਲਾ ਵਧਾਇਆ ਅਤੇ ਮਹਿਲਾ ਸਾਈਕਲਿੰਗ ਨੂੰ ਉਤਸ਼ਾਹਿਤ ਕਰਨ ਲਈ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

ਪਹਿਲੇ ਦਿਨ ਐਲੀਟ ਮਹਿਲਾ ਵਰਗ ਦੇ ਐਲਾਨੇ ਗਏ ਨਤੀਜਿਆਂ ਅਨੁਸਾਰ ਹਰਸ਼ਿਤਾ ਜਾਖੜ ਨੇ ਸੋਨ ਤਮਗਾ, ਮੀਨਾਕਸ਼ੀ ਨੇ ਚਾਂਦੀ ਦਾ ਤਮਗਾ ਅਤੇ ਸਵਾਤੀ ਸਿੰਘ ਨੇ ਕਾਂਸੀ ਦਾ ਤਮਗਾ ਹਾਸਲ ਕੀਤਾ। ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸੰਯੁਕਤ ਸਕੱਤਰ ਸ਼੍ਰੀ ਨੀਰਜ ਤੰਵਰ ਨੇ ਜੇਤੂ ਖਿਡਾਰਨਾਂ ਨੂੰ ਤਮਗੇ, ਸਰਟੀਫਿਕੇਟ ਅਤੇ ਨਕਦ ਇਨਾਮ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਭਵਿੱਖ ਦੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਮੁੱਖ ਮਹਿਮਾਨ ਉਪ ਕੁਲਪਤੀ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਢੁੱਕਵੇਂ ਮੌਕੇ ਅਤੇ ਉਤਸ਼ਾਹ ਮਿਲਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ, ਸਾਡੀਆਂ ਧੀਆਂ ਵਿੱਚ ਪ੍ਰਤਿਭਾ ਅਤੇ ਮਿਹਨਤ ਦੀ ਕੋਈ ਘਾਟ ਨਹੀਂ ਹੈ। ਲੋੜ ਉਨ੍ਹਾਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਮੰਚ ਅਤੇ ਨਿਰੰਤਰ ਸਹਿਯੋਗ ਦੇਣ ਦੀ ਹੈ। ਅਸਮਿਤਾ ਵਰਗੀਆਂ ਲੀਗਾਂ ਖਿਡਾਰਨਾਂ ਨੂੰ ਮੁਕਾਬਲਿਆਂ ਦਾ ਤਜਰਬਾ ਦੇਣ ਦੇ ਨਾਲ-ਨਾਲ ਵੱਡੇ ਟੀਚਿਆਂ ਵੱਲ ਅੱਗੇ ਵਧਣ ਦਾ ਆਤਮ-ਵਿਸ਼ਵਾਸ ਵੀ ਪ੍ਰਦਾਨ ਕਰਦੀਆਂ ਹਨ।

ਪੁਸ਼ਪਿੰਦਰ ਸਿੰਘ ਗਿੱਲ ਨੇ ਅੱਗੇ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਸਮੇਂ ਦੀ ਕਦਰ ਅਤੇ ਮਿਹਨਤ ਕਰਨ ਦੀ ਆਦਤ ਵਿਕਸਿਤ ਕਰਦੀਆਂ ਹਨ।

ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਦੀ ਖੇਡਾਂ ਵਿੱਚ ਰੁਚੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਖੇਡ ਸਫ਼ਰ ਵਿੱਚ ਸਹਿਯੋਗ ਦੇਣ। ਉਨ੍ਹਾਂ ਜੇਤੂਆਂ ਨੂੰ ਵਧਾਈ ਦਿੰਦਿਆਂ ਸਾਰੀਆਂ ਭਾਗੀਦਾਰ ਖਿਡਾਰਨਾਂ ਦੀ ਮਿਹਨਤ ਅਤੇ ਸਮਰਪਣ ਦੀ ਵੀ ਸ਼ਲਾਘਾ ਕੀਤੀ।

ਵਿਸ਼ੇਸ਼ ਮਹਿਮਾਨ ਓਲੰਪੀਅਨ ਗੁਰਜੀਤ ਕੌਰ ਨੇ ਖਿਡਾਰਨਾਂ ਨੂੰ ਨਿਰੰਤਰ ਅਭਿਆਸ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ, ਵੱਡੀਆਂ ਪ੍ਰਾਪਤੀਆਂ ਦਾ ਆਧਾਰ ਰੋਜ਼ਾਨਾ ਦੀ ਮਿਹਨਤ, ਅਨੁਸ਼ਾਸਨ ਅਤੇ ਆਪਣੇ ਆਪ 'ਤੇ ਭਰੋਸਾ ਹੁੰਦਾ ਹੈ। ਹਰ ਮੁਕਾਬਲਾ ਖਿਡਾਰਨ ਨੂੰ ਕੁਝ ਨਵਾਂ ਸਿਖਾਉਂਦਾ ਹੈ। ਜਿੱਤ ਤੋਂ ਪ੍ਰੇਰਣਾ ਲਵੋ ਅਤੇ ਜਿੱਥੇ ਸੁਧਾਰ ਦੀ ਲੋੜ ਹੋਵੇ, ਉੱਥੇ ਹੋਰ ਮਿਹਨਤ ਕਰੋ। ਆਪਣੇ ਸੁਪਨਿਆਂ ਨੂੰ ਵੱਡਾ ਰੱਖੋ ਅਤੇ ਉਨ੍ਹਾਂ ਦੀ ਪ੍ਰਾਪਤੀ ਲਈ ਲਗਾਤਾਰ ਯਤਨ ਕਰਦੇ ਰਹੋ।

ਸਨਅਤਕਾਰ ਹਰਜੈ ਗੰਭੀਰ ਨੇ ਕਿਹਾ, ਮਹਿਲਾ ਖਿਡਾਰਨਾਂ ਨੂੰ ਅੱਗੇ ਵਧਣ ਲਈ ਮੌਕੇ ਅਤੇ ਸਹਿਯੋਗ ਪ੍ਰਦਾਨ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਅਸਮਿਤਾ ਮਹਿਲਾ ਸਾਈਕਲਿੰਗ ਲੀਗ ਵਰਗੇ ਉਪਰਾਲੇ ਉੱਭਰਦੀ ਪ੍ਰਤਿਭਾ ਨੂੰ ਮੰਚ ਦੇਣ ਦੇ ਨਾਲ-ਨਾਲ ਹੋਰ ਲੜਕੀਆਂ ਨੂੰ ਵੀ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹਨ। ਸਨਅਤੀ ਖੇਤਰ ਨੂੰ ਵੀ ਖੇਡਾਂ ਦੇ ਵਿਕਾਸ ਅਤੇ ਖਿਡਾਰਨਾਂ ਨੂੰ ਉਤਸ਼ਾਹਿਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਉਹ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।

ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਲੀਗ ਵਿੱਚ ਸਬ-ਜੂਨੀਅਰ/ਯੂਥ ਲੜਕੀਆਂ, ਜੂਨੀਅਰ ਲੜਕੀਆਂ ਅਤੇ ਐਲੀਟ ਮਹਿਲਾਵਾਂ ਦੇ ਵਰਗਾਂ ਵਿੱਚ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲੇ ਦਿਨ ਖਿਡਾਰਨਾਂ ਨੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਹਿੱਸਾ ਲਿਆ। ਲੀਗ ਦੇ ਦੂਜੇ ਦਿਨ, 15 ਅਕਤੂਬਰ ਨੂੰ ਕੇਰਿਨ ਅਤੇ ਸਕ੍ਰੈਚ ਰੇਸ ਦੇ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਤੋਂ ਬਾਅਦ ਜੇਤੂਆਂ ਦਾ ਸਨਮਾਨ ਕੀਤਾ ਜਾਵੇਗਾ।

ਜਗਦੀਪ ਸਿੰਘ ਕਾਹਲੋਂ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਨੁਮਾਇੰਦਿਆਂ, ਕੋਚਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਖੇਡ ਪ੍ਰੇਮੀਆਂ ਨੂੰ ਦੂਜੇ ਦਿਨ ਦੇ ਮੁਕਾਬਲਿਆਂ ਦੌਰਾਨ ਵੀ ਖਿਡਾਰਨਾਂ ਦਾ ਹੌਸਲਾ ਵਧਾਉਣ ਦੀ ਅਪੀਲ ਕੀਤੀ। ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਟਰੈਜਰਾਰ ਬੀਐਸ ਸੂਦਨ, ਕੌਮਾਂਤਰੀ ਸਾਈਕਲਿਸਟ ਬਖਸ਼ੀਸ਼ ਸਿੰਘ, ਕੌਮਾਂਤਰੀ ਸਾਈਕਲਿਸਟ ਅਤੇ ਸਾਈਕਲ ਐਸੋਸੀਏਸ਼ਨ ਆਫ ਪੰਜਾਬ ਦੇ ਸੰਯੁਕਤ ਸਕੱਤਰ ਸੁਖਜਿੰਦਰ ਸਿੰਘ, ਵਾਈਸ ਪ੍ਰਧਾਨ ਐਸਪੀ ਸਿੰਘ, ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਸੰਗਰੂਰ ਦੀ ਔਰਗਨਾਈਜ਼ਿੰਗ ਕਮੇਟੀ ਦੇ ਚੇਅਰਮੈਨ ਜਗਦੀਸ਼ ਸਿੰਘ, ਸਕੱਤਰ ਜਸਵੀਰ ਸਿੰਘ, ਸੀਨੀਅਰ ਅਹੁਦੇਦਾਰ ਕੁਲਦੀਪ ਸਿੰਘ, ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਮੋਹਾਲੀ ਦੀ ਔਰਗਨਾਈਜ਼ਿੰਗ ਕਮੇਟੀ ਦੇ ਚੇਅਰਪਰਸਨ ਦਮਨਪ੍ਰੀਤ ਕੌਰ, ਕੌਮਾਂਤਰੀ ਸਾਈਕਲਿਸਟ ਗੁਰਪ੍ਰੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰ, ਸਪੋਰਟਸ ਕੋਆਰਡੀਨੇਟਰ ਗੁਰਜੀਤ ਸਿੰਘ, ਐਨਐਸ ਐਨਆਈਐਸ ਦੇ ਚੀਫ ਕੋਚ ਸ਼੍ਰੀ ਜੋਗਿੰਦਰ, ਕੋਚ ਸੰਦੀਪ ਕੌਰ, ਸਪੋਰਟਸ ਪ੍ਰਮੋਟਰ ਜਗਜੀਤ ਸਿੰਘ ਸਮੇਤ ਵੱਖ-ਵੱਖ ਪ੍ਰਬੰਧਕ ਅਤੇ ਅਹੁਦੇਦਾਰ ਅਤੇ ਵੱਡੀ ਗਿਣਤੀ ਖਿਡਾਰੀ ਹਾਜ਼ਰ ਸਨ।

# 'ਮੇਰੀ ਦੁਕਾਨ ਮੇਰੇ ਨਾਮ' ਯੋਜਨਾ ਵਪਾਰੀ ਭਰਾਵਾਂ ਲਈ ਦੀਵਾਲੀ ਦਾ ਤੋਹ.ਫਾ: ਐਡਵੋਕੇਟ ਵਿਨੋਦ ਸਿੰਗਲਾ

**ਪਟਿਆਲਾ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੇਰੀ ਦੁਕਾਨ ਮੇਰੇ ਨਾਮ ਯੋਜਨਾ ਵਪਾਰੀ ਭਰਾਵਾਂ ਲਈ ਦਿਵਾਲੀ ਤੋਹਫਾ ਪੰਜਾਬ ਸਟੇਟ ਟਰੇਡਰ ਕਮਿਸ਼ਨ ਦੇ ਜਿਲ੍ਹਾ ਪਟਿਆਲਾ ਦੇ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ ਅਤੇ ਸਟੇਟ ਸੈਕਟਰੀ ਸ੍ਰੀ ਸੰਜੀਵ ਗੁਪਤਾ ਜੀ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਵੱਲੋਂ ਵਪਾਰੀ ਭਰਾਵਾਂ ਲਈ ਮੇਰੀ ਦੁਕਾਨ ਮੇਰੇ ਨਾਮ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ ਜਿਸਦਾ ਮੁੱਖ ਮੰਤਵ ਜਿਹੜੇ ਵਪਾਰੀ ਭਰਾ ਕਾਰਪੋਰੇਸ਼ਨ ਦੀਆਂ ਦੁਕਾਨਾਂ ਤੇ ਆਪਣਾ ਵਪਾਰ ਕਰ ਰਹੇ ਹਨ, ਉਹਨਾਂ ਵਪਾਰੀ ਭਰਾਵਾਂ ਨੂੰ ਉਹਨਾਂ ਦੁਕਾਨਾਂ ਦਾ ਮਾਲਕਾ ਨਾ ਹੱਕ ਦਿੱਤਾ ਜਾਵੇ।

ਇਸ ਯੋਜਨਾ ਦੇ ਤਹਿਤ ਤੇ ਕੋਈ ਵੀ ਵਪਾਰੀ ਭਰਾ ਜਰੂਰੀ ਦਸਤਾਵੇ ਜਮਾ ਕਰਵਾ ਕੇ ਡੀਸੀ ਰੇਟ ਮੁਤਾਬਕ ਆਪਣੀ ਦੁਕਾਨ ਨੂੰ ਆਪਣੇ ਨਾਂ ਤੇ ਕਰਵਾ ਸਕਦਾ ਹੈ। ਇਸ ਯੋਜਨਾ ਦੀ ਆਖਰੀ ਤਰੀਕ 6 ਨਵੰਬਰ 2026 ਹੈ। ਜਿਲਾ ਚੇਅਰਮੈਨ ਨੇ ਦੱਸਿਆ ਕਿ ਇਹ ਯੋਜਨਾ ਵਪਾਰੀ ਭਰਾਵਾਂ ਲਈ ਬਹੁਤ ਲਾਹੇਵੰਦ ਹੈ। ਉਹਨਾਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ, ਟਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਜੀ ਅਤੇ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ।

# ਲੋੜਵੰਦ ਮਰੀਜ਼ਾਂ ਲਈ ਲੜੀਵਾਰ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ: ਛਿੱਬਰ, ਚਹਿਲ, ਰਣਬੀਰ



**ਪਟਿਆਲਾ, 15 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਨੁੱਖਤਾ ਦੇ ਭਲੇ ਲਈ ਹਰ ਮਹੀਨੇ 5 ਅਤੇ 20 ਤਰੀਕ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਮਿਸ਼ਨ ਦੇ ਮੋਢੀ, ਮਾਸਟਰ ਮੋਟੀਵੇਟਰ ਅਤੇ ਮੋਟੀਵੇਸ਼ਨਲ ਸਪੀਕਰ ਹਰਦੀਪ ਸਿੰਘ ਸਨੌਰ ਦੀ ਅਗਵਾਈ ਹੇਠ ਥੈਲਾਸੀਮੀਅਕ ਬੱਚਿਆਂ ਲਈ, ਡਿਲੀਵਰੀ, ਐਕਸੀਡੈਂਟ, ਕੈਂਸਰ ਤੇ ਲੋੜਵੰਦ ਮਰੀਜ਼ਾਂ ਲਈ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਸਵੇਰੇ 9 ਤੋਂ 1 ਵਜੇ ਤੱਕ ਖੂਨਦਾਨ ਕੈਂਪ ਲਗਾਇਆ ਜਾਂਦਾ ਹੈ, ਜਿਸ ਵਿਚ ਸ਼ਿਰਕਤ ਕਰਨ ਲਈ ਐਸ. ਪੀ. ਡੀ. ਰਾਜੇਸ਼ ਛਿੱਬਰ, ਡੀ. ਐਸ. ਪੀ. ਟਰੈਫਿਕ ਪੁਨੀਤ ਸਿੰਘ ਚਹਿਲ, ਡੀ. ਐਸ. ਪੀ. ਰੂਰਲ ਰਣਬੀਰ ਸਿੰਘ, ਏ. ਐਸ. ਆਈ. ਟਰੈਫਿਕ ਪੁਲਿਸ ਸਿਟੀ 1 ਅਤੇ ਏ. ਐਸ. ਆਈ. ਸੁਖਜਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਪਟਿਆਲਾ ਨੂੰ 20 ਅਕਤੂਬਰ ਨੂੰ ਲੱਗਣ ਵਾਲੇ ਵਿਸ਼ੇਸ਼ ਖੂਨਦਾਨ ਕੈਂਪ ਦਾ ਸੱਦਾ ਪੱਤਰ ਸੌਂਪਿਆ ਅਤੇ 11 ਵਜੇ ਪੁੱਜਣ ਦੀ ਅਪੀਲ ਕੀਤੀ ਗਈ। ਸਾਰੇ ਅਫਸਰਾਂ ਨੇ ਕਿਹਾ ਕਿ ਲੋੜਵੰਦ ਮਰੀਜ਼ਾਂ ਲਈ ਲੜੀਵਾਰ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਕਾਰਜ ਹੈ ਅਤੇ ਲਗਾਤਾਰ ਇਸ ਸੇਵਾ ਵਿਚ ਜੁਟੇ ਰਹਿਣਾ ਬਹੁਤ ਵੱਡਾ ਪੁੰਨ ਦਾ ਕੰਮ ਹੈ। ਖੂਨਦਾਨ ਕਰਨ ਵਾਲੇ ਵਲੰਟੀਅਰ ਨਸ਼ਿਆਂ ਤੋਂ ਵੀ ਬਚੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਉਹ ਖੂਨਦਾਨੀਆਂ ਦੀ ਹੌਸਲਾ ਅਫਜਾਈ ਕਰਨ ਲਈ ਖੂਨਦਾਨ ਕੈਂਪ ਵਿਚ ਜਰੂਰ ਪਹੁੰਚਣਗੇ। ਜਿਕਰਯੋਗ ਹੈ ਕਿ ਗਰੁੱਪ ਵੱਲੋਂ ਪਿਛਲੇ 20 ਸਾਲਾਂ ਤੋਂ ਲਗਾਤਾਰ ਮਨੁੱਖਤਾ ਦੇ ਭਲੇ ਲਈ ਖੂਨਦਾਨ ਕੈਂਪ ਲਗਾਏ ਜਾ ਰਹੇ ਹਨ।

# ਸਮਰਤਾ ਕੌਰ ਨੂੰ ਭਾਜਪਾ ਦੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਸੈੱਲ ਦੀ ਪੰਜਾਬ ਕਨਵੀਨਰ ਦੀ ਜ਼ਿੰਮੇਵਾਰੀ ਸੌਂਪੀ



**ਲੁਧਿਆਣਾ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਵਿੱਚ ਜਥੇਬੰਦਕ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਦੀ ਲੜੀ ਤਹਿਤ ਪਾਰਟੀ ਦੀ ਸਰਗਰਮ ਆਗੂ ਸਮਰਤਾ ਕੌਰ ਨੂੰ 'ਬੇਟੀ ਬਚਾਓ, ਬੇਟੀ ਪੜ੍ਹਾਓ' ਸੈੱਲ ਦੀ ਪੰਜਾਬ ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਉਨ੍ਹਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

ਸਮਰਤਾ ਕੌਰ ਦੀ ਨਿਯੁਕਤੀ ਦੀ ਖੁਸ਼ੀ ਵਿੱਚ ਸਮਰਾਲਾ ਚੌਕ ਨੇੜੇ ਹਰਚਰਨ ਨਗਰ ਸਥਿਤ ਬੰਧੂ ਹੈਲਪਿੰਗ ਹੈਂਡਜ਼ ਦੇ ਦਫ਼ਤਰ ਵਿਖੇ ਬੇਟੀਆਂ ਅਤੇ ਸਮਰਥਕਾਂ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਰਿਹਾ।

ਇਸ ਮੌਕੇ ਸਮਰਤਾ ਕੌਰ ਨੇ ਪਾਰਟੀ ਦੇ ਸੀਨੀਅਰ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਈ ਜਾਵੇਗੀ। ਉਨ੍ਹਾਂ ਨੇ ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸਟੇਟ ਸੈੱਲ ਕੋਆਰਡੀਨੇਟਰ ਬਿਕਰਮਜੀਤ ਸਿੰਘ ਚੀਮਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਬੇਟੀਆਂ ਦੀ ਸਿੱਖਿਆ, ਸੁਰੱਖਿਆ, ਸਨਮਾਨ ਅਤੇ ਸਸ਼ਕਤੀਕਰਨ ਲਈ ਕੰਮ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ। ਸਮਾਜ ਵਿੱਚ ਬੇਟੀਆਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਨ, ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਅਤੇ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ।

# ਪਿੰਡ ਕੌਲੀ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਆਸ਼ਾ ਵਰਕਰਾਂ ਦਾ ਜਾਗਰੂਕਤਾ ਕੈਂਪ ਲਗਾਇਆ ਗਿਆ



**ਪਟਿਆਲਾ, 15 ਅਕਤੂਬਰ**
**-ਛਤਰਪਾਲ ਸਿੰਘ-**

ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਖੇਤੀਬਾੜੀ ਵਿਭਾਗ ਵੱਲੋਂ ਪਿੰਡ ਕੌਲੀ ਵਿਖੇ ਆਸ਼ਾ ਵਰਕਰਾਂ ਦਾ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਡਾ. ਦਾਰਾ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ, ਗੁਰਮੀਤ ਸਿੰਘ ਬਲਾਕ ਪਟਿਆਲਾ ਦੀ ਅਗਵਾਈ ਹੇਠ ਖੇਤੀਬਾੜੀ ਵਿਕਾਸ ਅਫਸਰ (ਜਿਲਾ-ਕਮ) ਜਸਪਿੰਦਰ ਕੌਰ ਵੱਲੋਂ ਲਗਾਇਆ ਗਿਆ। ਕੈਂਪ ਦੌਰਾਨ ਆਸ਼ਾ ਵਰਕਰਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਵਾਤਾਵਰਨ ਪ੍ਰਦੂਸ਼ਣ, ਮਿੱਟੀ ਦੀ ਉਪਜਾਊ ਸ਼ਕਤੀ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਅਤੇ ਮਨੁੱਖੀ ਸਿਹਤ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਦਾ ਸੁਨੇਹਾ ਘਰ-ਘਰ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ। ਖੇਤੀਬਾੜੀ ਵਿਭਾਗ ਵੱਲੋਂ ਅਪੀਲ ਕੀਤੀ ਗਈ ਕਿ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਰੀ ਦੀ ਸਹਾਇਤਾ ਨਾਲ ਇਸ ਦਾ ਸੁਚੱਜਾ ਪ੍ਰਬੰਧਨ ਕਰਨ।

# ਅੱਸੂ ਦੇ ਚੌਥੇ ਨਰਾਤੇ ਮੌਕੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ 'ਚ ਕਰੀਬ 45 ਹਜ਼ਾਰ ਸ਼ਰਧਾਲੂਆਂ ਵੱਲੋਂ ਦਰਸ਼ਨ



**ਪਟਿਆਲਾ, 15 ਅਕਤੂਬਰ**
**-ਜੀ. ਐਸ. ਤੁੰਗ-**

ਪਟਿਆਲਾ ਦੇ ਇਤਿਹਾਸਕ ਤੇ ਪੁਰਾਤਨ ਮੰਦਿਰ ਮਾਤਾ ਸ੍ਰੀ ਕਾਲੀ ਦੇਵੀ ਵਿਖੇ ਚੱਲ ਰਹੇ ਅੱਸੂ ਦੇ ਚੌਥੇ ਨਰਾਤੇ ਮੌਕੇ ਕਰੀਬ 45000 ਹਜ਼ਾਰ ਸ਼ਰਧਾਲੂ ਪੁੱਜੇ ਤੇ ਸ਼ਰਧਾ ਨਾਲ ਮੰਦਿਰ ਵਿਖੇ ਨਤਮਸਤਕ ਹੋਏ। ਇਸ ਕਰਕੇ ਮੰਦਿਰ ਵਿਖੇ ਵੱਡੀ ਗਿਣਤੀ ਪੁੱਜ ਰਹੇ ਸ਼ਰਧਾਲੂਆਂ ਦੀ ਸਹੂਲਤ ਲਈ ਮੰਦਿਰ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ, ਇਨ੍ਹਾਂ ਪ੍ਰਬੰਧਾਂ ਦੀ ਸ਼ਰਧਾਲੂਆਂ ਵੱਲੋਂ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।

ਆਪਣੇ ਪਰਿਵਾਰ ਸਮੇਤ ਮੰਦਿਰ ਪੁੱਜੀ ਵਾਸੀ ਇੱਕ ਮਹਿਲਾ ਸ਼ਰਧਾਲੂ ਭਾਵਨਾ ਨੇ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਮੰਦਿਰ ਆ ਰਹੇ ਹਨ ਪਰੰਤੂ ਇਸ ਵਾਰ ਦੇ ਪ੍ਰਬੰਧਾਂ ਦੀ ਸਚਮੁੱਚ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸੇਵਾਦਾਰ ਤੇ ਸੁਰੱਖਿਆ ਮੁਲਾਜਮ ਵੱਲੋਂ ਸ਼ਰਧਾਲੂਆਂ ਨੂੰ ਪੂਰਾ ਗਾਇਡ ਕੀਤਾ ਜਾਂਦਾ ਹੈ।

ਪਟਿਆਲਾ ਦੀ ਹੀ ਹਰਵਿੰਦਰ ਕੌਰ ਨੇ ਮੰਦਿਰ 'ਚ ਚੱਲਦੇ ਧਾਰਮਿਕ ਭਜਨਾਂ ਦੀ ਗੱਲ ਕਰਦਿਆਂ ਕਿਹਾ ਕਿ ਅਧਿਆਤਮਕ ਮਾਹੌਲ ਸਿਰਜਿਆ ਗਿਆ ਸਭਨਾ ਨੂੰ ਮਾਤਾ ਦੀ ਭਗਤੀ 'ਚ ਲੀਨ ਕਰਦਾ ਹੈ। ਪਾਤੜਾਂ ਤੋਂ ਆਏ ਸ਼ਰਧਾਲੂ ਗੋਬਿੰਦ ਸਿੰਘ ਨੇ ਕਿਹਾ ਕਿ ਉਹ ਦਿਵਿਆਂਗ ਹੋਣ ਕਰਕੇ ਚੱਲ ਨਹੀਂ ਸਕਦੇ ਤੇ ਉਨ੍ਹਾਂ ਲਈ ਸੇਵਾਦਾਰਾਂ ਨੇ ਤੁਰੰਤ ਵੀਲ੍ਹਚੇਅਰ ਦਾ ਪ੍ਰਬੰਧ ਕਰਕੇ ਉਨ੍ਹਾਂ ਨੂੰ ਮਾਤਾ ਦੇ ਦਰਸ਼ਨ ਕਰਵਾਏ।

ਪਿੰਡ ਭਾਦਸੋਂ ਤੋਂ ਪੁੱਜੀ ਗੁਰਪ੍ਰੀਤ ਕੌਰ ਨੇ ਸੁਰੱਖਿਆ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੁਸਤੈਦ ਸੁਰੱਖਿਆ ਮੁਲਾਜਮਾਂ ਤੇ ਸੀਸੀਟੀਵੀ ਕੈਮਰਿਆਂ ਕਰਕੇ ਕੋਈ ਮਾੜਾ ਅਨਸਰ ਮੰਦਿਰ 'ਚ ਕੋਈ ਗਲਤ ਹਰਕਤ ਕਰਦਾ ਤੁਰੰਤ ਕਾਬੂ 'ਚ ਆ ਜਾਵੇਗਾ। ਬਿਸ਼ਨ ਨਗਰ ਦੇ ਰਾਮ ਲਾਲ ਨੇ ਮੰਦਿਰ 'ਚ ਹਵਨ ਕਰਵਾ ਕੇ ਆਪਣੇ ਪਰਿਵਾਰ ਦੀ ਸੁੱਖ ਸ਼ਾਂਤੀ ਦੀ ਕੀਤੀ ਪ੍ਰਾਰਥਨਾ ਬਾਰੇ ਦੱਸਦਿਆਂ ਕਿਹਾ ਕਿ ਮੰਦਿਰ ਪ੍ਰਬੰਧਕਾਂ ਤੇ ਪੁਜਾਰੀਆਂ ਵੱਲੋਂ ਹਵਨ ਦੇ ਪ੍ਰਬੰਧਾਂ ਨੂੰ ਦੇਖਕੇ ਉਨ੍ਹਾਂ ਨੂੰ ਬਹੁਤ ਤਸੱਲੀ ਹੋਈ ਹੈ।ਨਾਭਾ ਦੀ ਭਾਨੂੰਵਤੀ ਨੇ ਮੰਦਿਰ ਵਿਖੇ ਤਿੰਨ ਸਮੇਂ ਵਰਤਾਏ ਜਾਂਦੇ ਭੰਡਾਰੇ 'ਚ ਲੰਗਰ ਛਕਦਿਆਂ ਲੰਗਰ ਦੀ ਗੁਣਵੱਤਾ ਦੀ ਸ਼ਲਾਘਾ ਕੀਤੀ। ਮੰਦਿਰ ਦੇ ਨਵੇਂ ਬਣੇ ਸਵਰੂਪ ਨਾਲ ਲੋਕ ਬਹੁਤ ਖੁਸ਼ ਹੋ ਕੇ ਫੋਟੋਆਂ ਖਿਚਵਾ ਰਹੇ ਹਨ।

ਇਸੇ ਦੌਰਾਨ ਸਲਾਹਕਾਰੀ ਮੈਨੇਜਿੰਗ ਕਮੇਟੀ ਦੇ ਮੈਂਬਰ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾ ਨੇ ਦੱਸਿਆ ਕਿ ਮੰਦਿਰ 'ਚ ਸ਼ਰਧਾਲੂਆਂ ਵੱਲੋਂ ਦਰਸ਼ਨ ਕਰਨ ਲਈ ਲਾਇਨਾਂ, ਧਾਰਮਿਕ ਭਜਨ, ਹਵਨ, ਸੁਰੱਖਿਆ, ਲੰਗਰ, ਵੀਲ੍ਹ ਚੇਅਰ, 2 ਹੈਲਪ ਡੈਸਕ, ਸਾਫ਼-ਸਫ਼ਾਈ, ਸ਼ਰਧਾਲੂਆਂ ਲਈ ਲੋੜੀਂਦੀ ਜਾਣਕਾਰੀ ਦੀ ਅਨਾਊਂਸਮੈਂਟ, ਮੈਡੀਕਲ ਟੀਮ, ਲੋੜਵੰਦ ਸ਼ਰਧਾਲੂਆਂ ਲਈ ਵੀਲ੍ਹਚੇਅਰ ਦੇ ਵੀ ਪ੍ਰਬੰਧ ਹਨ।

# ਖੁੱਡੀਆਂ ਨੇ ਡੇਅਰੀ ਵਿਕਾਸ ਵਿਭਾਗ ਵਿੱਚ ਨਵ-ਨਿਯੁਕਤ 23 ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਲਈ ਰੁਜ਼ਗਾਰ ਯਕੀਨੀ ਬਣਾਉਣ ਸਬੰਧੀ ਵਿੱਢੀ ਮੁਹਿੰਮ ਤਹਿਤ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਡੇਅਰੀ ਵਿਕਾਸ ਵਿਭਾਗ ਵਿੱਚ ਨਵ-ਨਿਯੁਕਤ 23 ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ। ਸਾਲ 2022 ਤੋਂ ਲੈ ਕੇ ਹੁਣ ਤੱਕ ਵਿਭਾਗ ਵਿੱਚ ਕੁੱਲ 98 ਭਰਤੀਆਂ ਕੀਤੀਆਂ ਗਈਆਂ ਹਨ। ਇਹਨਾਂ ਨਵ-ਨਿਯੁਕਤ ਕਰਮਚਾਰੀਆਂ ਵਿੱਚ 20 ਸੇਵਾਦਾਰ ਅਤੇ 3 ਸਵੀਪਰ-ਕਮ-ਚੌਕੀਦਾਰ ਸ਼ਾਮਲ ਹਨ।

ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਸੇਵਾ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਕਰਮਚਾਰੀਆਂ ਨੂੰ ਆਪਣੀਆਂ ਡਿਊਟੀਆਂ ਪੂਰੀ ਇਮਾਨਦਾਰੀ, ਲਗਨ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਨੌਜਵਾਨਾਂ ਦੇ ਸਸ਼ਕਤੀਕਰਨ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਸ. ਖੁੱਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ 70,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਗੁਰਮੀਤ ਸਿੰਘ ਖੁੱਡੀਆਂ ਨੇ ਸਾਲ 2022 ਤੋਂ ਹੁਣ ਤੱਕ ਡੇਅਰੀ ਵਿਕਾਸ ਵਿਭਾਗ ਵਿੱਚ ਕੀਤੀਆਂ ਗਈਆਂ ਭਰਤੀਆਂ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਇਨ੍ਹਾਂ ਭਰਤੀਆਂ ਵਿੱਚ 56 ਡੇਅਰੀ ਵਿਕਾਸ ਇੰਸਪੈਕਟਰ (ਗ੍ਰੇਡ-2), ਸੱਤ ਕਲਰਕ, ਤਿੰਨ ਕਲਰਕ (ਆਈ.ਟੀ.), ਪੰਜ ਸਟੈਨੋਟਾਈਪਿਸਟ, ਦੋ ਸਹਾਇਕ ਕੈਮਿਸਟ, ਦੋ ਡਰਾਈਵਰ, 20 ਸੇਵਾਦਾਰ ਅਤੇ ਤਿੰਨ ਸਵੀਪਰ-ਕਮ-ਚੌਕੀਦਾਰ ਸ਼ਾਮਲ ਹਨ।

# ਸੀਟੀ ਯੂਨੀਵਰਸਿਟੀ ਵਿਖੇ ਉਤਸ਼ਾਹ ਨਾਲ ਮਨਾਇਆ ਡਾਂਡੀਆ ਨਾਈਟਸ



**ਲੁਧਿਆਣਾ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਟੀ ਯੂਨੀਵਰਸਿਟੀ ਵਿਖੇ ਨਵਰਾਤਰੀ ਦੇ ਮੌਕੇ 'ਤੇ ਰੰਗਾਰੰਗ ਡਾਂਡੀਆ ਨਾਈਟਸ ਦਾ ਆਯੋਜਨ ਉਤਸ਼ਾਹ ਅਤੇ ਜੋਸ਼ ਨਾਲ ਕੀਤਾ ਗਿਆ। ਸਮਾਗਮ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਯੂਨੀਵਰਸਿਟੀ ਦੇ ਸਟਾਫ਼ ਨੇ ਭਾਗ ਲੈਂਦਿਆਂ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਪਰੰਪਰਾਵਾਂ ਦਾ ਜਸ਼ਨ ਮਨਾਇਆ।

ਯੂਨੀਵਰਸਿਟੀ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਵਿੱਚ ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਦੇ ਹਨ। ਵਾਈਸ ਚਾਂਸਲਰ ਡਾ. ਨਿਤਿਨ ਟੰਡਨ ਨੇ ਕਿਹਾ ਕਿ ਯੂਨੀਵਰਸਿਟੀ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਸੱਭਿਆਚਾਰਕ ਜਾਗਰੂਕਤਾ ਨੂੰ ਵੀ ਮਹੱਤਵ ਦਿੰਦੀ ਹੈ।

ਇਸ ਮੌਕੇ ਪ੍ਰਸਿੱਧ ਕੋਰੀਓਗ੍ਰਾਫਰ ਬਿੰਦੀਆ ਸੂਦ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਵਿੱਚ ਕੋ-ਵਾਈਸ ਚੇਅਰਪਰਸਨ ਐਡਵੋਕੇਟ ਮਨਜਿੰਦਰ ਕੌਰ, ਰਜਿਸਟਰਾਰ ਸੰਜੇ ਖੰਡੂਰੀ ਅਤੇ ਡਾਇਰੈਕਟਰ ਸਟੂਡੈਂਟ ਵੈਲਫੇਅਰ ਇੰਜੀਨੀਅਰ ਦਵਿੰਦਰ ਸਿੰਘ ਨੇ ਵੀ ਸ਼ਿਰਕਤ ਕੀਤੀ। ਰੰਗਾਰੰਗ ਗਤੀਵਿਧੀਆਂ ਨੇ ਕੈਂਪਸ ਵਿੱਚ ਖੁਸ਼ੀ ਅਤੇ ਸੱਭਿਆਚਾਰਕ ਏਕਤਾ ਦਾ ਮਾਹੌਲ ਸਿਰਜਿਆ।

# ਪਿੰਡ ਸਿਹਰਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਜਾਗਰੂਕਤਾ ਮੀਟਿੰਗ ਨੂੰ ਭਰਵਾਂ ਹੁੰਗਾਰਾ



**ਪਟਿਆਲਾ, 15 ਅਕਤੂਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡ ਸਿਹਰਾ ਵਿਖੇ ਕਰਵਾਈ ਗਈ ਜਾਗਰੂਕਤਾ ਮੀਟਿੰਗ ਨੂੰ ਪਿੰਡ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਨਸ਼ਾ ਮੁਕਤੀ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਸ. ਯਾਦਵਿੰਦਰ ਸਿੰਘ ਗੋਲਡੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਾ ਛੱਡਣ ਦੇ ਚਾਹਵਾਨਾਂ ਦਾ ਮੁਫ਼ਤ ਇਲਾਜ ਕਰਵਾ ਰਹੀ ਹੈ।

ਗੋਲਡੀ ਸੰਧੂ ਨੇ ਦੱਸਿਆ ਕਿ ਲੋਕ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਟੋਲ ਫਰੀ ਨੰਬਰ 97791-00200 ਅਤੇ ਨਸ਼ਾ ਮੁਕਤੀ ਐਪ (ਐਨ.ਐਨ.ਐਮ.) ਰਾਹੀਂ ਵੀ ਸਾਂਝੀ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਦੇ ਪਿੰਡਾਂ ਅਤੇ ਵਾਰਡਾਂ ਵਿੱਚ ਨਸ਼ਿਆਂ ਖ਼ਿਲਾਫ਼ ਲੋਕਾਂ ਨੂੰ ਲਾਮਬੰਦ ਕਰਨ ਲਈ ਇਕਜੁੱਟਤਾ ਪ੍ਰੋਗਰਾਮ ਲਗਾਤਾਰ ਕਰਵਾਏ ਜਾ ਰਹੇ ਹਨ, ਜਿਸ ਦੇ ਬਹੁਤ ਵਧੀਆ ਨਤੀਜੇ ਸਾਹਮਣੇ ਆਏ ਹਨ।

ਯਾਦਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਨਸ਼ਾ ਤਸਕਰੀ ਵਿਰੁੱਧ ਇਕਜੁੱਟ ਹੋਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਲੋਕਾਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਨਸ਼ਾ ਤਸਕਰੀ ਸਬੰਧੀ ਸੂਚਨਾ ਦੇਣ ਲਈ ਐਪ ਦੀ ਵਰਤੋਂ ਬਾਰੇ ਵੀ ਸਮਝਾਇਆ ਜਾ ਰਿਹਾ ਹੈ। ਇਨ੍ਹਾਂ ਮੀਟਿੰਗਾਂ ਵਿੱਚ ਸਿਹਤ ਵਿਭਾਗ ਦੇ ਡਾਕਟਰਾਂ ਅਤੇ ਪੁਲਿਸ ਪ੍ਰਸ਼ਾਸਨ ਦੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ।

ਉਨ੍ਹਾਂ ਕਿਹਾ ਕਿ ਪਿੰਡ ਸਿਹਰਾ ਵਾਸੀਆਂ ਨੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ ਦਾ ਭਰੋਸਾ ਦਿੰਦਿਆਂ ਸਰਕਾਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਹਲਕਾ ਇੰਚਾਰਜ ਜਸਵਿੰਦਰ ਸਿੰਘ ਆਕੜੀ, ਬਲਾਕ ਇੰਚਾਰਜ ਲੱਕੀ ਗੋਪਾਲਪੁਰ, ਬਲਾਕ ਇੰਚਾਰਜ ਜਸਵੀਰ ਗੁੱਜਰ, ਬਲਾਕ ਪ੍ਰਧਾਨ ਭਗਵੰਤ ਸਿੰਘ ਸੇਹਰਾ, ਸਾਬਕਾ ਸਰਪੰਚ ਹਰਕੀਤ ਸਿੰਘ ਸਿਹਰਾ, ਕਿਸਾਨ ਆਗੂ ਗੁਰਚਰਨ ਸਿੰਘ ਸੇਹਰਾ, ਪੰਚ ਸਾਹਿਬਾਨ ਅਤੇ ਸਮੂਹ ਪਿੰਡ ਵਾਸੀ ਹਾਜ਼ਰ ਸਨ।

# ਵਿਧਾਇਕ ਕੋਹਲੀ ਨੇ 50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ



**ਪਟਿਆਲਾ, 15 ਅਕਤੂਬਰ**
**-ਜੀ. ਐਸ. ਤੁੰਗ-**

ਪਟਿਆਲਾ ਸ਼ਹਿਰੀ ਤੋਂ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਮੋਦੀ ਕਾਲਜ ਰੋਡ, ਰੋਜ਼ ਐਵੇਨਿਊ ਵਿਖੇ 50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਇਲਾਕੇ ਦੇ ਪਤਵੰਤੇ ਸੱਜਣ ਅਤੇ ਹੋਰ ਮੌਜੂਦ ਵਿਅਕਤੀ ਹਾਜ਼ਰ ਸਨ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ ਦਾ ਨਿਰਮਾਣ ਅਤੇ ਸੁਧਾਰ ਸ਼ਹਿਰੀ ਵਿਕਾਸ ਦਾ ਅਹਿਮ ਹਿੱਸਾ ਹੈ, ਕਿਉਂਕਿ ਇਸ ਨਾਲ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਸਹੂਲਤ ਮਿਲਦੀ ਹੈ ਅਤੇ ਇਲਾਕੇ ਦੀ ਆਵਾਜਾਈ ਵਿਵਸਥਾ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲਦੀ ਹੈ।

ਉਨ੍ਹਾਂ ਦੱਸਿਆ ਕਿ ਮੋਦੀ ਕਾਲਜ ਰੋਡ, ਰੋਜ਼ ਐਵੇਨਿਊ ਵਿਖੇ 50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇਸ ਸੜਕ ਦੇ ਨਿਰਮਾਣ ਨਾਲ ਇਲਾਕਾ ਨਿਵਾਸੀਆਂ ਅਤੇ ਇੱਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਲਾਭ ਮਿਲਣ ਦੀ ਉਮੀਦ ਹੈ। ਸੜਕ ਦੇ ਨਿਰਮਾਣ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਵਧੇਰੇ ਸਹੂਲਤ ਮਿਲੇਗੀ ਅਤੇ ਇਲਾਕੇ ਦੀਆਂ ਸੜਕੀ ਸਹੂਲਤਾਂ ਵਿੱਚ ਸੁਧਾਰ ਹੋਵੇਗਾ।

ਵਿਧਾਇਕ ਨੇ ਕਿਹਾ ਕਿ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋੜ ਅਨੁਸਾਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕੰਮ ਕੀਤੇ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਕੰਮਾਂ ਦੌਰਾਨ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਸਮੇਂ ਕੰਮ ਦੀ ਗੁਣਵੱਤਾ ਅਤੇ ਨਿਰਧਾਰਤ ਮਾਪਦੰਡਾਂ ਦਾ ਧਿਆਨ ਰੱਖਣਾ ਜ਼ਰੂਰੀ ਹੈ। ਸੜਕਾਂ ਦੇ ਨਿਰਮਾਣ ਨਾਲ ਨਾ ਸਿਰਫ਼ ਆਵਾਜਾਈ ਸੁਖਾਲੀ ਹੁੰਦੀ ਹੈ, ਸਗੋਂ ਇਲਾਕੇ ਦੇ ਸਮੁੱਚੇ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤੀ ਮਿਲਦੀ ਹੈ।

ਇਸ ਮੌਕੇ ਰਵਿੰਦਰਪਾਲ ਸਿੰਘ ਜੌਨੀ ਕੋਹਲੀ, ਸੰਨੀ ਡਾਬੀ,ਅਮਨ ਜੌਲੀ, ਅਮਿਤ ਡਾਬੀ ਅਤੇ ਜਗਤਾਰ ਸਿੰਘ ਤਾਰੀ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।

# ਪੈਟਰੋਲ ਡੀਲਰਾਂ ਨੇ ਆਇਲ ਮਾਰਕੀਟਿੰਗ ਕੰਪਨੀਆਂ ਦੀ ਐਥਿਕਸ ਕਮੇਟੀ ਨਾਲ ਮੁਲਾਕਾਤ ਦੀ ਮੰਗ ਕੀਤੀ



**ਪਟਿਆਲਾ, 15 ਅਕਤੂਬਰ**
**-ਜੀ. ਐਸ. ਤੁੰਗ-**

ਪੈਟਰੋਲੀਅਮ ਪੰਪ ਡੀਲਰਜ਼ ਐਸੋਸੀਏਸ਼ਨ ਪੰਜਾਬ, ਫੈਡਰੇਸ਼ਨ ਆਫ਼ ਆਲ ਇੰਡੀਆ ਪੈਟਰੋਲੀਅਮ ਟਰੇਡਰਜ਼, ਪੈਟਰੋਲੀਅਮ ਡੀਲਰਜ਼ ਵੈਲਫੇਅਰ ਐਸੋਸੀਏਸ਼ਨ ਹਰਿਆਣਾਅਤੇ ਰਾਸ਼ਟਰੀ ਜਨ ਉਦਯੋਗ ਵਪਾਰ ਸੰਗਠਨ, ਫੈਡਰੇਸ਼ਨ ਆਫ਼ ਆਲ ਇੰਡੀਆ ਨੇ ਯੂ.ਪੀ.ਆਈ. ਭੁਗ??ਨਾਂ 'ਤੇ ਐੱਮ.ਡੀ.ਆਰ ਚਾਰਜ,ਪੈਟਰੋਲ ਪੰਪ ਡੀਲਰ ਮਾਰਜਨ, ਵੱਡੇ ਪੱਧਰ 'ਤੇ ਅੰਤਰ-ਰਾਜੀ ਆਇਲ ਦੀ ਤਸਕਰੀ ਅਤੇ ਉੱਤਰ ਭਾਰਤ ਵਿੱਚ ਪੈਟਰੋਲ ਪੰਪ ਆਊਟਲੈਟਾਂ ਦੇ ਸਾਹਮਣੇ ਆ ਰਹੇ ਗੰਭੀਰ ਸੰਕਟ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ।

ਫੈਡਰੇਸ਼ਨ ਆਫ਼ ਆਲ ਇੰਡੀਆ ਪੈਟਰੋਲੀਅਮ ਟਰੇਡਰਜ਼ ਦੇ ਰਾਸ਼ਟਰੀ ਬੁਲਾਰੇ ਮੌਂਟੀ ਸਹਿਗਲ ਨੇ ਯੂ.ਪੀ.ਆਈ. ਭੁਗ ਨਾਂ 'ਤੇ ਹਾਲ ਹੀ ਵਿੱਚ ਸ਼ੁਰੂ ਕੀਤੇ ਗਏ ਮਰਚੈਂਟ ਡਿਸਕਾਊਂਟ ਰੇਟ ਚਾਰਜਾਂ ਦੀ ਆਲੋਚਨਾ ਕਰਦਿਆਂ ਕਿਹਾ ਇਸਨੂੰ 'ਡਿਸਕਾਊਂਟ' ਕਹਿਣਾ ਬਿਲਕੁਲ ਗਲਤ ਹੈ। ਇਸ ਵਿੱਚ ਕੋਈ ਛੋਟ ਸ਼ਾਮਲ ਨਹੀਂ ਹੈ, ਸਗੋਂ ਇਹ ਸਰਕਾਰ ਦੁਆਰਾ ਲਗਾਇਆ ਗਿਆ ਇੱਕ ਡਿਜੀਟਲ ਰਿਕਵਰੀ ਟੈਕਸ ਹੈ। ਹਾਲਾਂਕਿ ਇਸ ਨੂੰ ਲਾਗੂ ਕਰਨ ਨੂੰ ਫਿਲਹਾਲ ਦੀਵਾਲੀ ਤੱਕ ਟਾਲ ਦਿੱਤਾ ਗਿਆ ਹੈ, ਪਰ ਇਰਾਦਾ ਇਸ ਨੂੰ ਲਾਗੂ ਕਰਨ ਦਾ ਹੀ ਹੈ।

ਪੈਟਰੋਲੀਅਮ ਪੰਪ ਡੀਲਰਜ਼ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਪਰਮਜੀਤ ਸਿੰਘ ਦੋਆਬਾ ਨੇ ਕਿਹਾ ਕਿਉਂਕਿ ਪੈਟਰੋਲੀਅਮ ਡੀਲਰ ਸਖ਼ਤ ਨਿਯਮਾਂ ਦੇ ਤਹਿਤ ਨਿਸ਼ਚਿਤ ਮਾਰਜਨ 'ਤੇ ਕੰਮ ਕਰਦੇ ਹਨ, ਇਸ ਲਈ ਅਸੀਂ ਐੱਮ.ਡੀ.ਆਰ. ਚਾਰਜਾਂ ਤੋਂ ਪੂਰੀ ਤਰ੍ਹਾਂ ਸੌ ਫ਼ੀਸਦੀ ਛੋਟ ਦੀ ਮੰਗ ਕਰਦੇ ਹਾਂ।

ਪੈਟਰੋਲੀਅਮ ਡੀਲਰਜ਼ ਵੈਲਫੇਅਰ ਐਸੋਸੀਏਸ਼ਨ ਹਰਿਆਣਾ ਦੇ ਪ੍ਰਧਾਨ ਸੰਜੀਵ ਚੌਧਰੀ ਨੇ ਕਿਹਾ ਕਿ ਦੇਸ਼ ਭਰ ਦੇ ਪੈਟਰੋਲ ਡੀਲਰ ਵਿੱਤੀ ਸੰਕਟ ਅਤੇ ਭਾਰੀ ਕਰਜ਼ੇ ਦੇ ਬੋਝ ਦਾ ਸਾਹਮਣਾ ਕਰ ਰਹੇ ਹਨ। ਪਰਮਜੀਤ ਸਿੰਘ ਦੋਆਬਾ ਨੇ ਜਾਣਕਾਰੀ ਦਿੱਤੀ ਕਿ 2018 ਅਤੇ 2023 ਵਿੱਚ ਇਸ਼ਤਿਹਾਰਾਂ ਰਾਹੀਂ ਕੀਤੇ ਗਏ ਆਊਟਲੈਟ ਵਿਸਥਾਰ ਤੋਂ ਬਾਅਦ, ਦੇਸ਼ ਭਰ ਵਿੱਚ ਪੈਟਰੋਲ ਪੰਪਾਂ ਦੀ ਕੁੱਲ ਗਿਣਤੀ ਇੱਕ ਲੱਖ ਨੂੰ ਪਾਰ ਕਰ ਗਈ ਹੈ, ਜਿਸ ਨਾਲ ਪ੍ਰਤੀ ਪੰਪ ਔਸਤ ਮਾਸਿਕ ਵਿਕਰੀ 170 ਕਿਲੋਲੀਟਰ ਤੋਂ ਘੱਟ ਕੇ 130 ਤੋਂ 140 ਕਿਲੋਲੀਟਰ ਰਹਿ ਗਈ ਹੈ। ਪੰਜਾਬ ਅਤੇ ਹਰਿਆਣਾ ਵਿੱਚ ਸਥਿਤੀ ਹੋਰ ਵੀ ਗੰਭੀਰ ਹੈ ਜਿੱਥੇ ਔਸਤ ਵਿਕਰੀ ਘੱਟ ਕੇ ਪ੍ਰਤੀ ਮਹੀਨਾ 100 ਕਿਲੋਲੀਟਰ ਤੋਂ ਹੇਠਾਂ ਚਲੀ ਗਈ ਹੈ, ਜਿਸ ਨਾਲ ਕਈ ਪੈਟਰੋਲ ਪੰਪਆਊਟਲੈਟ ਵਿੱਤੀ ਪਤਨ ਦੇ ਕ 'ਤੇ ਪਹੁੰਚ ਗਏ ਹਨ।

ਪੈਟਰੋਲ ਪੰਪ ਆਊਟਲੈਟਾਂ ਦੀ ਹੋਂਦ ਨੂੰ ਬਚਾਉਣ ਅਤੇ ਸੇਵਾ ਦੀ ਗੁਣਵੱਤਾ ਨੂੰ ਬਣਾਈ ਰੱਖਣ ਲਈ, ਐਸੋਸੀਏਸ਼ਨ ਨੇ ਕੇਂਦਰ ਸਰਕਾਰ ਅਤੇ ਆਇਲ ਮਾਰਕੀਟਿੰਗ ਕੰਪਨੀਆਂ ਨੂੰ ਅਪੀਲ ਕੀਤੀ ਕਿ ਉਹ ਡੀਲਰ ਮਾਰਜਨ ਨੂੰ ਬਿਲ ਕੀਤੀ ਗਈ ਕੀਮਤ ਦੇ ਸੱਤ ਪ੍ਰਤੀਸ਼ਤ ਤੱਕ ਤੁਰੰਤ ਸੋਧਣ, ਜਿਸ ਵਿੱਚ ਪ੍ਰਤੀ ਮਹੀਨਾ 100 ਕਿਲੋਲੀਟਰ ਵਾਲੀਅਮ ਵੇਚਣ ਵਾਲੇ ਛੋਟੇ ਡੀਲਰਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇ। ਇਸ ਤੋਂ ਇਲਾਵਾ, ਪੈਟਰੋਲੀਅਮ ਪੰਪ ਡੀਲਰਜ਼ ਐਸੋਸੀਏਸ਼ਨ, ਪੰਜਾਬ ਅਤੇ ਪੈਟਰੋਲੀਅਮ ਡੀਲਰਜ਼ ਵੈਲਫੇਅਰ ਐਸੋਸੀਏਸ਼ਨ, ਹਰਿਆਣਾ ਨੇ ਪੰਜਾਬ ਅਤੇ ਹਰਿਆਣਾ ਦੀਆਂ ਰਾਜ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਘੱਟ ਵੈਟ ਦਰਾਂ ਕਾਰਨ ਚੰਡੀਗੜ੍ਹ ਤੋਂ ਸਰਹੱਦੀ ਜ਼ਿਲ੍ਹਿਆਂ ਵਿੱਚ ਹੋ ਰਹੀ ਵੱਡੇ ਪੱਧਰ 'ਤੇ ਤੇਲ ਦੀ ਤਸਕਰੀ ਵਿਰੁੱਧ ਤੁਰੰਤ ਕਾਰਵਾਈ ਕਰਨ ਤਾਂ ਜੋ ਗੈਰ-ਕਾਨੂੰਨੀ ਵਪਾਰ ਨੂੰ ਖਤਮ ਕੀਤਾ ਜਾ ਸਕੇ, ਡੀਲਰਾਂ ਦੀ ਰੋਜ਼ੀ-ਰੋਟੀ ਦੀ ਰੱਖਿਆ ਕੀਤੀ ਜਾ ਸਕੇ ਅਤੇ ਰਾਜ ਦੇ ਮਾਲੀਏ ਨੂੰ ਸੁਰੱਖਿਅਤ ਕੀਤਾ ਜਾ ਸਕੇ।

# ਜੇਕਰ ਵਿਰੋਧੀ ਸੱਤਾ ਵਿੱਚ ਆਏ ਤਾਂ ਕਲੀਨਿਕ, ਸਿਹਤ ਯੋਜਨਾ, ਔਰਤਾਂ ਲਈ 1,000 ਰੁਪਏ ਦੀ ਸਹਾਇਤਾ ਅਤੇ ਮੁਫ਼ਤ ਬੱਸ ਸਫ਼ਰ ਬੰਦ ਕਰ ਦੇਣਗੇ:ਭਗਵੰਤ ਮਾਨ

**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਰਵਾਇਤੀ ਸਿਆਸੀ ਪਾਰਟੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਉਹ ਆਮ ਆਦਮੀ ਕਲੀਨਿਕ, ਮੁੱਖ ਮੰਤਰੀ ਸਿਹਤ ਯੋਜਨਾ, ਔਰਤਾਂ ਲਈ 1,000 ਰੁਪਏ ਮਹੀਨਾਵਾਰ ਸਨਮਾਨ ਰਾਸ਼ੀ ਅਤੇ ਮੁਫ਼ਤ ਬੱਸ ਸਫ਼ਰ ਨੂੰ ਬੰਦ ਕਰਨਾ ਚਾਹੁੰਦੇ ਹਨ, ਕਿਉਂਕਿ ਇਨ੍ਹਾਂ ਨੂੰ ਉਨ੍ਹਾਂ ਦੀ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਬਰਦਾਸ਼ਤ ਨਹੀਂ ਹੋ ਰਿਹਾ। ਹੁਸ਼ਿਆਰਪੁਰ ਦੇ ਚੱਬੇਵਾਲ ਅਧੀਨ ਪੈਂਦੇ ਪਿੰਡ ਹਰਖੋਵਾਲ ਵਿਖੇ 154 ਨਵੇਂ ਆਮ ਆਦਮੀ ਕਲੀਨਿਕ ਜਨਤਾ ਨੂੰ ਸਮਰਪਿਤ ਕਰਨ ਤੋਂ ਬਾਅਦ ਇੱਕ ਭਾਰੀ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਹੁਣ 1,244 ਕਲੀਨਿਕ ਹਨ, ਜਿੱਥੇ ਹੁਣ ਤੱਕ 6.48 ਕਰੋੜ ਤੋਂ ਵੱਧ ਓ.ਪੀ.ਡੀ. ਦਰਜ ਕੀਤੀ ਗਈ ਹੈ।

ਮੁੱਖ ਮੰਤਰੀ ਸਿਹਤ ਯੋਜਨਾ ਹੇਠ 54.20 ਲੱਖ ਪਰਿਵਾਰਾਂ ਦੇ ਸ਼ਾਮਲ ਹੋਣ ਅਤੇ ਲਗਭਗ 8 ਲੱਖ ਲਾਭਪਾਤਰੀਆਂ ਦੇ ਇਲਾਜ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੁਹਰਾਇਆ ਕਿ ਸਿਹਤ ਸੰਭਾਲ, ਬੱਚਿਆਂ ਦੀ ਸਿੱਖਿਆ ਅਤੇ ਨੌਜਵਾਨਾਂ ਲਈ ਰੋਜ਼ਗਾਰ ਉਨ੍ਹਾਂ ਦੀ ਸਰਕਾਰ ਦੀ ਤਰਜੀਹ ਹੈ, ਨਾ ਕਿ ਨਾਅਰੇਬਾਜ਼ੀ ਦੀ ਰਾਜਨੀਤੀ। ਪੰਜਾਬ ਨੂੰ ਲੁੱਟਣ ਲਈ ਰਵਾਇਤੀ ਸਿਆਸੀ ਪਾਰਟੀਆਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਕੋਲ ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਹੈ, ਓਦੋਂ ਤੱਕ ਉਨ੍ਹਾਂ ਦੀ ਸਰਕਾਰ ਨੂੰ ਬਦਨਾਮ ਕਰਨ ਦਾ ਕੋਈ ਵੀ ਯਤਨ ਉਨ੍ਹਾਂ ਦੇ ਹੌਸਲੇ ਨੂੰ ਤੋੜ ਨਹੀਂ ਸਕਦਾ।

ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ: ਅੱਜ ਅਸੀਂ ਪੰਜਾਬ ਦੇ ਲੋਕਾਂ ਨੂੰ 154 ਨਵੇਂ ਆਮ ਆਦਮੀ ਕਲੀਨਿਕ ਸਮਰਪਿਤ ਕੀਤੇ ਹਨ। ਇਹ ਕਲੀਨਿਕ ਚੱਬੇਵਾਲ ਦੇ ਪਿੰਡ ਹਰਖੋਵਾਲ ਵਿਖੇ ਜਨਤਕ ਰੈਲੀ ਦੌਰਾਨ ਸਮਰਪਿਤ ਕੀਤੇ। ਇਸ ਨਾਲ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ। ਹੁਣ ਤੱਕ ਇਨ੍ਹਾਂ ਕਲੀਨਿਕਾਂ 'ਚ 6.5 ਕਰੋੜ ਓ.ਪੀ.ਡੀ ਦਰਜ ਕੀਤੀ ਅਤੇ ਮੁਫ਼ਤ ਦਵਾਈਆਂ ਅਤੇ ਟੈਸਟਾਂ ਦਾ ਲਾਭ ਉਠਾਇਆ। ਸਾਡੀ ਸਰਕਾਰ ਦਾ ਕੰਮ ਲੋਕਾਂ ਤੋਂ ਜਿੱਤ-ਹਾਰ ਦੇ ਨਾਅਰੇ ਲਵਾਉਣਾ ਨਹੀਂ, ਸਗੋਂ ਲੋਕਾਂ ਦੀ ਸਿਹਤ, ਸਿੱਖਿਆ ਅਤੇ ਰੋਜ਼ਗਾਰ ਨੂੰ ਯਕੀਨੀ ਬਣਾਉਣਾ ਹੈ। ਰਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਨੂੰ ਸਿਰਫ਼ ਲੁੱਟਿਆ ਹੀ ਹੈ। ਉਹ ਸਾਨੂੰ ਬਦਨਾਮ ਕਰਨ ਲਈ ਕਿੰਨੀਆਂ ਵੀ ਸਾਜ਼ਿਸ਼ਾਂ ਘੜ ਲੈਣ, ਪਰ ਜਦੋਂ ਤੱਕ ਮੇਰੇ ਨਾਲ ਲੋਕਾਂ ਦਾ ਪਿਆਰ ਤੇ ਵਿਸ਼ਵਾਸ ਹੈ, ਮੈਨੂੰ ਉਨ੍ਹਾਂ ਤੋਂ ਡਰਨ ਦੀ ਲੋੜ ਨਹੀਂ। ਇਨਕਲਾਬ ਜ਼ਿੰਦਾਬਾਦ।

ਪਿੰਡ ਹਰਖੋਵਾਲ ਵਿਖੇ 154 ਨਵੇਂ ਬਣੇ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਿੱਥੇ ਪਿਛਲੀਆਂ ਸਰਕਾਰਾਂ ਆਪਣੇ ਆਲੀਸ਼ਾਨ ਮਹਿਲਾਂ ਤੱਕ ਸੀਮਤ ਰਹੀਆਂ ਅਤੇ ਮੁੱਖ ਤੌਰ 'ਤੇ ਆਪਣੇ ਪਰਿਵਾਰਾਂ ਅਤੇ ਨਿੱਜੀ ਹਿੱਤਾਂ ਲਈ ਕੰਮ ਕੀਤਾ, ਉੱਥੇ ਹੀ ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਸੇਵਾ ਲਈ ਵਚਨਬੱਧ ਹੈ। ਸਾਡੀ ਸਰਕਾਰ ਸਿਹਤ, ਸਿੱਖਿਆ, ਰੁਜ਼ਗਾਰ, ਸਿੰਚਾਈ ਅਤੇ ਸਮਾਜ ਭਲਾਈ ਵਿੱਚ ਠੋਸ ਕਦਮ ਚੁੱਕ ਕੇ ਆਪਣੇ ਵਾਅਦੇ ਪੂਰੇ ਕਰ ਰਹੀ ਹੈ ਤਾਂ ਜੋ ਵਿਕਾਸ ਦਾ ਲਾਭ ਆਮ ਨਾਗਰਿਕਾਂ ਤੱਕ ਪਹੁੰਚ ਸਕੇ।

ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ ਲੋਕਾਂ ਦੁਆਰਾ ਦਿੱਤੇ ਗਏ ਇਤਿਹਾਸਕ ਫ਼ਤਵੇ ਨੇ ਸਾਡੇ ਮੋਢਿਆਂ 'ਤੇ ਵੱਡੀ ਜ਼ਿੰਮੇਵਾਰੀ ਪਾਈ ਹੈ ਅਤੇ ਅਸੀਂ ਆਪਣੇ ਕੰਮਾਂ ਰਾਹੀਂ ਆਪਣੇ ਵਾਅਦੇ ਪੂਰੇ ਕਰ ਰਹੇ ਹਾਂ। ਪਿਛਲੀਆਂ ਸਰਕਾਰਾਂ ਅਤੇ ਸਾਡੀ ਸਰਕਾਰ ਵਿੱਚ ਫਰਕ ਸਪੱਸ਼ਟ ਹੈ। ਪਹਿਲਾਂ ਸੱਤਾ ਨੂੰ ਪਰਿਵਾਰਾਂ ਅਤੇ ਕੁਝ ਖ਼ਾਸ ਵਿਅਕਤੀਆਂ ਨੂੰ ਲਾਭ ਪਹੁੰਚਾਉਣ ਦਾ ਜ਼ਰੀਆ ਮੰਨਿਆ ਜਾਂਦਾ ਸੀ, ਪਰ ਅੱਜ ਸ਼ਾਸਨ ਆਮ ਲੋਕਾਂ, ਉਨ੍ਹਾਂ ਦੀਆਂ ਆਸਾਂ-ਉਮੀਦਾਂ ਅਤੇ ਉਨ੍ਹਾਂ ਦੀ ਭਲਾਈ ਦੇ ਦੁਆਲੇ ਘੁੰਮਦਾ ਹੈ। ਪੰਜਾਬ ਵਿੱਚ ਵਿਕਾਸ ਦੀ ਹਵਾ ਚੱਲ ਰਹੀ ਹੈ ਅਤੇ ਵਿਰੋਧੀ ਧਿਰ ਦੀ ਕੋਈ ਵੀ ਸਾਜ਼ਿਸ਼ ਇਸ ਬਦਲਾਅ ਨੂੰ ਨਹੀਂ ਰੋਕ ਸਕਦੀ।

ਵਿਰੋਧੀ ਧਿਰ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਪਾਰਟੀਆਂ ਨੇ ਦਹਾਕਿਆਂ ਤੱਕ ਪੰਜਾਬ 'ਤੇ ਰਾਜ ਕੀਤਾ, ਉਹ ਹੁਣ ਅੰਦਰੂਨੀ ਫੁੱਟ, ਭਰੋਸੇਯੋਗ ਲੀਡਰਸ਼ਿਪ ਦੀ ਘਾਟ ਅਤੇ ਸੂਬੇ ਲਈ ਸਾਕਾਰਾਤਮਕ ਏਜੰਡਾ ਪੇਸ਼ ਕਰਨ ਵਿੱਚ ਅਸਮਰੱਥ ਹਨ।

ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ ਕਦੇ ਦਾਅਵਾ ਕਰਦਾ ਸੀ ਕਿ ਉਹ 25 ਸਾਲ ਪੰਜਾਬ 'ਤੇ ਰਾਜ ਕਰੇਗਾ, ਪਰ ਅੱਜ ਉਹ ਆਪਣੀ ਸਿਆਸੀ ਹੋਂਦ ਬਚਾਉਣ ਲਈ ਜੱਦੋ-ਜਹਿਦ ਕਰ ਰਿਹਾ ਹੈ। ਜਿਨ੍ਹਾਂ ਨੇ ਆਪਣੇ ਰਾਜਨੀਤਿਕ ਭਵਿੱਖ ਬਾਰੇ ਵੱਡੇ-ਵੱਡੇ ਦਾਅਵੇ ਕੀਤੇ ਸਨ, ਉਹ ਮਜ਼ਬੂਤ ਅਤੇ ਇਕਜੁਟ ਧਿਰ ਬਣਾਉਣ ਵਿੱਚ ਅਸਫਲ ਰਹੇ ਹਨ।

ਕਾਂਗਰਸ ਦੀ ਅੰਦਰੂਨੀ ਫੁੱਟ ਦੀ ਆਲੋਚਨਾ ਕਰਦਿਆਂ ਉਨ੍ਹਾਂ ਕਿਹਾ, ਕਾਂਗਰਸੀ ਆਗੂ ਪੰਜਾਬ ਦੇ ਭਵਿੱਖ ਨਾਲ ਜੁੜੇ ਮੁੱਦਿਆਂ 'ਤੇ ਵੀ ਇਕਜੁੱਟ ਹੋ ਕੇ ਸਾਹਮਣੇ ਆਉਣ ਦੇ ਯੋਗ ਨਹੀਂ ਹਨ। ਜਿਨ੍ਹਾਂ ਨੇ ਸਾਲਾਂ ਬੱਧੀ ਪੰਜਾਬ 'ਤੇ ਰਾਜ ਕੀਤਾ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨ 'ਚ ਨਾਕਾਮ ਰਹੇ, ਉਹ ਹੁਣ ਸਾਡੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੇ। ਉਹ ਸਾਡੇ ਖ਼ਿਲਾਫ਼ ਹੱਥ ਮਿਲਾ ਰਹੇ ਹਨ ਕਿਉਂਕਿ ਉਨ੍ਹਾਂ ਕੋਲ ਪੰਜਾਬ ਲਈ ਕੋਈ ਭਰੋਸੇਯੋਗ ਏਜੰਡਾ ਨਹੀਂ ਹੈ, ਪਰ ਸੂਬੇ ਦੇ ਲੋਕ ਸਾਡੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਭ੍ਰਿਸ਼ਟਾਚਾਰ, ਪਰਿਵਾਰਵਾਦ ਅਤੇ ਨਿੱਜੀ ਹਿੱਤਾਂ ਦੀ ਰਾਜਨੀਤੀ ਨੂੰ ਨਕਾਰ ਦਿੱਤਾ ਹੈ ਅਤੇ ਹੁਣ ਉਹ ਜਵਾਬਦੇਹ ਸ਼ਾਸਨ ਅਤੇ ਫੈਸਲਾਕੁੰਨ ਨਤੀਜਿਆਂ ਦੀ ਮੰਗ ਕਰ ਰਹੇ ਹਨ। ਉਨ੍ਹਾਂ ਕਿਹਾ, ਪਿਛਲੀਆਂ ਅਕਾਲੀ ਸਰਕਾਰਾਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣ ਵਿੱਚ ਨਾਕਾਮ ਰਹੀਆਂ, ਜਦੋਂ ਕਿ ਬੇਅਦਬੀ ਦੀਆਂ ਘਟਨਾਵਾਂ ਨੇ ਲੋਕਾਂ ਵਿੱਚ ਪਾਰਟੀ ਦੀ ਭਰੋਸੇਯੋਗਤਾ ਨੂੰ ਭਾਰੀ ਠੇਸ ਪਹੁੰਚਾਈ। ਵਿਰੋਧੀ ਧਿਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਲੋਕਾਂ ਨੇ ਭ੍ਰਿਸ਼ਟਾਚਾਰ, ਪਰਿਵਾਰਵਾਦ ਅਤੇ ਨਿੱਜੀ ਸੁਆਰਥ ਦੀ ਰਾਜਨੀਤੀ ਨੂੰ ਖਾਰਜ ਕਰ ਦਿੱਤਾ ਹੈ। ਮੈਂ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਤੋਂ ਸੁਚੇਤ ਰਹਿਣ। ਲੋਕਾਂ ਦਾ ਵਿਸ਼ਵਾਸ ਅਤੇ ਆਸ਼ੀਰਵਾਦ ਸਾਡੀ ਸਭ ਤੋਂ ਵੱਡੀ ਰਾਜਨੀਤਿਕ ਤਾਕਤ ਹੈ।

ਵਿਕਾਸ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀ ਤਰੱਕੀ ਸਾਡਾ ਮਿਸ਼ਨ ਹੈ, ਇਸ ਦੇ ਲੋਕਾਂ ਦੀ ਭਲਾਈ ਸਾਡੀ ਜ਼ਿੰਮੇਵਾਰੀ ਹੈ ਅਤੇ ਉਨ੍ਹਾਂ ਦਾ ਵਿਸ਼ਵਾਸ ਸਾਡੀ ਸਭ ਤੋਂ ਵੱਡੀ ਤਾਕਤ ਹੈ। ਅਸੀਂ ਆਲੋਚਨਾ ਦੇ ਬਾਵਜੂਦ ਵਿਕਾਸ ਵਿੱਚ ਤੇਜ਼ੀ ਲਿਆਉਣ, ਜਨਤਕ ਸੇਵਾਵਾਂ ਵਿੱਚ ਸੁਧਾਰ ਕਰਨ ਅਤੇ ਆਪਣੇ ਵਾਅਦਿਆਂ ਨੂੰ ਪੂਰਾ ਕਰਨਾ ਜਾਰੀ ਰੱਖਾਂਗੇ। ਲੋਕਾਂ ਦੇ ਆਸ਼ੀਰਵਾਦ ਅਤੇ ਸਮਰਥਨ ਨਾਲ ਅਸੀਂ ਪੰਜਾਬ ਲਈ ਅਣਥੱਕ ਮਿਹਨਤ ਕਰਦੇ ਰਹਾਂਗੇ ਅਤੇ ਨਵੇਂ ਉਤਸ਼ਾਹ ਨਾਲ ਦੁਬਾਰਾ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹੋਵਾਂਗੇ।

ਸੂਬਾ ਸਰਕਾਰ ਦੀ ਸਿਹਤ ਪਹਿਲਕਦਮੀ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 154 ਨਵੇਂ ਆਮ ਆਦਮੀ ਕਲੀਨਿਕਾਂ ਸਮਰਪਿਤ ਕਰਨ ਨਾਲ ਪੰਜਾਬ ਭਰ ਵਿੱਚ ਇਹਨਾਂ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ, ਜਿਸ ਨਾਲ ਕਿਫ਼ਾਇਤੀ ਅਤੇ ਮਿਆਰੀ ਪ੍ਰਾਇਮਰੀ ਸਿਹਤ ਸੰਭਾਲ ਤੱਕ ਪਹੁੰਚ ਕਾਫ਼ੀ ਮਜ਼ਬੂਤ ਹੋਈ ਹੈ। ਉਨ੍ਹਾਂ ਕਿਹਾ,ਆਮ ਆਦਮੀ ਕਲੀਨਿਕਾਂ ਨੇ ਡਾਕਟਰੀ ਸਲਾਹ, ਟੈਸਟਿੰਗ ਸਹੂਲਤਾਂ ਅਤੇ ਦਵਾਈਆਂ ਲੋਕਾਂ ਦੇ ਘਰਾਂ ਦੇ ਨੇੜੇ ਲਿਆ ਕੇ ਪ੍ਰਾਇਮਰੀ ਸਿਹਤ ਸੰਭਾਲ ਦੇ ਖੇਤਰ ਵਿੱਚ ਬਦਲਾਅ ਲਿਆਂਦਾ ਹੈ। ਗ਼ਰੀਬ ਅਤੇ ਮੱਧਮ ਵਰਗ ਦੇ ਪਰਿਵਾਰਾਂ ਨੂੰ ਇਸ ਦਾ ਵਿਸ਼ੇਸ਼ ਲਾਭ ਮਿਲ ਰਿਹਾ ਹੈ ਕਿਉਂਕਿ ਉਹ ਆਰਥਿਕ ਬੋਝ ਦੀ ਚਿੰਤਾ ਕੀਤੇ ਬਿਨਾਂ ਸਮੇਂ ਸਿਰ ਡਾਕਟਰੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਸਿਹਤ ਸੰਭਾਲ ਇੱਕ ਬੁਨਿਆਦੀ ਹੱਕ ਹੈ, ਨਾ ਕਿ ਸਿਰਫ਼ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਦਾ ਖ਼ਰਚਾ ਚੁੱਕਣ ਦੇ ਸਮਰੱਥ ਲੋਕਾਂ ਲਈ ਕੋਈ ਵਿਸ਼ੇਸ਼ ਅਧਿਕਾਰ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਲੋਕਾਂ ਨੂੰ ਬਿਨਾਂ ਕਿਸੇ ਵਿੱਤੀ ਤੰਗੀ ਦੇ ਮਿਆਰੀ ਇਲਾਜ ਮਿਲੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਲਗਭਗ 1.98 ਕਰੋੜ ਲੋਕ ਆਮ ਆਦਮੀ ਕਲੀਨਿਕਾਂ ਦਾ ਦੌਰਾ ਕਰ ਚੁੱਕੇ ਹਨ, ਜਦੋਂ ਕਿ ਕੁੱਲ ਓ.ਪੀ.ਡੀ. 6.5 ਕਰੋੜ ਨੂੰ ਪਾਰ ਕਰ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ 127 ਤਰ੍ਹਾਂ ਦੀਆਂ ਦਵਾਈਆਂ ਅਤੇ ਕਈ ਤਰ੍ਹਾਂ ਦੇ ਲੈਬ ਟੈਸਟ ਬਿਲਕੁਲ ਮੁਫ਼ਤ ਦਿੱਤੇ ਜਾ ਰਹੇ ਹਨ, ਜਿਸ ਨਾਲ ਮਰੀਜ਼ਾਂ ਨੂੰ ਬਿਨਾਂ ਵਾਧੂ ਖ਼ਰਚੇ ਤੋਂ ਜ਼ਰੂਰੀ ਇਲਾਜ ਮਿਲ ਰਿਹਾ ਹੈ।

ਉਨ੍ਹਾਂ ਕਿਹਾ, 6.5 ਕਰੋੜ ਤੋਂ ਵੱਧ ਓ.ਪੀ.ਡੀ. ਪੰਜਾਬ ਭਰ ਦੇ ਲੋਕਾਂ ਦੇ ਇਨ੍ਹਾਂ ਕਲੀਨਿਕਾਂ ਵਿੱਚ ਭਰੋਸੇ ਨੂੰ ਦਰਸਾਉਂਦੀ ਹੈ। ਅਸੀਂ ਸਰਕਾਰੀ ਸਿਹਤ ਸੰਸਥਾਵਾਂ ਰਾਹੀਂ ਮੁਫ਼ਤ ਟੈਸਟ ਅਤੇ ਦਵਾਈਆਂ ਮੁਹੱਈਆ ਕਰਵਾ ਕੇ ਆਮ ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਵੀ ਹੋਰ ਮਜ਼ਬੂਤ ਕਰ ਰਹੇ ਹਾਂ।

## ਦਿਓਲ ਸਿਟੀ ਵਿਖੇ ਮਾਤਾ ਦੀ ਚੌਂਕੀ ਦਾ ਆਯੋਜਨ ਕਰਵਾਇਆ ਗਿਆ



**ਮਲੇਰਕੋਟਲਾ, 15 ਅਕਤੂਬਰ**
**-ਸੰਦੀਪ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿਓਲ ਸਿਟੀ ਰੈਜੀਡੈਂਸ ਵੈੱਲਫੇਅਰ ਸੁਸਾਇਟੀ ਧੂਰੀ ਰੋਡ ਮਾਲੇਰਕੋਟਲਾ ਵੱਲੋਂ ਦਿਓਲ ਸਿਟੀ ਵਿਖੇ ਮਾਤਾ ਦੀ ਚੌਂਕੀ ਦਾ ਆਯੋਜਨ ਕਰਵਾਇਆ ਗਿਆ, ਜਿਸ ਮੌਕੇ ਸ: ਜਸਵੰਤ ਸਿੰਘ ਗੱਜਣਮਾਜਰਾ ਵਿਧਾਇਕ ਹਲਕਾ ਅਮਰਗੜ੍ਹ ਵਿਸ਼ੇਸ਼ ਤੌਰ 'ਤੇ ਪਹੁੰਚੇ। ਮਾਂ ਦੇ ਸੁੰਦਰ ਦਰਬਾਰ 'ਚ ਜਯੋਤੀ ਪ੍ਰਚੰਡ ਸ. ਜਸਵੀਰ ਸਿੰਘ ਦਿਓਲ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ) ਵੱਲੋਂ ਕਰਵਾਈ ਗਈ, ਜਿਨ੍ਹਾਂ ਦਾ ਸਾਥ ਸੁਸਾਇਟੀ ਦੇ ਪ੍ਰਧਾਨ ਸ. ਕੇਸਰ ਸਿੰਘ, ਸਕੱਤਰ ਪ੍ਰਦੀਪ ਸਿੰਗਲਾ, ਖਜਾਨਚੀ ਲਖਵਿੰਦਰ ਸਿੰਘ, ਉਪ-ਪ੍ਰਧਾਨ ਰਵਿੰਦਰ ਕੁਮਾਰ, ਜਨਰਲ ਸਕੱਤਰ ਕੁਲਵਿੰਦਰ ਸਿੰਘ, ਗਗਨਦੀਪ ਸਿੰਗਲਾ, ਸਰਬਜੀਤ ਸਿੰਘ (ਦੋਵੇਂ ਸੀਨੀਅਰ ਐਗਜ਼ੈਕਟਿਵ ਮੈਂਬਰ) ਅਤੇ ਹੋਰ ਭਗਤਜਨਾਂ ਨੇ ਦਿੱਤਾ। ਪੂਜਾ ਗਗਨ ਸਿੰਗਲਾ, ਯੁਵਰਾਜ ਜੈਨ ਅਤੇ ਨਿਤਿਨ ਸਿੰਗਲਾ ਦੇ ਪਰਿਵਾਰਕ ਮੈਂਬਰਾਂ ਵੱਲੋਂ ਕਰਵਾਈ ਗਈ। ਸ਼੍ਰੋਮਣੀ ਅਕਾਲੀ ਦਲ (ਬ) ਦੀ ਸਥਾਨਕ ਸਰਗਰਮ ਆਗੂ ਮੈਡਮ ਜ਼ਾਹਿਦਾ ਸੁਲੇਮਾਨ ਨੇ ਸਾਥੀ ਪਾਰਟੀ ਵਰਕਰਾਂ ਨਾਲ ਪਹੁੰਚ ਕੇ ਹਾਜ਼ਰੀਨ ਨੂੰ ਨਰਾਤਿਆਂ ਅਤੇ ਮਾਤਾ ਦੀ ਚੌਂਕੀ ਦੀ ਵਧਾਈ ਦਿੱਤੀ। ਸੁਸਾਇਟੀ ਵੱਲੋਂ ਸ. ਜਸਵੀਰ ਸਿੰਘ ਦਿਓਲ, ਮੈਡਮ ਜ਼ਾਹਿਦਾ ਸੁਲੇਮਾਨ, ਅਮਰੀਕ ਸਿੰਘ ਨਾਰੀਕੇ, ਅਜੈ ਕੁਮਾਰ (ਮੁਨਸ਼ੀ), ਮਨੋਜ ਉੱਪਲ, ਅਜੈ ਕੁਮਾਰ (ਅੱਜੂ), ਦਰਸ਼ਨ ਪਾਲ ਰਿਖੀ (ਸਾਰੇ ਕੌਂਸਲਰ), ਪ੍ਰੇਮ ਸਾਗਰ ਕਿੰਗਰ, ਬਹਾਵਲਪੁਰੀ ਪੰਚਾਇਤੀ ਸਭਾ ਦੇ ਅਹੁਦੇਦਾਰਾਂ, ਵਿਸ਼ਵਕਰਮਾ ਮੰਦਿਰ ਦੇ ਪ੍ਰਧਾਨ ਰਾਜਵਿੰਦਰ ਜੀ, ਸ਼੍ਰੀ ਖਾਟੂ ਸ਼ਿਆਮ ਬਾਲਾਜੀ ਸੇਵਾ ਸਮਿਤੀ ਦੇ ਅਹੁਦੇਦਾਰ, ਗਊ ਸ਼ਾਲਾ ਵੱਲੋਂ ਰਾਜੇਸ਼ ਢੀਂਗਰਾ ਅਤੇ ਰੋਮੀਓ ਢੀਂਗਰਾ, ਸਰਬਜੀਤ ਸਿੰਘ, ਅਰਵਿੰਦਰ ਸਿੰਘ ਲਵਲੀ, ਹਿਤੇਸ਼ ਗੋਇਲ, ਸੁਭਾਸ਼ ਸ਼ਰਮਾ, ਸੰਜੇ ਛਾਬੜਾ ਅਤੇ ਹੋਰ ਪਤਵੰਤੇ ਸੱਜਣਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਮਾਂ ਦਾ ਗੁਣਗਾਨ ਪੰਕਜ ਮਲਿਕ-ਵਿੱਕੀ ਵੋਹਰਾ ਐਂਡ ਪਾਰਟੀ ਵੱਲੋਂ ਕੀਤਾ ਗਿਆ। ਇਸ ਮੌਕੇ ਦੁਨੀਆਂ ਭਰ 'ਚ ਅਮਨ-ਸ਼ਾਂਤੀ ਲਈ ਅਰਦਾਸ ਵੀ ਕੀਤੀ ਗਈ। ਆਰਤੀ ਪੰਡਿਤ ਮੋਹਨ ਸ਼ਿਆਮ ਜੀ ਵੱਲੋਂ ਕਰਵਾਈ ਗਈ। ਪ੍ਰਧਾਨ ਸ. ਕੇਸਰ ਸਿੰਘ ਵੱਲੋਂ ਮਾਤਾ ਦੀ ਚੌਂਕੀ ਲਈ ਦਿਓਲ ਸਿਟੀ ਦੇ ਨਾਲ-ਨਾਲ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

# ਵਿੱਤ ਮੰਤਰੀ ਚੀਮਾ ਵੱਲੋਂ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਹੱਲ ਕਰਨ ਦੇ ਨਿਰਦੇਸ਼; 11 ਯੂਨੀਅਨਾਂ ਨਾਲ ਕੀਤੀਆਂ ਮੀਟਿੰਗਾਂ

**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬੇ ਦੇ ਸਿਹਤ ਸੰਭਾਲ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਤੇ ਮੰਗਾਂ ਦੇ ਨਿਪਟਾਰੇ ਲਈ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਆਉਂਦੀਆਂ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਵਿਆਪਕ ਮੀਟਿੰਗਾਂ ਕੀਤੀਆਂ।

ਫਰੰਟਲਾਈਨ ਸਟਾਫ਼ ਦੇ ਕੰਮਕਾਜੀ ਮਾਹੌਲ ਨੂੰ ਧਿਆਨ ਵਿੱਚ ਰੱਖਦਿਆਂ ਵਿੱਤ ਮੰਤਰੀ ਨੇ ਇਸ ਸਬੰਧੀ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨੂੰ ਤੁਰੰਤ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਹਦਾਇਤ ਕੀਤੀ ਕਿ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਾਂ ਦੀ ਸਹੂਲਤ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ ਤਾਂ ਜੋ ਉਹ ਪੰਚਾਇਤ ਘਰਾਂ ਜਾਂ ਹੋਰ ਢੁਕਵੀਆਂ ਪੰਚਾਇਤੀ ਇਮਾਰਤਾਂ ਵਿੱਚ ਇਕ ਦਿਨ ਛੱਡ ਕੇ ਟੀਕਾਕਰਨ ਮੁਹਿੰਮ ਚਲਾ ਸਕਣ। ਵਿਸਥਾਰਤ ਵਿਚਾਰ-ਵਟਾਂਦਰੇ ਦੌਰਾਨ ਵਿੱਤ ਮੰਤਰੀ ਨੇ ਮੁਲਾਜ਼ਮਾਂ ਨੂੰ ਦਰਪੇਸ਼ ਢਾਂਚਾਗਤ ਅਤੇ ਪ੍ਰਬੰਧਕੀ ਰੁਕਾਵਟਾਂ ਨੂੰ ਦੂਰ ਕਰਨ ਲਈ ਅਹਿਮ ਕਦਮ ਚੁੱਕੇ। ਉਨ੍ਹਾਂ ਸਿਹਤ ਵਿਭਾਗ ਨੂੰ ਆਸ਼ਾ ਵਰਕਰਾਂ ਤੇ ਫੈਸੀਲੀਟੇਟਰਾਂ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ ਅਤੇ ਅਚਨਚੇਤ ਛੁੱਟੀਆਂ ਦੀ ਵਿਵਸਥਾ ਬਾਰੇ ਤੁਰੰਤ ਇਕ ਪ੍ਰਸਤਾਵ ਤਿਆਰ ਕਰਕੇ ਕੈਬਨਿਟ ਸਬ-ਕਮੇਟੀ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਤਾਂ ਜੋ ਛੇਤੀ ਤੋਂ ਛੇਤੀ ਢੁਕਵੀਂ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ। ਇਸ ਤੋਂ ਇਲਾਵਾ ਸ. ਚੀਮਾ ਨੇ ਵਫ਼ਦਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਬਾਕੀ ਮੁੱਖ ਮੰਗਾਂ ਪਹਿਲਾਂ ਹੀ ਸਰਕਾਰ ਦੇ ਲਗਾਤਾਰ ਵਿਚਾਰ ਅਧੀਨ ਹਨ ਅਤੇ ਜਲਦੀ ਹੀ ਇਨ੍ਹਾਂ ਬਾਰੇ ਸਾਰਥਕ ਫ਼ੈਸਲੇ ਦਾ ਐਲਾਨ ਕੀਤਾ ਜਾਵੇਗਾ।



ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਕਿ ਮੁਲਾਜ਼ਮਾਂ ਦੇ ਮੁੱਖ ਮਸਲੇ ਤਨਖ਼ਾਹ ਵਾਧੇ, ਬਰਾਬਰ ਤਨਖ਼ਾਹ, ਨਿਰਪੱਖ ਛੁੱਟੀ ਨੀਤੀਆਂ ਅਤੇ ਪਾਰਦਰਸ਼ੀ ਬਦਲੀਆਂ ਨਾਲ ਸਬੰਧਤ ਹਨ, ਵਿੱਤ ਮੰਤਰੀ ਨੇ ਸਿਹਤ ਵਿਭਾਗ ਨੂੰ ਸਾਰੇ ਜਾਇਜ਼ ਮੁੱਦੇ ਅੰਤਰ-ਵਿਭਾਗੀ ਕਮੇਟੀ ਅੱਗੇ ਪੇਸ਼ ਕਰਨ ਦੇ ਹੁਕਮ ਦਿੱਤੇ। ਕਿਸੇ ਵੀ ਤਰ੍ਹਾਂ ਦੀ ਦੇਰੀ ਤੋਂ ਬਿਨਾਂ ਜ਼ਾਇਜ਼ ਮੰਗਾਂ ਦਾ ਫ਼ੌਰੀ ਨਿਪਟਾਰਾ ਯਕੀਨੀ ਬਣਾਉਣ ਲਈ ਉਨ੍ਹਾਂ ਕਮੇਟੀ ਨੂੰ ਹਫ਼ਤੇ ਵਿੱਚ ਇਕ ਵਾਰ ਮੀਟਿੰਗ ਕਰਨ ਦੀ ਸਖ਼ਤ ਹਦਾਇਤ ਕੀਤੀ।

ਇਨ੍ਹਾਂ ਮੀਟਿੰਗਾਂ ਦੌਰਾਨ ਵੱਖ-ਵੱਖ ਮੁਲਾਜ਼ਮ ਨੁਮਾਇੰਦਿਆਂ ਨੇ ਸਰਗਰਮੀ ਨਾਲ ਹਿੱਸਾ ਲਿਆ ਅਤੇ ਆਪਣੀਆਂ ਵਿਭਾਗੀ ਮੁਸ਼ਕਲਾਂ ਬਾਰੇ ਵਿਸਥਾਰਤ ਮੰਗ-ਪੱਤਰ ਸੌਂਪੇ। ਇਸ ਵਿਚਾਰ-ਵਟਾਂਦਰੇ ਵਿੱਚ ਆਲ ਇੰਡੀਆ ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ, ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰ ਯੂਨੀਅਨ ਪੰਜਾਬ (ਸੀਟੂ) ਅਤੇ ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰ ਨਰੋਲ ਯੂਨੀਅਨ ਵੱਲੋਂ ਅਹਿਮ ਸੁਝਾਅ ਦਿੱਤੇ ਗਏ। ਇਸ ਤੋਂ ਇਲਾਵਾ ਐਨ.ਐਚ.ਐਮ. ਇੰਪਲਾਈਜ਼ ਯੂਨੀਅਨ, ਕਮਿਊਨਿਟੀ ਹੈਲਥ ਆਫ਼ੀਸਰਜ਼ ਐਸੋਸੀਏਸ਼ਨ, ਫਾਰਮੇਸੀ ਆਫ਼ੀਸਰਜ਼ ਐਸੋਸੀਏਸ਼ਨ, ਰੂਰਲ ਹੈਲਥ ਫਾਰਮੇਸੀ ਆਫ਼ੀਸਰ ਯੂਨੀਅਨ ਅਤੇ ਹੈਲਥ ਫਾਰਮੇਸੀ ਆਫ਼ੀਸਰ ਐਸੋਸੀਏਸ਼ਨ ਪੰਜਾਬ ਵੱਲੋਂ ਬਰਾਬਰ ਕੰਮ ਬਰਾਬਰ ਤਨਖ਼ਾਹ ਅਤੇ ਰੈਗੂਲਰਾਈਜ਼ੇਸ਼ਨ ਵਰਗੇ ਪ੍ਰਮੁੱਖ ਪ੍ਰਣਾਲੀਗਤ ਮੁੱਦੇ ਉਠਾਏ ਗਏ।

ਮੀਟਿੰਗਾਂ ਦੌਰਾਨ ਗੌਰਮਿੰਟ ਡਰੱਗ ਡੀ-ਐਡਿਕਸ਼ਨ ਐਂਡ ਰੀਹੈਬਲੀਟੇਸ਼ਨ ਇੰਪਲਾਈਜ਼ ਯੂਨੀਅਨ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਐਸੋਸੀਏਸ਼ਨ (ਸਿਹਤ ਵਿਭਾਗ) ਅਤੇ ਪੀ.ਸੀ.ਐਮ.ਐਸ. ਡੈਂਟਲ ਐਸੋਸੀਏਸ਼ਨ ਦੀਆਂ ਵਿਲੱਖਣ ਕਾਰਜਸ਼ੈਲੀ ਨਾਲ ਸਬੰਧਤ ਮੰਗਾਂ 'ਤੇ ਵੀ ਵਿਸ਼ੇਸ਼ ਚਰਚਾ ਹੋਈ, ਜੋ ਸੂਬੇ ਦੇ ਸਿਹਤ ਢਾਂਚੇ ਦੇ ਹਰ ਪੱਧਰ ਨੂੰ ਮਜ਼ਬੂਤ ਤੇ ਸਥਿਰ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਨ੍ਹਾਂ ਮੀਟਿੰਗਾਂ ਦੌਰਾਨ ਆਲ ਇੰਡੀਆ ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ ਵੱਲੋਂ ਦੁਰਗੋ ਬਾਈ, ਬਲਵੀਰ ਕੌਰ, ਰਜਿੰਦਰ ਕੌਰ ਤੇ ਸਵਰਨ ਕੌਰ; ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰ ਯੂਨੀਅਨ ਪੰਜਾਬ (ਸੀਟੂ) ਵੱਲੋਂ ਸਰੋਜ ਬਾਲਾ, ਸੀਮਾ ਰਾਣੀ, ਜੋਗਿੰਦਰ ਕੌਰ ਤੇ ਪਰਮਿੰਦਰ ਕੌਰ; ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰ ਨਰੋਲ ਯੂਨੀਅਨ ਵੱਲੋਂ ਕਿਰਨਦੀਪ ਕੌਰ, ਪਵਨਪ੍ਰੀਤ ਕੌਰ ਤੇ ਮਨਦੀਪ ਕੌਰ; ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਵੱਲੋਂ ਸੰਦੀਪ ਕੌਰ, ਅਮਨਦੀਪ ਸਿੰਘ, ਦਿਨੇਸ਼ ਗਰਗ ਤੇ ਸੁਖਜੀਤ ਸਿੰਘ; ਕਮਿਊਨਿਟੀ ਹੈਲਥ ਆਫ਼ੀਸਰਜ਼ ਐਸੋਸੀਏਸ਼ਨ ਵੱਲੋਂ ਡਾ. ਸੁਨੀਲ ਤਰਗੋਤਰਾ, ਡਾ. ਦਲਜੀਤ ਕੁਮਾਰ ਤੇ ਡਾ. ਰਾਜ; ਫਾਰਮੇਸੀ ਆਫ਼ੀਸਰਜ਼ ਐਸੋਸੀਏਸ਼ਨ ਵੱਲੋਂ ਸ਼ੁਭਮ ਸ਼ਰਮਾ ਤੇ ਦੀਪ ਕੰਬੋਜ; ਰੂਰਲ ਹੈਲਥ ਫਾਰਮੇਸੀ ਆਫ਼ੀਸਰ ਯੂਨੀਅਨ ਵੱਲੋਂ ਗੁਰਮੀਤ ਸਿੰਘ, ਨਵਜੋਤ ਕੌਰ ਤੇ ਰਜਿੰਦਰ ਕੁਮਾਰ; ਸਿਹਤ ਫਾਰਮੇਸੀ ਆਫ਼ੀਸਰ ਐਸੋਸੀਏਸ਼ਨ ਵੱਲੋਂ ਰਾਮ ਸਿੰਘ, ਨਵਦੀਪ ਕੁਮਾਰ, ਸਰਬਜੀਤ ਤੇ ਰਾਜ ਕੁਮਾਰ; ਗੌਰਮਿੰਟ ਡਰੱਗ ਡੀ-ਐਡਿਕਸ਼ਨ ਐਂਡ ਰੀਹੈਬਲੀਟੇਸ਼ਨ ਇੰਪਲਾਈਜ਼ ਯੂਨੀਅਨ ਵੱਲੋਂ ਪਰਮਿੰਦਰ ਸਿੰਘ, ਨਵਦੀਪ ਸਿੰਘ ਤੇ ਤਰਸੇਮ ਸ਼ਰਮਾ; ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਐਸੋਸੀਏਸ਼ਨ (ਸਿਹਤ ਵਿਭਾਗ) ਵੱਲੋਂ ਜਸਮੇਲ ਸਿੰਘ, ਗੁਰਜੰਟ ਸਿੰਘ, ਮਹਿੰਦਰ ਪਾਲ ਸਿੰਘ ਤੇ ਆਸ਼ੂ ਗਰਗ; ਅਤੇ ਪੀ.ਸੀ.ਐਮ.ਐਸ. ਡੈਂਟਲ ਐਸੋਸੀਏਸ਼ਨ ਵੱਲੋਂ ਡਾ. ਆਸ਼ੂਤੋਸ਼ ਸ਼ਰਮਾ, ਡਾ. ਧਰਮਿੰਦਰ ਸਿੰਘ, ਡਾ. ਹਰਪ੍ਰੀਤ ਕੌਰ ਤੇ ਡਾ. ਵਿਕਰਾਂਤ ਸ਼ਰਮਾ ਨੇ ਆਪਣੇ ਮਸਲੇ ਅਤੇ ਮੰਗਾਂ ਰੱਖੀਆਂ।

## ਰਾਸ਼ਟਰੀ ਏਕਤਾ ਦਿਵਸ ਮੌਕੇ ਮਾਛੀਵਾੜਾ ਸਾਹਿਬ ਵਿਖੇ ਮੈਰਾਥਨ ਦਾ ਆਯੋਜਨ



**ਮਾਛੀਵਾੜਾ ਸਾਹਿਬ, 15 ਅਕਤੂਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

(ਮਾਸਟਰ ਸਤੀਸ਼ ਕੁਮਾਰ)- ਰਾਸ਼ਟਰੀ ਏਕਤਾ ਦਿਵਸ ਮੌਕੇ ਪੁਲਿਸ ਜ਼ਿਲ੍ਹਾ ਖੰਨਾ ਵੱਲੋਂ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੁਸਾਇਟੀ (ਐਨ.ਜੀ.ਓ.) ਦੇ ਸਹਿਯੋਗ ਨਾਲ ਮਾਛੀਵਾੜਾ ਸਾਹਿਬ ਵਿਖੇ ਮੈਰਾਥਨ ਦਾ ਆਯੋਜਨ ਕੀਤਾ ਗਿਆ। ਇਸ ਮੈਰਾਥਨ 'ਚ ਐਸ.ਐਸ.ਡੀ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸਕੂਲ ਮੁਖੀ ਨਿਰੰਜਨ ਕੁਮਾਰ ਦੀ ਅਗਵਾਈ ਹੇਠ ਉਤਸ਼ਾਹ ਨਾਲ ਭਾਗ ਲਿਆ ਅਤੇ ਸ਼ਹਿਰ ਦਾ ਚੱਕਰ ਲਗਾ ਕੇ ਰਾਸ਼ਟਰੀ ਏਕਤਾ, ਭਾਈਚਾਰੇ ਅਤੇ ਆਪਸੀ ਸਦਭਾਵਨਾ ਦਾ ਸੰਦੇਸ਼ ਦਿੱਤਾ।

ਇਸ ਮੌਕੇ ਪੁਲਿਸ ਜ਼ਿਲ੍ਹਾ ਸਾਂਝ ਕੇਂਦਰ ਦੀ ਇੰਚਾਰਜ ਰਾਜਵੰਤ ਕੌਰ, ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਸਕੂਲ ਮੁਖੀ ਨਿਰੰਜਨ ਕੁਮਾਰ ਅਤੇ ਐਨ.ਜੀ.ਓ. ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਬੁਲਾਰਿਆਂ ਨੇ ਰਾਸ਼ਟਰੀ ਏਕਤਾ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਦੇਸ਼ ਦੀ ਤਰੱਕੀ ਅਤੇ ਮਜ਼ਬੂਤੀ ਲਈ ਆਪਸੀ ਪਿਆਰ, ਸਦਭਾਵਨਾ, ਅਨੁਸ਼ਾਸਨ ਅਤੇ ਭਾਈਚਾਰਕ ਸਾਂਝ ਬਹੁਤ ਜ਼ਰੂਰੀ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ, ਸਮਾਜ 'ਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

ਪੁਲਿਸ ਜ਼ਿਲ੍ਹਾ ਖੰਨਾ ਅਤੇ ਐਨ.ਜੀ.ਓ. ਵੱਲੋਂ ਕੀਤਾ ਗਿਆ ਇਹ ਉਪਰਾਲਾ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਰਿਹਾ। ਇਸ ਮੈਰਾਥਨ 'ਚ ਥਾਣਾ ਮੁਖੀ ਮਾਛੀਵਾੜਾ ਕਰਮਜੀਤ ਸਿੰਘ, ਟ੍ਰੈਫਿਕ ਇੰਚਾਰਜ ਮਾਛੀਵਾੜਾ ਜਸਵੀਰ ਸਿੰਘ, ਟ੍ਰੈਫਿਕ ਇੰਚਾਰਜ ਸਮਰਾਲਾ ਤਰਨਜੀਤ ਸਿੰਘ, ਅੰਮ੍ਰਿਤਪਾਲ ਸਮਰਾਲਾ, ਸਰਪੰਚ ਪਰਮਜੀਤ ਕੌਰ ਸੈਣੀ, ਸਕੂਲ ਕੈਂਪਸ ਮੈਨੇਜਰ ਨਰਿੰਦਰ ਸਿੰਘ, ਜਗਦੀਸ਼ ਕੁਮਾਰ ਚਾਨਣਾ, ਪਰਮਦੀਪ ਪਾਲ ਸਿੰਘ ਆਦਿ ਵੀ ਸ਼ਾਮਿਲ ਹੋਏ।

# ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ: 4,500 ਸਕੂਲਾਂ ਦੇ 5.5 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਸਕੂਲ ਪੱਧਰੀ ਮੁਕਾਬਲਿਆਂ 'ਚ ਲਿਆ ਹਿੱਸਾ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਕਰਵਾਏ ਜਾ ਰਹੇ ਸਕੂਲ ਪੱਧਰੀ ਮੁਕਾਬਲਿਆਂ ਵਿੱਚ ਸੂਬੇ ਭਰ ਦੇ ਕਰੀਬ 4,500 ਸਕੂਲਾਂ ਦੇ 5,52,677 ਵਿਦਿਆਰਥੀਆਂ ਨੇ ਭਾਗ ਲਿਆ ਹੈ। ਮਈ ਤੋਂ ਅਕਤੂਬਰ 2026 ਤੱਕ ਚੱਲਣ ਵਾਲੇ ਇਨ੍ਹਾਂ ਮੁਕਾਬਲਿਆਂ ਵਿੱਚ ਪ੍ਰਸ਼ਨੋਤਰੀ, ਚਿੱਤਰਕਾਰੀ, ਲੇਖ ਰਚਨਾ ਅਤੇ ਭਾਸ਼ਣ ਮੁਕਾਬਲੇ ਸ਼ਾਮਲ ਹਨ, ਜਿਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਮਹਾਨ ਗੁਰੂ ਜੀ ਵੱਲੋਂ ਦਿੱਤੇ ਬਰਾਬਰੀ, ਸਮਾਜਿਕ ਸਦਭਾਵਨਾ ਅਤੇ ਨਿਆਂ ਦੇ ਸੰਦੇਸ਼ ਨਾਲ ਜੋੜਨਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਨ੍ਹਾਂ ਸਕੂਲ ਪੱਧਰੀ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਸਿੱਖਿਆਵਾਂ ਅਤੇ ਫ਼ਲਸਫ਼ੇ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਬਰਾਬਰੀ, ਸਮਾਜਿਕ ਸਦਭਾਵਨਾ, ਆਪਸੀ ਭਾਈਚਾਰਕ ਸਾਂਝ ਅਤੇ ਨਿਆਂ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਦਿਆਰਥੀਆਂ ਲਈ ਆਨਲਾਈਨ ਤੇ ਆਫ਼ਲਾਈਨ ਪ੍ਰਸ਼ਨੋਤਰੀ, ਚਿੱਤਰਕਾਰੀ, ਲੇਖ ਰਚਨਾ ਅਤੇ ਵਿਚਾਰ-ਚਰਚਾ ਸਮੇਤ ਵੱਖ-ਵੱਖ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰਾਖੀ ਅਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਦਾ ਪ੍ਰਣ ਲੈਣਾ ਵੀ ਇਨ੍ਹਾਂ ਗਤੀਵਿਧੀਆਂ ਦਾ ਅਹਿਮ ਹਿੱਸਾ ਹੈ।

ਸ. ਸੌਂਦ ਨੇ ਆਖਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਖ਼ਾਸ ਕਰਕੇ ਉਨ੍ਹਾਂ ਵੱਲੋਂ ਬਰਾਬਰੀ, ਮਨੁੱਖੀ ਸਵੈ-ਮਾਣ ਅਤੇ ਸਮਾਜਿਕ ਵਿਤਕਰੇ ਦੇ ਖ਼ਾਤਮੇ ਦਾ ਦਿੱਤਾ ਸੁਨੇਹਾ, ਅਜੋਕੇ ਸਮਾਜ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਹਨ। ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੂੰ ਇਨ੍ਹਾਂ ਸਰਬਵਿਆਪੀ ਕਦਰਾਂ-ਕੀਮਤਾਂ ਨੂੰ ਸਮਝਣ, ਆਪਣੇ ਜੀਵਨ ਵਿੱਚ ਅਪਣਾਉਣ ਅਤੇ ਇੱਕ ਸਮਾਵੇਸ਼ੀ ਤੇ ਸੁਖਾਵੇਂ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ 5.5 ਲੱਖ ਤੋਂ ਵੱਧ ਵਿਦਿਆਰਥੀਆਂ ਦੀ ਸ਼ਮੂਲੀਅਤ ਇਸ ਸਕੂਲ ਪੱਧਰੀ ਪਹਿਲਕਦਮੀ ਦੀ ਵਿਆਪਕ ਪਹੁੰਚ ਨੂੰ ਦਰਸਾਉਂਦੀ ਹੈ। ਇਹ ਪ੍ਰੋਗਰਾਮ ਨੌਜਵਾਨ ਪੀੜ੍ਹੀ ਨੂੰ ਪੰਜਾਬ ਦੇ ਅਮੀਰ ਅਧਿਆਤਮਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਗਿਆਨ, ਸਿਰਜਣਾਤਮਕਤਾ ਅਤੇ ਉਸਾਰੂ ਸੰਵਾਦ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਪ੍ਰਤੀ ਆਪਣੀ ਸੋਚ ਨੂੰ ਪ੍ਰਗਟ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਮੌਕੇ ਵੱਖ-ਵੱਖ ਪੱਧਰਾਂ 'ਤੇ ਸਾਲ ਭਰ ਚੱਲਣ ਵਾਲੇ ਸਮਾਗਮ ਕਰਵਾਏ ਜਾ ਰਹੇ ਹਨ ਤਾਂ ਜੋ ਵਿਆਪਕ ਜਨਤਕ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਮਹਾਨ ਗੁਰੂ ਜੀ ਦਾ ਸੰਦੇਸ਼ ਸਮਾਜ ਦੇ ਹਰ ਵਰਗ ਤੱਕ ਪਹੁੰਚਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਅਤੇ ਵਿਦਿਅਕ ਅਦਾਰਿਆਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਬਰਾਬਰੀ, ਭਾਈਚਾਰਕ ਸਾਂਝ ਤੇ ਸਮਾਜਿਕ ਨਿਆਂ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।

## ਸਮਾਜ ਸੇਵੀ ਕਮਲ ਚੌਹਾਨ ਨੇ ਰਾਮਲੀਲਾ ਵਿੱਚ ਕੀਤੀ ਸ਼ਿਰਕਤ



**ਰੂਪਨਗਰ, 15 ਅਕਤੂਬਰ-ਸੰਦੀਪ ਜੋਸ਼ੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਮਹਾਂਬੀਰ ਦਲ, ਸ੍ਰੀ ਹਨੂੰਮਾਨ ਮੰਦਰ, ਰੋਪੜ ਵੱਲੋਂ ਕਰਵਾਈ ਜਾ ਰਹੀ ਰਾਮਲੀਲਾ ਵਿੱਚ ਸਮਾਜ ਸੇਵੀ ਕਮਲ ਚੌਹਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਰਾਮਲੀਲਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਕਮਲ ਚੌਹਾਨ ਨੇ ਰਾਮਲੀਲਾ ਦੇ ਆਯੋਜਨ ਲਈ ਪ੍ਰਬੰਧਕ ਕਮੇਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਰਾਮਲੀਲਾ ਵਰਗੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਸਾਨੂੰ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਆਦਰਸ਼ਾਂ, ਸੱਚਾਈ, ਮਰਿਆਦਾ ਅਤੇ ਨੇਕੀ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਾਡੀ ਧਾਰਮਿਕ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਅਤੇ ਸੰਸਕਾਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅੰਤ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਸਮਾਜ ਸੇਵੀ ਕਮਲ ਚੌਹਾਨ ਨੂੰ ਸਨਮਾਨਿਤ ਕੀਤਾ ਗਿਆ।

# ਸੂਬੇ ਦੀਆਂ 518 ਗਊਸ਼ਾਲਾਵਾਂ ਦੇ 100 ਕਰੋੜ ਤੋਂ ਵੱਧ ਦੇ ਬਿਜਲੀ ਬਿੱਲ ਮੁਆਫ਼ : ਕੀਮਤੀ ਭਗਤ

➢ ਗਊਸ਼ਾਲਾਵਾਂ ਨੂੰ 3 ਕਰੋੜ 6 ਲੱਖ ਦੇ ਦਿੱਤੇ ਕਾਓ ਲਿਫਟਰ ➢ ਹਰ ਗਊਧਨ ਲਈ 61 ਰੁਪਏ ਰੋਜ਼ਾਨਾ ਦੇਣ ਦੀ ਪ੍ਰਕਿਰਿਆ ਜਾਰੀ ➢ ਗਊ ਸੇਵਾ ਕਮਿਸ਼ਨ ਦੇ ਉੱਪ ਚੇਅਰਮੈਨ ਨੇ ਤਰਨ ਤਾਰਨ ਦੀਆਂ ਪੰਜ ਗਊਸ਼ਾਲਾਵਾਂ ਨੂੰ ਰਜਿਸਟ੍ਰੇਸ਼ਨ ਸਰਟੀਫਿਕੇਟ ਵੰਡੇ

**ਤਰਨ ਤਾਰਨ, 15 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਦਾ ਸੰਕਲਪ ਹੈ ਕਿ ਇਕ ਵੀ ਲਾਵਾਰਿਸ ਬੇਸਹਾਰਾ ਗਊਧਨ ਪੰਜਾਬ ਰਾਜ ਦੀਆਂ ਸੜਕਾਂ 'ਤੇ ਨਹੀਂ ਰਹੇਗਾ। ਇਹ ਪ੍ਰਗਟਾਵਾ ਪੰਜਾਬ ਗਊ ਸੇਵਾ ਕਮਿਸ਼ਨ ਦੇ ਉੱਪ ਚੇਅਰਮੈਨ ਕੀਮਤੀ ਭਗਤ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਨਾਲ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ 518 ਸਰਕਾਰੀ ਅਤੇ ਨਿੱਜੀ ਗਊਸ਼ਾਲਾਵਾਂ ਦੇ 100 ਕਰੋੜ ਰੁਪਏ ਤੋਂ ਵੱਧ ਦੇ ਬਿਜਲੀ ਬਿੱਲ ਮੁਆਫ਼ ਕੀਤੇ ਗਏ ਹਨ, ਜਿਨਾਂ ਵਿੱਚ ਤਰਨ ਤਾਰਨ ਜ਼ਿਲ੍ਹੇ ਦੀਆਂ ਸੱਤ ਗਊਸ਼ਾਲਾਵਾਂ ਵੀ ਸ਼ਾਮਿਲ ਹਨ। ਇਸ ਤੋਂ ਇਲਾਵਾ ਕਰੀਬ 500 ਗਊਸ਼ਾਲਾਵਾਂ ਨੂੰ 3 ਕਰੋੜ 6 ਲੱਖ ਰੁਪਏ ਦੀ ਲਾਗਤ ਨਾਲ ਕਾਓ ਲਿਫਟਰ ਮੁਹੱਈਆ ਕਰਵਾਏ ਗਏ ਹਨ, ਜਿਨ੍ਹਾਂ ਵਿੱਚੋਂ ਸੱਤ ਤਰਨ ਤਾਰਨ ਜ਼ਿਲ੍ਹੇ ਨੂੰ ਮਿਲੇ ਹਨ।

ਉੱਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲਾਵਾਰਿਸ ਤੇ ਬੇਸਹਾਰਾ ਗਊਧਨ ਦੀ ਸਾਂਭ-ਸੰਭਾਲ, ਸੁਰੱਖਿਆ ਤੇ ਗਊਸ਼ਾਲਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਉਪਰਾਲੇ ਜਾਰੀ ਹਨ। ਉਨ੍ਹਾਂ ਕਿਹਾ ਕਿ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਹੋਣ ਨਾਲ ਉਨ੍ਹਾਂ ਦਾ ਵਿੱਤੀ ਬੋਝ ਘਟਿਆ ਹੈ ਅਤੇ ਉਹ ਉਪਲਬੱਧ ਸਰੋਤਾਂ ਦੀ ਵਰਤੋਂ ਗਊਧਨ ਦੀ ਬਿਹਤਰ ਦੇਖਭਾਲ ਲਈ ਕਰ ਸਕਣਗੀਆਂ। ਗਊਸ਼ਾਲਾਵਾਂ ਨੂੰ ਦਿੱਤੇ ਗਏ ਕਾਊ ਲਿਫਟਰ ਜ਼ਖ਼ਮੀ ਤੇ ਬਿਮਾਰ ਗਊਧਨ ਨੂੰ ਸੁਰੱਖਿਅਤ ਢੰਗ ਨਾਲ ਚੁੱਕ ਕੇ ਇਲਾਜ ਲਈ ਲਿਜਾਣ ਤੇ ਗਊਸ਼ਾਲਾਵਾਂ ਤੱਕ ਪਹੁੰਚਾਉਣ 'ਚ ਮਦਦਗਾਰ ਹੋਣਗੇ। ਉਨ੍ਹਾਂ ਦੱਸਿਆ ਕਿ ਗਊਸ਼ਾਲਾਵਾਂ ਵਿਚ ਰੱਖੇ ਹਰ ਗਊਧਨ ਦੀ ਸਾਂਭ-ਸੰਭਾਲ ਲਈ 61 ਰੁਪਏ ਪ੍ਰਤੀ ਦਿਨ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ। ਇਸ ਨੂੰ ਲਾਗੂ ਕਰਨ ਲਈ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਇਸ ਤੋਂ ਪਹਿਲਾਂ ਉਨ੍ਹਾਂ ਪਸ਼ੂ ਪਾਲਣ ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸਥਾਰਤ ਮੀਟਿੰਗ ਦੌਰਾਨ ਸਰਕਾਰੀ ਗਊਸ਼ਾਲਾਵਾਂ ਦੇ ਪ੍ਰਬੰਧਾਂ, ਕਾਓਸੈੱਸ, ਗਊ-ਮਾਸ ਤੇ ਗਊ-ਸਮਗਲਿੰਗ ਦੀ ਰੋਕਥਾਮ ਅਤੇ ਹੋਰਨਾਂ ਮੁੱਦਿਆਂ ਆਦਿ ਤੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਦੌਰਾਨ ਉਨ੍ਹਾਂ ਸਰਕਾਰੀ ਕੈਟਲ ਪਾਊਂਡ ਦੁਬਲੀ ਦੇ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ।

ਮੀਟਿੰਗ ਦੌਰਾਨ ਤਰਨ ਤਾਰਨ ਜ਼ਿਲ੍ਹੇ ਦੀਆਂ 5 ਗਊਸ਼ਾਲਾਵਾਂ ਨੂੰ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਰਜਿਸਟ੍ਰੇਸ਼ਨ ਸਰਟੀਫਿਕੇਟ ਵੀ ਵੰਡੇ ਗਏ। ਇਨ੍ਹਾਂ ਵਿੱਚ ਧੰਨ ਧੰਨ ਬਾਬਾ ਸ਼ੇਖ ਬ੍ਰਹਮ ਪੀਰ ਜੀ ਗਊਸ਼ਾਲਾ ਚੀਮਾ ਕਲਾਂ, ਮਾਝਾ ਗਊਸ਼ਾਲਾ ਕਮੇਟੀ ਵੱਡੀ ਮੰਡੀ ਪੱਟੀ, ਸਵਾਮੀ ਆਤਮਾ ਰਾਮ ਮੰਦਰ ਟਰੱਸਟ ਨੌਂ ਪੰਨੂਆਂ, ਬਾਬਾ ਸ਼ਿਵ ਰਾਮ ਗਊਸ਼ਾਲਾ ਕਮੇਟੀ ਪਿੰਡ ਅਸਲ ਉਤਾੜ ਅਤੇ ਸਰਕਾਰੀ ਕੈਟਲ ਪਾਊਂਡ ਪਿੰਡ ਦੁਬਲੀ ਸ਼ਾਮਲ ਸਨ। ਇਸ ਮੌਕੇ ਉੱਪ ਚੇਅਰਮੈਨ ਕੀਮਤੀ ਭਗਤ ਨੇ ਨਿੱਜੀ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਵੱਲੋਂ ਕੀਤੇ ਜਾ ਰਹੇ ਕੰਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਰਕਾਰ ਨਾਲ ਮਿਲ ਕੇ ਲਾਵਾਰਿਸ ਗਊਧਨ ਦੀ ਸਾਂਭ-ਸੰਭਾਲ ਲਈ ਹੋਰ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਸਮੇਂ ਦੌਰਾਨ ਇਕੱਠੇ ਹੋਏ ਗਊ ਸੇਵਾ ਸੈੱਸ ਦੀ ਸਾਰੀ ਰਕਮ ਗਊਧਨ ਦੀ ਸੇਵਾ, ਸਾਂਭ-ਸੰਭਾਲ ਤੇ ਸੁਰੱਖਿਆ 'ਤੇ ਹੀ ਖਰਚਣੀ ਯਕੀਨੀ ਬਣਾਈ ਜਾਵੇ। ਸੜਕਾਂ 'ਤੇ ਘੁੰਮ ਰਹੇ ਲਾਵਾਰਿਸ ਤੇ ਬੇਸਹਾਰਾ ਗਊਧਨ ਨੂੰ ਜਲਦ ਤੋਂ ਜਲਦ ਗਊਸ਼ਾਲਾਵਾਂ 'ਚ ਪਹੁੰਚਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਐਸ.ਡੀ.ਐਮ ਪੱਟੀ ਅਮਨਦੀਪ, ਡੀ.ਐਸ.ਪੀ ਜਸਪਾਲ ਸਿੰਘ, ਨਾਇਬ ਤਹਿਸੀਲਦਾਰ ਰਤਨਜੀਤ ਖੁੱਲਰ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਅਮਨਦੀਪ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਡਾ. ਕੁਸਮ ਅਗਰਵਾਲ, ਸੀਨੀਅਰ ਵੈਟਰਨਰੀ ਅਫ਼ਸਰ ਪੱਟੀ ਡਾ. ਤੇਜਬੀਰ ਸਿੰਘ ਰੰਧਾਵਾ, ਸਮੂਹ ਕਾਰਜ ਸਾਧਕ ਅਫ਼ਸਰ, ਬੀ.ਡੀ.ਪੀ.ਓਜ਼, ਗਊਸ਼ਾਲਾਵਾਂ ਦੇ ਪ੍ਰਬੰਧਕ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਬਾਲ ਰਾਮਲੀਲਾ ਮੰਚਨ ਦੌਰਾਨ ਸੋਨੀ ਸਰਪੰਚ ਅਤੇ ਜੱਸੀ ਆਸਟਰੇਲੀਆ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ

**ਮਾਛੀਵਾੜਾ ਸਾਹਿਬ, 15 ਅਕਤੂਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਦੇ ਇੰਦਰਾਂ ਕਲੋਨੀ ਵਿੱਚ ਪਿਛਲੇ ਦਿਨਾਂ ਤੋਂ ਬਾਲ ਰਾਮਲੀਲਾ ਕਮੇਟੀ ਵਲੋਂ ਰਾਮਲੀਲਾ ਮੰਚਨ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਬੀਤੀ ਰਾਤ ਮਾਛੀਵਾੜਾ ਦੇ ਬਲਾਕ ਸੋਸ਼ਲ ਮੀਡੀਆ ਇੰਚਾਰਜ ਅਤੇ ਯੂਥ ਕਾਂਗਰਸ ਆਗੂ ਸੁਖਦੀਪ ਸਿੰਘ ਸੋਨੀ (ਐਸ.ਐਸ. ਪ੍ਰੋਪਰਟੀ ਹੱਬ ਵਾਲੇ) ਅਤੇ ਜੱਸੀ ਆਸਟ੍ਰੇਲੀਆ ਨੇ ਸੰਯੁਕਤ ਰੂਪ ਵਿਚ ਰਿਬਨ ਕੱਟ ਕੇ ਮੰਚਨ ਦੀ ਸ਼ੁਰੂਆਤ ਕਰਵਾਈ। ਉਕਤ ਆਗੂਆਂ ਨੇ ਕਿਹਾ ਕਿ ਛੋਟੇ-ਛੋਟੇ ਬੱਚੇ ਰਾਮਲੀਲਾ ਮੰਚਨ ਕਰ ਸਾਡੇ ਸਮਾਜ ਨੂੰ ਸੇਧ ਦੇ ਰਹੇ ਹਨ ਅਤੇ ਸੱਚਾਈ ਦੇ ਰਸਤੇ ਤੇ ਚੱਲਣ ਲਈ ਸਭ ਨੂੰ ਪ੍ਰੇਰਿਤ ਕਰ ਰਹੇ ਹਨ। ਉਨ੍ਹਾਂ ਪ੍ਰਬੰਧਕ ਕਮੇਟੀ ਨੂੰ ਇਸ ਗੱਲ ਦੀ ਵਧਾਈ ਦਿੱਤੀ ਕਿ ਹਰ ਸਾਲ ਇਨ੍ਹਾਂ ਛੋਟੇ ਬੱਚਿਆਂ ਨੂੰ ਪ੍ਰੇਰਿਤ ਕਰਕੇ ਦੋ ਬਾਲ ਰਾਮਲੀਲਾ ਕਰਵਾਈ ਜਾਂਦੀ ਹੈ,ਉਹ ਕਾਬਲੇ ਤਾਰੀਫ ਹੈ, ਕਿਉਂਕਿ ਇਸ ਉਮਰ ਵਿੱਚ ਇਹ ਛੋਟੇ ਕਲਾਕਾਰ ਜਿੱਥੇ ਕਲਾਕਾਰੀ ਵਿੱਚ ਪਰਪੱਕ ਹੋ ਰਹੇ ਹਨ ਉੱਥੇ ਹੀ ਆਪਣੇ ਜੀਵਨ ਵਿੱਚ ਵੀ ਉੱਚ ਮੰਜ਼ਿਲਾਂ ਨੂੰ ਸਰ ਕਰਨਗੇ।

